Title code : CHAMUL00914 | E-mail : Info@paigamejagat.com | ਐਤਵਾਰ, 27 ਸਤੰਬਰ 2026, ਸਾਲ-4, ਅੰਕ-8, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

PAIGAM-E-JAGAT
ਪੈ.ਗਾਮ-ਏ-ਜਗਤ

ਮੈਂ 2027 ਵਿੱਚ ਖੇਡਾਂਗਾ ਆਪਣਾ ਆਖਰੀ ਵਿਸ਼ਵ ਕੱਪ : ਕੋਹਲੀ

ਟਰਾਫੀ ਜਿੱਤਣ ਲਈ ਮੈਂ ਆਪਣਾ ਸਭ ਕੁਝ ਦਾਅ ’ਤੇ ਲਗਾ ਦੇਵਾਂਗਾ

ਨਵੀਂ ਦਿੱਲੀ, 26 ਸਤੰਬਰ (ਪੈ.ਗਾਮ-ਏ-ਜਗਤ)

ਭਾਰਤ ਦੇ ਸਟਾਰ ਬੱਲੇਬਾਜ਼ ਵਿਰਾਟ ਕੋਹਲੀ ਨੇ 2027 ਵਨਡੇ ਵਿਸ਼ਵ ਕੱਪ ਬਾਰੇ ਆਪਣੇ ਇਰਾਦੇ ਸਪੱਸ਼ਟ ਕਰ ਦਿੱਤੇ ਹਨ। ਕੋਹਲੀ ਨੇ ਕਿਹਾ ਕਿ ਦੱਖਣੀ ਅਫਰੀਕਾ ਵਿੱਚ ਹੋਣ ਵਾਲਾ 2027 ਆਈਸੀਸੀ ਪੁਰਸ਼ ਕ੍ਰਿਕਟ ਵਿਸ਼ਵ ਕੱਪ ਭਾਰਤ ਲਈ ਉਨ੍ਹਾਂ ਦਾ ਆਖਰੀ ਵਨਡੇ ਵਿਸ਼ਵ ਕੱਪ ਹੋਵੇਗਾ ਅਤੇ ਉਹ ਖਿਤਾਬ ਜਿੱਤਣ ਲਈ ਲੋੜੀਂਦੀ ਹਰ ਕੋਸ਼ਿਸ਼ ਕਰਨ ਵਾਸਤੇ ਪੂਰੀ ਤਰ੍ਹਾਂ ਤਿਆਰ ਹਨ। ਭਾਰਤ ਦੇ ਦੋ ਦਿੱਗਜ ਖਿਡਾਰੀ, ਵਿਰਾਟ ਕੋਹਲੀ ਅਤੇ ਰੋਹਿਤ ਸ਼ਰਮਾ, ਹੁਣ ਅੰਤਰਰਾਸ਼ਟਰੀ ਪੱਧਰ ’ਤੇ ਸਿਰਫ਼ ਇੱਕ ਹੀ ਫਾਰਮੈਟ ਖੇਡ ਰਹੇ ਹਨ। ਦੋਵਾਂ ਦੀਆਂ ਨਜ਼ਰਾਂ 2027 ਦੇ ਵਿਸ਼ਵ ਕੱਪ ’ਤੇ ਟਿਕੀਆਂ ਹੋਈਆਂ ਹਨ ਅਤੇ ਇਸ ਟੂਰਨਾਮੈਂਟ ਦੀਆਂ ਤਿਆਰੀਆਂ ਐਤਵਾਰ ਤੋਂ ਵੈਸਟਇੰਡੀਜ਼ ਵਿਰੁੱਧ ਸ਼ੁਰੂ ਹੋਣ ਵਾਲੇ ਨਵੇਂ ਘਰੇਲੂ ਸੀਜ਼ਨ ਨਾਲ ਸ਼ੁਰੂ ਹੋਣਗੀਆਂ। ਪਹਿਲੇ ਵਨਡੇ ਤੋਂ ਪਹਿਲਾਂ ’ਜੀਓਸਟਾਰ’ ਨਾਲ ਗੱਲਬਾਤ ਕਰਦਿਆਂ ਕੋਹਲੀ ਨੇ 50-ਓਵਰਾਂ ਦੇ ਵਿਸ਼ਵ ਕੱਪ ਦੀਆਂ ਚੁਣੌਤੀਆਂ ਅਤੇ ਆਪਣੀ ਪ੍ਰੇਰਣਾ ਦੇ ਸਰੋਤ ਬਾਰੇ ਚਰਚਾ ਕੀਤੀ। ਕੋਹਲੀ ਨੇ ਕਿਹਾ, 50-ਓਵਰਾਂ ਦੇ ਵਿਸ਼ਵ ਕੱਪ ਦੀ ਤੀਬਰਤਾ ਕਿਸੇ ਵੀ ਹੋਰ ਚੀਜ਼ ਨਾਲੋਂ ਵੱਧ ਹੁੰਦੀ ਹੈ। ਇਸ ਵਿੱਚ 10 ਮੈਚ ਖੇਡੇ ਜਾਂਦੇ ਹਨ ਜੋ ਟੀ-20 ਪੱਧਰ ਦੀ ਤੀਬਰਤਾ ਨਾਲ ਖੇਡੇ ਜਾਂਦੇ ਹਨ। ਪਰ ਅਸਲ ਵਿੱਚ, ਤੁਸੀਂ ਇੱਕ ਦਿਨ ਵਿੱਚ ਢਾਈ ਟੀ-20 ਮੈਚਾਂ ਦੇ ਬਰਾਬਰ ਖੇਡ ਰਹੇ ਹੁੰਦੇ ਹੋ। ਇੱਕ ਵੱਡੇ ਟੂਰਨਾਮੈਂਟ ਅਤੇ 10 ਵਿਸ਼ਵ ਕੱਪ ਮੈਚਾਂ ਦੌਰਾਨ ਉਸ ਪੱਧਰ ਦੀ ਤੀਬਰਤਾ ਨੂੰ ਬਣਾਈ ਰੱਖਣਾ ਇੱਕ ਬਹੁਤ ਵੱਡਾ ਕੰਮ ਹੈ। ਨਾਲ ਹੀ, ਇਹ ਵਿਦੇਸ਼ੀ ਹਾਲਾਤਾਂ ਵਿੱਚ ਖੇਡਿਆ ਜਾਂਦਾ ਹੈ। ਇਹ ਤੁਹਾਡੇ ਤੋਂ ਬਹੁਤ ਕੁਝ ਮੰਗਦਾ ਹੈ। ਉਨ੍ਹਾਂ ਅੱਗੇ ਕਿਹਾ, ਮੇਰੇ ਲਈ, ਇਹ ਆਖਰੀ ਵਿਸ਼ਵ ਕੱਪ ਹੈ ਜੋ ਮੈਂ ਭਾਰਤ ਲਈ ਖੇਡਾਂਗਾ। ਇਹੀ ਮੇਰੀ ਪ੍ਰੇਰਣਾ ਹੈ। ਮੈਂ ਮੈਦਾਨ ’ਤੇ ਆਪਣਾ ਸਭ ਕੁਝ ਝੋਕ ਦੇਣਾ ਚਾਹੁੰਦਾ ਹਾਂ। ਜ਼ਾਹਰ ਹੈ ਕਿ ਟੀਚਾ ਵਿਸ਼ਵ ਕੱਪ ਜਿੱਤਣਾ ਹੈ, ਅਤੇ ਮੈਂ ਇਸਨੂੰ ਪ੍ਰਾਪਤ ਕਰਨ ਲਈ ਲੋੜੀਂਦੀ ਹਰ ਚੀਜ਼ ਕਰਨ ਵਾਸਤੇ ਪੂਰੀ ਤਰ੍ਹਾਂ ਤਿਆਰ ਹਾਂ।



ਵਿਸ਼ਵ ਕੱਪ ਵਿੱਚ ਕੋਹਲੀ ਦਾ ਸ਼ਾਨਦਾਰ ਰਿਕਾਰਡ

ਵਿਰਾਟ ਕੋਹਲੀ ਵਿਸ਼ਵ ਕੱਪ ਦੇ ਇਤਿਹਾਸ ਵਿੱਚ ਸਭ ਤੋਂ ਸਫਲ ਬੱਲੇਬਾਜ਼ਾਂ ਵਿੱਚੋਂ ਇੱਕ ਹਨ। ਉਨ੍ਹਾਂ ਨੇ ਹੁਣ ਤੱਕ 37 ਵਨਡੇ ਵਿਸ਼ਵ ਕੱਪ ਮੈਚ ਖੇਡੇ ਹਨ ਅਤੇ 59.83 ਦੀ ਔਸਤ ਨਾਲ 1,795 ਦੌੜਾਂ ਬਣਾਈਆਂ ਹਨ। ਇਸ ਸਮੇਂ ਦੌਰਾਨ, ਉਸਨੇ 5 ਸੈਂਕੜੇ ਅਤੇ 12 ਅਰਧ-ਸੈਂਕੜੇ ਲਗਾਏ ਹਨ। ਉਸਦਾ ਸਭ ਤੋਂ ਵੱਧ ਸਕੋਰ 117 ਦੌੜਾਂ ਹੈ।

ਆਪਣੇ ਪੂਰੇ ਵਨਡੇ ਕਰੀਅਰ ਦੌਰਾਨ, ਕੋਹਲੀ ਨੇ 302 ਪਾਰੀਆਂ ਵਿੱਚ 14,941 ਦੌੜਾਂ ਬਣਾਈਆਂ ਹਨ। ਉਸਦੀ ਬੱਲੇਬਾਜ਼ੀ ਔਸਤ 58.59 ਹੈ ਅਤੇ ਉਸਨੇ 54 ਸੈਂਕੜੇ ਤੇ 79 ਅਰਧ-ਸੈਂਕੜੇ ਦਰਜ ਕੀਤੇ ਹਨ। ਵਨਡੇ ਵਿੱਚ ਉਸਦਾ ਸਭ ਤੋਂ ਵੱਧ ਸਕੋਰ 183 ਦੌੜਾਂ ਹੈ ਅਤੇ ਉਸਦੀ ਸਟ੍ਰਾਈਕ ਰੇਟ 93.95 ਰਹੀ ਹੈ।

ਕੋਹਲੀ ਦਾ ਟੀ-20 ਵਿਸ਼ਵ ਕੱਪ ਵਿੱਚ ਵੀ ਸ਼ਾਨਦਾਰ ਰਿਕਾਰਡ ਰਿਹਾ ਹੈ। ਉਸਨੇ 35 ਮੈਚਾਂ ਵਿੱਚ 58.73 ਦੀ ਔਸਤ ਨਾਲ 1,292 ਦੌੜਾਂ ਬਣਾਈਆਂ ਹਨ। ਉਸਦੇ ਨਾਮ 15 ਅਰਧ-ਸੈਂਕੜੇ ਦਰਜ ਹਨ—ਜੋ ਕਿ ਟੂਰਨਾਮੈਂਟ ਦੇ ਇਤਿਹਾਸ ਵਿੱਚ ਸਭ ਤੋਂ ਵੱਧ ਹਨ। ਕੋਹਲੀ ਨੂੰ 2014 ਅਤੇ 2016 ਵਿੱਚ ਦੋ ਵਾਰ ਟੀ-20 ਵਿਸ਼ਵ ਕੱਪ ਦਾ ’ਪਲੇਅਰ ਆਫ਼ ਦ ਟੂਰਨਾਮੈਂਟ’ ਵੀ ਚੁਣਿਆ ਗਿਆ ਹੈ।





ਭਾਰਤੀ ਮਹਿਲਾ ਤੇ ਪੁਰਸ਼ ਕਬੱਡੀ ਨੇ ਟੀਮ ਨੇ ਇਰਾਨ ਨੂੰ ਹਰਾ ਕੇ ਸੋਨ ਤ.ਗਮੇਂ ਜਿੱਤੇ

ਮਹਿਲਾ ਕਬੱਡੀ ਟੀਮ ਨੇ ਫਾਈਨਲ ਵਿੱਚ ਇਰਾਨ ਨੂੰ 37-34 ਨਾਲ ਹਰਾਇਆ; ਭਾਰਤ ਨੇ ਪੂਰੇ ਟੂਰਨਾਮੈਂਟ ਵਿੱਚ ਜਾਰੀ ਰੱਖਿਆ ਜੇਤੂ ਸ.ਫ਼ਰ

ਚੰਡੀਗੜ੍ਹ, 26 ਸਤੰਬਰ (ਪੈ.ਗਾਮ-ਏ-ਜਗਤ)

ਭਾਰਤੀ ਮਹਿਲਾ ਕਬੱਡੀ ਟੀਮ ਨੇ ਸ਼ਨਿਚਰਵਾਰ ਨੂੰ ਇਰਾਨ ਨੂੰ 37-34 ਨਾਲ ਹਰਾ ਕੇ ਏਸ਼ਿਆਈ ਖੇਡਾਂ ਵਿੱਚ ਸੋਨ ਤ.ਗਮਾ ਜਿੱਤ ਲਿਆ। ਭਾਰਤੀ ਟੀਮ ਨੇ ਫਾਈਨਲ ਵਿੱਚ ਸ਼ਾਨਦਾਰ ਖੇਡ ਦਿਖਾਉਂਦਿਆਂ ਸਖ਼ਤ ਮੁਕਾਬਲੇ ਵਿੱਚ ਇਰਾਨ ਨੂੰ ਮਾਤ ਦਿੱਤੀ ਅਤੇ ਖ਼ਿਤਾਬ ਆਪਣੇ ਨਾਂ ਕੀਤਾ। ਇਹ ਮੁਕਾਬਲਾ ਆਇਚੀ-ਨਾਗੋਆ ਵਿੱਚ ਹੋਇਆ। ਭਾਰਤੀ ਟੀਮ ਲਈ ਇਹ ਜਿੱਤ ਇਸ ਲਈ ਵੀ ਮਹੱਤਵਪੂਰਨ ਰਹੀ ਕਿਉਂਕਿ ਉਸ ਨੇ ਪੂਰੇ ਟੂਰਨਾਮੈਂਟ ਦੌਰਾਨ ਆਪਣਾ ਜੇਤੂ ਸ.ਫ਼ਰ ਜਾਰੀ ਰੱਖਿਆ। ਭਾਰਤ ਨੇ ਗਰੁੱਪ ਗੇੜ ਵਿੱਚ ਬੰਗਲਾਦੇਸ਼, ਇਰਾਨ ਅਤੇ ਜਾਪਾਨ ਨੂੰ ਹਰਾਇਆ ਸੀ। ਇਸ ਤੋਂ ਬਾਅਦ ਸੈਮੀਫਾਈਨਲ ਵਿੱਚ ਨੇਪਾਲ ਨੂੰ 48-24 ਨਾਲ ਹਰਾ ਕੇ ਫਾਈਨਲ ਵਿੱਚ ਥਾਂ ਬਣਾਈ ਸੀ। ਫਾਈਨਲ ਵਿੱਚ ਭਾਰਤ ਅਤੇ ਇਰਾਨ ਵਿਚਾਲੇ ਸ਼ੁਰੂ ਤੋਂ ਹੀ ਸਖ਼ਤ ਟੱਕਰ ਦੇਖਣ ਨੂੰ ਮਿਲੀ। ਦੋਵਾਂ ਟੀਮਾਂ ਨੇ ਲਗਾਤਾਰ ਅੰਕ ਹਾਸਲ ਕੀਤੇ ਅਤੇ ਮੁਕਾਬਲਾ ਆਖ਼ਰ ਤੱਕ ਰੌਮਾਂਚਕ ਬਣਿਆ ਰਿਹਾ। ਭਾਰਤੀ ਖਿਡਾਰਨਾਂ ਨੇ ਦਬਾਅ ਦੇ ਬਾਵਜੂਦ ਆਪਣੀ ਖੇਡ ਵਿੱਚ ਇਕਾਗਰਤਾ ਬਣਾਈ ਰੱਖੀ ਅਤੇ ਆਖ਼ਰ ਵਿੱਚ 37-34 ਨਾਲ ਜਿੱਤ ਦਰਜ ਕਰ ਲਈ।

ਪੁਰਸ਼ ਕਬੱਡੀ ਵਿੱਚ ਨੌਵੀਂ ਵਾਰ ਜਿੱਤਿਆ ਸੋਨ ਤਗਮਾ, ਇਰਾਨ ਨੂੰ ਫਾਈਨਲ ਵਿੱਚ 40-34 ਨਾਲ ਹਰਾਇਆ

ਨਾਗੋਆ, 26 ਸਤੰਬਰ (ਪੈ.ਗਾਮ-ਏ-ਜਗਤ)

ਭਾਰਤ ਨੇ ਏਸ਼ਿਆਈ ਖੇਡਾਂ 2026 ਵਿੱਚ ਕਬੱਡੀ ਦਾ ਸੋਨ ਤਗਮਾ ਜਿੱਤਣ ਦਾ ਸਿਲਸਿਲਾ ਜਾਰੀ ਰੱਖਦਿਆਂ ਸ਼ਨਿਚਰਵਾਰ ਨੂੰ ਪੁਰਸ਼ਾਂ ਦੇ ਫਾਈਨਲ ਵਿੱਚ ਇਰਾਨ ਨੂੰ 40-34 ਨਾਲ ਹਰਾ ਦਿੱਤਾ। ਇਸ ਜਿੱਤ ਨਾਲ ਭਾਰਤੀ ਪੁਰਸ਼ ਕਬੱਡੀ ਟੀਮ ਨੇ ਏਸ਼ਿਆਈ ਖੇਡਾਂ ਵਿੱਚ ਆਪਣਾ ਨੌਵਾਂ ਸੋਨ ਤਗਮਾ ਜਿੱਤਿਆ। ਭਾਰਤ ਨੇ 2018 ਦੀਆਂ ਜਕਾਰਤਾ ਏਸ਼ਿਆਈ ਖੇਡਾਂ ਨੂੰ ਛੱਡ ਕੇ ਹਰ ਵਾਰ ਪੁਰਸ਼ ਕਬੱਡੀ ਵਿੱਚ ਸੋਨ ਤਗਮਾ ਜਿੱਤਿਆ ਹੈ। 2018 ਵਿੱਚ ਇਰਾਨ ਨੇ ਖ਼ਿਤਾਬ ਜਿੱਤਿਆ ਸੀ, ਜਦਕਿ ਭਾਰਤ ਨੂੰ ਕਾਂਸੀ ਤਗਮੇ ਨਾਲ ਸਬਰ ਕਰਨਾ ਪਿਆ ਸੀ।

ਭਾਰਤ ਨੇ ਸ਼ਾਨਦਾਰ ਮੁਹਿੰਮ ਦੌਰਾਨ ਆਪਣਾ ਦਬਦਬਾ ਕਾਇਮ ਰੱਖਿਆ। ਟੀਮ ਨੇ ਗਰੁੱਪ ਗੇੜ ਵਿੱਚ ਜਾਪਾਨ, ਚੀਨੀ ਤਾਈਪੇਈ, ਬੰਗਲਾਦੇਸ਼ ਅਤੇ ਦੱਖਣੀ ਕੋਰੀਆ ਨੂੰ ਹਰਾਉਂਦਿਆਂ ਜੇਤੂ ਰਹਿ ਕੇ ਸਿਖਰਲਾ ਸਥਾਨ ਹਾਸਲ ਕੀਤਾ। ਇਸ ਤੋਂ ਬਾਅਦ ਸੈਮੀਫਾਈਨਲ ਵਿੱਚ ਥਾਈਲੈਂਡ ਨੂੰ 66-28 ਨਾਲ ਹਰਾ ਕੇ ਫਾਈਨਲ ਵਿੱਚ ਥਾਂ ਬਣਾਈ।



ਜਪਾਨ ’ਚ ਛਾਏ ਚੰਡੀਗੜ੍ਹ ਯੂਨੀਵਰਸਿਟੀ ਦੇ ਖਿਡਾਰੀ, ਭਾਰਤ ਨੂੰ ਦਿਵਾਏ 3 ਗੋਲਡ ਮੈਡਲ

ਚੰਡੀਗੜ੍ਹ, 26 ਸਤੰਬਰ (ਪੈ.ਗਾਮ-ਏ-ਜਗਤ)

ਜਪਾਨ ਵਿੱਚ ਹੋ ਰਹੀਆਂ ਏਸ਼ੀਅਨ ਗੇਮਜ਼ 2026 ਵਿੱਚ ਭਾਰਤ ਵੱਲੋਂ ਹੁਣ ਤੱਕ ਜਿੱਤੇ ਗਏ ਕੁੱਲ ਚਾਰ ਸੋਨ ਤਗਮਿਆਂ ਵਿੱਚੋਂ ਤਿੰਨ ਸੋਨ ਤਗਮੇ ਆਪਣੇ ਨਾਂ ਕਰਕੇ ਚੰਡੀਗੜ੍ਹ ਯੂਨੀਵਰਸਿਟੀ ਦੇ ਵਿਦਿਆਰਥੀ ਖਿਡਾਰੀਆਂ ਨੇ ਇਸ ਮਹਾਂਦੀਪੀ ਖੇਡ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਤਗਮਿਆਂ ਦੀ ਇਹ ਸ਼ਾਨਦਾਰ ਪ੍ਰਾਪਤੀ 10 ਮੀਟਰ ਏਅਰ ਪਿਸਟਲ ਮਿਸ਼ਰਤ ਟੀਮ, ਮਹਿਲਾ ਕਬੱਡੀ ਅਤੇ ਪੁਰਸ਼ ਕਬੱਡੀ ਮੁਕਾਬਲਿਆਂ ਵਿੱਚ ਹੋਈ ਹੈ, ਜਿਸ ਨਾਲ ਏਸ਼ੀਆ ਦੇ ਸਭ ਤੋਂ ਵੱਡੇ ਬਹੁ ਖੇਡ ਮੁਕਾਬਲਿਆਂ ਵਿੱਚੋਂ ਇੱਕ ਵਿੱਚ ਭਾਰਤ ਦੀ ਸੁਨਹਿਰੀ ਮੁਹਿੰਮ ਦੇ ਕੇਂਦਰ ਵਿੱਚ ਚੰਡੀਗੜ੍ਹ ਯੂਨੀਵਰਸਿਟੀ ਦੇ ਖਿਡਾਰੀ ਰਹੇ ਹਨ। ਏਸ਼ੀਅਨ ਗੇਮਜ਼ 2026 ਵਿੱਚ ਕਬੱਡੀ ਚੰਡੀਗੜ੍ਹ ਯੂਨੀਵਰਸਿਟੀ ਲਈ ਸੁਨਹਿਰੀ ਮੈਦਾਨ ਸਾਬਤ ਹੋਈ। ਭਾਰਤ ਦੀਆਂ ਪੁਰਸ਼ ਅਤੇ ਮਹਿਲਾ ਕਬੱਡੀ ਟੀਮਾਂ ਵਿੱਚ ਸੀਯੂ ਦੇ ਚਾਰ ਖਿਡਾਰੀ ਸ਼ਾਮਲ ਰਹੇ ਅਤੇ ਦੋਵਾਂ ਟੀਮਾਂ ਨੇ ਆਪੋ ਆਪਣੇ ਮੁਕਾਬਲਿਆਂ ਵਿੱਚ ਸੋਨ ਤਗਮੇ ਹਾਸਲ ਕੀਤੇ। ਚੰਡੀਗੜ੍ਹ ਯੂਨੀਵਰਸਿਟੀ ਦੀ ਪੁਸ਼ਪਾ ਰਾਣਾ ਦੀ ਕਪਤਾਨੀ ਹੇਠ ਭਾਰਤੀ ਮਹਿਲਾ ਕਬੱਡੀ ਟੀਮ ਨੇ ਸੋਨ ਤਗਮਾ ਜਿੱਤਿਆ, ਉੱਥੇ ਹੀ ਪੁਰਸ਼ ਕਬੱਡੀ ਟੀਮ ਦੇ ਉਪ ਕਪਤਾਨ ਪਵਨ ਸਹਿਰਾਵਤ ਦੇ ਨਾਲ ਸੀਯੂ ਦੇ ਖਿਡਾਰੀ ਅਸਲਮ ਇਨਾਮਦਾਰ ਅਤੇ ਆਸ਼ੂ ਮਲਿਕ ਨੇ ਭਾਰਤ ਦੀ ਪੁਰਸ਼ ਮੁਹਿੰਮ ਨੂੰ ਇੱਕ ਹੋਰ ਸੋਨ ਤਗਮੇ ਤੱਕ ਪਹੁੰਚਾਇਆ। ਇਸ ਤਰ੍ਹਾਂ ਸੀਯੂ ਦੇ ਇਹ ਚਾਰ ਖਿਡਾਰੀ ਆਇਚੀ ਨਾਗੋਯਾ ਏਸ਼ੀਅਨ ਗੇਮਜ਼ ਵਿੱਚ ਸੋਨ ਤਗਮਾ ਜਿੱਤਣ ਵਾਲੀਆਂ ਭਾਰਤ ਦੀਆਂ ਦੋਵੇਂ ਕਬੱਡੀ ਟੀਮਾਂ ਦਾ ਹਿੱਸਾ ਰਹੇ।

ਜਾਪਾਨ ਨੂੰ 2-0 ਨਾਲ ਹਰਾ ਕੇ ਏਸ਼ੀਅਨ ਗੇਮਜ਼ ਹਾਕੀ ਦੇ ਸੈਮੀਫਾਈਨਲ ਵਿੱਚ ਪੁੱਜਿਆ ਭਾਰਤ

ਭਾਰਤੀ ਟੀਮ ਨੇ ਲਗਾਤਾਰ ਚੌਥੀ ਜਿੱਤ ਦਰਜ ਕੀਤੀ

ਨਾਗੋਆ, 26 ਸਤੰਬਰ (ਪੈ.ਗਾਮ-ਏ-ਜਗਤ)



ਏਸ਼ਿਆਈ ਖੇਡਾਂ 2026 ਦੇ ਸੱਤਵੇਂ ਦਿਨ ਭਾਰਤੀ ਐਥਲੀਟਾਂ ਦਾ ਸ਼ਾਨਦਾਰ ਪ੍ਰਦਰਸ਼ਨ ਜਾਰੀ ਹੈ। ਸਾਬਕਾ ਚੈਂਪੀਅਨ ਭਾਰਤ ਨੇ ਮੇਜ਼ਬਾਨ ਜਾਪਾਨ ਨੂੰ 2-0 ਨਾਲ ਹਰਾ ਕੇ ਏਸ਼ੀਅਨ ਗੇਮਜ਼ ਪੁਰਸ਼ ਹਾਕੀ ਮੁਕਾਬਲੇ ਦੇ ਸੈਮੀਫਾਈਨਲ ਵਿੱਚ ਦਾਖ਼ਲਾ ਹਾਸਲ ਕਰ ਲਿਆ ਹੈ।

ਭਾਰਤ ਨੇ ਇਸ ਤੋਂ ਪਹਿਲਾਂ ਆਪਣੇ ਸ਼ੁਰੂਆਤੀ ਤਿੰਨ ਪੂਲ ਮੈਚਾਂ ਵਿੱਚ ਇੰਡੋਨੇਸ਼ੀਆ ਨੂੰ 13-1, ਸ੍ਰੀਲੰਕਾ ਨੂੰ 16-1 ਅਤੇ ਦੱਖਣੀ ਕੋਰੀਆ ਨੂੰ 8-2 ਨਾਲ ਕਰਾਰੀ ਹਾਰ ਦਿੱਤੀ ਸੀ। ਜਾਪਾਨ ਖ਼ਿਲਾਫ਼ ਮਿਲੀ ਇਹ ਜਿੱਤ ਟੂਰਨਾਮੈਂਟ ਵਿੱਚ ਭਾਰਤ ਦੀ ਲਗਾਤਾਰ ਚੌਥੀ ਜਿੱਤ ਹੈ ਜਿਸ ਨਾਲ ਟੀਮ ਦੀ ਜੇਤੂ ਮੁਹਿੰਮ ਜਾਰੀ ਹੈ। ਹੁਣ ਭਾਰਤ ਆਪਣਾ ਆਖਰੀ ਪੂਲ ਮੈਚ 28 ਸਤੰਬਰ ਨੂੰ ਬੰਗਲਾਦੇਸ਼ ਖ਼ਿਲਾਫ਼ ਖੇਡੇਗਾ। ਸਾਵਨ ਬਾਰਵਾਲ ਤੋਂ ਬਾਅਦ ਹੁਣ ਭਾਰਤ ਦੀ ਮਹਿਲਾ ਨਿਸ਼ਾਨੇਬਾਜ਼ ਟੀਮ ਨੇ ਦੇਸ਼ ਦੀ ਝੋਲੀ ਵਿੱਚ ਇੱਕ ਹੋਰ ਚਾਂਦੀ ਦਾ ਤਗਮਾ ਪਾਇਆ ਹੈ। ਤਿਲੋਤਮਾ ਸੇਨ, ਵਿਦਾਰਸਾ ਵਿਨੋਦ ਅਤੇ ਆਸ਼ੀ ਚੌਕਸੀ ਦੀ ਭਾਰਤੀ ਤਿਕੜੀ ਨੇ ਔਰਤਾਂ ਦੇ 50 ਮੀਟਰ ਰਾਈਫਲ 3 ਪੋਜ਼ੀਸ਼ਨ ਟੀਮ ਈਵੈਂਟ ਵਿੱਚ ਚੰਗਾ ਪ੍ਰਦਰਸ਼ਨ ਕਰਦਿਆਂ (ਬਾਕੀ ਸਫ਼ਾ 2 ’ਤੇ)

ਏ.ਐੱਸ.ਆਈ. ਜਸਵੰਤ ਸਿੰਘ ਨੂੰ ਗੋਲੀ ਮਾਰਨ ਵਾਲਾ ਪੁਲੀਸ ਮੁਕਾਬਲੇ ’ਚ ਹਲਾਕ

- 19 ਸਾਲਾ ਲੜਕੇ ਨੇ ਪੁਲੀਸ ਅਧਿਕਾਰੀ ਨੂੰ ਮਾਰੀ ਸੀ ਗੋਲੀ

ਚੇਤਨਪੁਰਾ, 26 ਸਤੰਬਰ (ਪੈ.ਗਾਮ-ਏ-ਜਗਤ)

ਏ.ਐਸ.ਆਈ. ਜਸਵੰਤ ਸਿੰਘ ’ਤੇ ਗੋਲੀ ਚਲਾਉਣ ਦੇ ਮਾਮਲੇ ਵਿੱਚ ਲੋੜੀਂਦਾ ਕਰਨਬੀਰ ਸਿੰਘ 19 ਸਾਲਾਂ ਦਾ ਸੀ।

ਆਈ ਜੀ ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਝੰਡੇਰ ਪੁਲੀਸ ਸਟੇਸ਼ਨ ਨੂੰ ਸੂਚਨਾ ਮਿਲੀ ਸੀ ਕਿ ਰਾਜਾਸਾਂਸੀ ਥਾਣਾ ਅਧੀਨ ਆਉਂਦੇ ਪਿੰਡ ਝੰਜੋਟੀ ਦਾ ਰਹਿਣ ਵਾਲਾ ਕਰਨਬੀਰ ਸਿੰਘ ਇਲਾਕੇ ਵਿੱਚ ਘੁੰਮ ਰਿਹਾ ਹੈ ਅਤੇ ਕਿਸੇ ਅਪਰਾਧ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਿਹਾ ਹੈ। ਪੁਲੀਸ ਮੁਤਾਬਕ ਜਦੋਂ ਕਰਨ ਨੂੰ ਮੋਟਰਸਾਈਕਲ ’ਤੇ ਆਉਂਦਿਆਂ ਦੇਖ ਕੇ ਰੁਕਣ ਦਾ ਇਸ਼ਾਰਾ ਕੀਤਾ ਗਿਆ ਤਾਂ ਉਸ ਨੇ ਪੁਲੀਸ ਪਾਰਟੀ ’ਤੇ ਗੋਲੀਬਾਰੀ ਕਰ



ਦਿੱਤੀ। ਜਵਾਬੀ ਕਾਰਵਾਈ ਵਿੱਚ ਪੁਲੀਸ ਵੱਲੋਂ 5 ਗੋਲੀਆਂ ਚਲਾਈਆਂ ਗਈਆਂ, ਜਿਨ੍ਹਾਂ ਵਿੱਚੋਂ ਦੋ ਗੋਲੀਆਂ ਕਰਨਬੀਰ ਸਿੰਘ ਦੀ ਲੱਤ ਅਤੇ ਛਾਤੀ ਵਿੱਚ ਲੱਗੀਆਂ। ਉਸ ਨੂੰ ਸਿਵਲ ਹਸਪਤਾਲ ਅਜਨਾਲਾ ਲਿਜਾਇਆ ਗਿਆ, ਜਿੱਥੇ ਇਲਾਜ (ਬਾਕੀ ਸਫ਼ਾ 2 ’ਤੇ)

ਨਾਗਾਲੈਂਡ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ 19 ਮੌਤਾਂ

- ਮਾਮਲੇ ਦੀ ਜਾਂਚ ਲਈ ਐਸਆਈਟੀ ਗਠਿਤ; ਪੁਲੀਸ ਨੇ 19 ਜਣਿਆਂ ਨੂੰ ਕਾਬੂ ਕੀਤਾ

ਮੋਕੋਕਚੁਆਂਗ, 26 ਸਤੰਬਰ (ਪੈ.ਗਾਮ-ਏ-ਜਗਤ)

ਨਾਗਾਲੈਂਡ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ 19 ਲੋਕਾਂ ਦੀ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਸੂਬੇ ਵਿੱਚ 1990 ਤੋਂ ਸ਼ਰਾਬਬੰਦੀ ਕਾਨੂੰਨ ਲਾਗੂ ਹੋਣ ਦੇ ਬਾਵਜੂਦ ਇਸ ਘਟਨਾ ਨੇ ਹਲਚਲ ਮਚਾ ਦਿੱਤੀ ਹੈ। ਪੁਲੀਸ ਅਧਿਕਾਰੀਆਂ ਨੇ ਦੱਸਿਆ ਕਿ ਪਿਛਲੇ ਦੋ ਦਿਨਾਂ ਦੌਰਾਨ ਸ਼ੱਕੀ ਜ਼ਹਿਰੀਲੀ ਸ਼ਰਾਬ ਪੀਣ ਨਾਲ ਮੋਕੋਕਚੁਆਂਗ ਜ਼ਿਲ੍ਹੇ ਵਿੱਚ 8 ਅਤੇ ਟੁਏਨਸਾਂਗ ਜ਼ਿਲ੍ਹੇ ਵਿੱਚ 11 ਲੋਕਾਂ ਦੀ ਮੌਤ ਹੋ ਚੁੱਕੀ ਹੈ। ਮੌਤ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਸੈਂਪਲ ਫੋਰੈਂਸਿਕ ਜਾਂਚ ਲਈ ਗੁਹਾਟੀ ਭੇਜ ਦਿੱਤੇ ਗਏ ਹਨ।

ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਪੁਲੀਸ ਨੇ ਸ਼ਰਾਬ ਦੀ



ਸਪਲਾਈ ਚੈਨ ਅਤੇ ਅਸਲ ਸਰੋਤ ਦਾ ਪਤਾ ਲਗਾਉਣ ਲਈ ਵਧੀਕ ਪੁਲੀਸ ਸੁਪਰਡੈਂਟ ਆਈ. ਬੁੰਗਲੈਂਗ ਚਾਂਗ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਜਾਂਚ ਟੀਮ ਦਾ ਗਠਨ ਕੀਤਾ ਹੈ। ਸੀਨੀਅਰ ਪੁਲੀਸ ਸੁਪਰਡੈਂਟ ਵੇਸੁਪ੍ਰਾ ਕੇਜ਼ੋ ਨੇ ਦੱਸਿਆ ਕਿ (ਬਾਕੀ ਸਫ਼ਾ 2 ’ਤੇ)

ਅਕਾਲੀ ਦਲ ਪੱਖੀ ਸਰਪੰਚ ਦੇ ਪਤੀ ਦੀ ਗੋਲੀ ਮਾਰ ਕੇ ਹੱਤਿਆ

- ਝਬਾਲ ਨੇੜਲੇ ਪਿੰਡ ਗੱਗੋਬੂਆ ’ਚ ਦੋ ਧੜਿਆਂ ਵਿਚਾਲੇ ਤਕਰਾਰ ਤੋਂ ਬਾਅਦ ਚੱਲੀਆਂ ਗੋਲੀਆਂ

ਤਰਨ ਤਾਰਨ, 26 ਸਤੰਬਰ (ਪੈ.ਗਾਮ-ਏ-ਜਗਤ)

ਥਾਣਾ ਝਬਾਲ ਅਧੀਨ ਆਉਂਦੇ ਪਿੰਡ ਗੱਗੋਬੂਆ ਦੀ ਸ਼੍ਰੋਮਣੀ ਅਕਾਲੀ ਦਲ ਪੱਖੀ ਸਰਪੰਚ ਕੁਲਵਿੰਦਰ ਕੌਰ ਦੇ ਪਤੀ ਦੀ ਬੀਤੀ ਰਾਤ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ। ਇਸ ਸਬੰਧੀ ਡੀ.ਐੱਸ.ਪੀ. ਸਿਟੀ ਸੁਖਬੀਰ ਸਿੰਘ ਨੇ ਦੱਸਿਆ ਕਿ ਪਿੰਡ ਦੇ ਦੋ ਧੜਿਆਂ ਦਰਮਿਆਨ ਬੀਤੀ ਰਾਤ ਤਕਰਾਰ ਹੋ ਗਿਆ ਸੀ, ਜਿਸ ’ਤੇ ਗੱਗੋਬੂਆ ਪਿੰਡ ਦੇ ਅੱਡੇ ਵਿਖੇ ਸਰਾਫ਼ ਦੀ ਦੁਕਾਨ ਕਰਦੇ ਸੁਰਿੰਦਰ ਸਿੰਘ ਸੋਨੂੰ ਵੱਲੋਂ ਕੁਲਵਿੰਦਰ ਕੌਰ ਦੇ ਪਤੀ ਨਵਦੀਪ ਸਿੰਘ ਉੱਪਰ ਗੋਲੀ ਚਲਾ ਦਿੱਤੀ ਗਈ। ਨਵਦੀਪ ਸਿੰਘ ਨੂੰ ਜਿਵੇਂ ਹੀ ਹਸਪਤਾਲ ਦਾਖ਼ਲ ਕਰਵਾਉਣ ਲਈ ਲੈ ਕੇ ਜਾਇਆ ਜਾ ਰਿਹਾ ਸੀ ਤਾਂ ਉਹ ਰਾਹ ਵਿੱਚ ਦਮ ਤੋੜ ਗਿਆ। ਡੀ. ਐੱਸ. ਪੀ. ਨੇ ਦੱਸਿਆ ਕਿ ਇਸ ਸਬੰਧੀ ਤਿੰਨ ਜਣਿਆਂ ਖ਼ਿਲਾਫ਼ ਇੱਕ ਕੇਸ ਦਰਜ ਕੀਤਾ ਗਿਆ ਹੈ।



ਪੁਲੀਸ ਨੇ ਦੱਸਿਆ ਕਿ ਮੁਲਜ਼ਮਾਂ ਵਿੱਚ ਸੁਰਿੰਦਰ ਸਿੰਘ ਉਰਫ਼ ਸੋਨੂੰ ਕੰਡਾ, ਨਿਰਮਲ ਸਿੰਘ ਨਿੰਮਾ ਅਤੇ ਅਰਸ਼ਦੀਪ ਸਿੰਘ ਦਾ ਨਾਮ ਸ਼ਾਮਲ ਹੈ, ਜਿਨ੍ਹਾਂ ਖ਼ਿਲਾਫ਼ BNS ਦੀ ਦਫ਼ਾ (ਬਾਕੀ ਸਫ਼ਾ 2 ’ਤੇ)

ਕਾਂਗੋ ਜਹਾਜ਼ ਹਾਦਸਾ

ਦੋ ਸੀਨੀਅਰ ਫੌਜੀ ਅਧਿਕਾਰੀਆਂ ਸਮੇਤ 14 ਲੋਕਾਂ ਦੀ ਹੋਈ ਮੌਤ




ਕਿਨਸ਼ਾਸਾ (ਕਾਂਗੋ), 26 ਸਤੰਬਰ (ਪੈ.ਗਾਮ-ਏ-ਜਗਤ)

ਕਾਂਗੋ ਵਿੱਚ ਇੱਕ ਜਹਾਜ਼ ਹਾਦਸੇ ਵਿੱਚ ਦੋ ਸੀਨੀਅਰ ਫੌਜੀ ਅਧਿਕਾਰੀਆਂ ਸਮੇਤ ਘੱਟੋ-ਘੱਟ 14 ਲੋਕਾਂ ਦੀ ਮੌਤ ਹੋ ਗਈ। ਫੌਜ ਨੇ ਸ਼ੁੱਕਰਵਾਰ ਨੂੰ ਇਸ ਬਾਰੇ ਜਾਣਕਾਰੀ ਦਿੱਤੀ। ਹਾਦਸੇ ਵਿੱਚ ਮਾਰੇ ਗਏ ਸੀਨੀਅਰ ਫੌਜੀ ਅਧਿਕਾਰੀਆਂ ਦੀ ਪਛਾਣ ਫੌਜੀ ਅਦਾਲਤ ਦੇ ਮੁਖੀ ਲੈਫਟੀਨੈਂਟ ਜਨਰਲ ਮੁਤੋਂਬੋ ਕਾਤਾਲਾਈ ਤਿਏਂਦੇ ਅਤੇ ਹਥਿਆਰਬੰਦ ਬਲਾਂ ਦੇ ’ਆਡੀਟਰ ਜਨਰਲ’ ਲੈਫਟੀਨੈਂਟ (ਬਾਕੀ ਸਫ਼ਾ 2 ’ਤੇ)

ਮੁੱਖ ਮੰਤਰੀ ਮਾਨ ਨੇ ਅੱਜ ਦੁਪਹਿਰੇ 1 ਵਜੇ ਚੰਡੀਗੜ੍ਹ ਸਥਿਤ ਰਿਹਾਇਸ਼ ’ਤੇ ਸੱਦੀ ਮੀਟਿੰਗ

ਚੰਡੀਗੜ੍ਹ, 26 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ‘ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026’ ਸਬੰਧੀ ਬਣਾਈ 7 ਮੈਂਬਰੀ ਕਮੇਟੀ ਦੀ ਮੀਟਿੰਗ ਸੱਦ ਲਈ ਹੈ। ਇਹ ਮੀਟਿੰਗ 27 ਸਤੰਬਰ ਦਿਨ ਐਤਵਾਰ ਨੂੰ ਦੁਪਹਿਰੇ 1 ਵਜੇ ਚੰਡੀਗੜ੍ਹ ਸਥਿਤ ਮੁੱਖ ਮੰਤਰੀ ਦੀ ਸਰਕਾਰੀ ਰਿਹਾਇਸ਼ ’ਤੇ ਹੋਵੇਗੀ। ਮੁੱਖ ਮੰਤਰੀ ਨੇ ਮੀਟਿੰਗ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ, ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ, ਰਾਮਪੁਰ ਖੇੜੀ ਦੇ ਸੰਤ ਬਾਬਾ ਸੇਵਾ ਸਿੰਘ, ਸਾਬਕਾ ਜਸਟਿਸ ਜਸਪਾਲ ਸਿੰਘ, ਸਾਬਕਾ ਜਸਟਿਸ ਗੁਰਬੀਰ ਸਿੰਘ, ਸਾਬਕਾ ਆਈ ਪੀ ਐੱਸ ਅਧਿਕਾਰੀ ਤੇ ਪੀ ਪੀ ਐੱਸ ਸੀ ਦੇ ਸਾਬਕਾ ਚੇਅਰਮੈਨ ਜਤਿੰਦਰ ਸਿੰਘ ਔਲਖ ਅਤੇ ਐਡਵੋਕੇਟ ਪ੍ਰੀਤ ਇੰਦਰ ਪੌਲ ਸਿੰਘ ਸ਼ਾਮਲ ਹੋਣਗੇ। ਇਸ ਲਈ ਮੁੱਖ ਮੰਤਰੀ ਨੇ ਸੱਤਾਂ ਮੈਂਬਰਾਂ ਨੂੰ ਲਿਖਤੀ ਤੌਰ ’ਤੇ ਪੱਤਰ (ਬਾਕੀ ਸਫ਼ਾ 2 ’ਤੇ)



ਐਸ.ਆਈ.ਆਰ. ਦੇ ਸਾਰੇ ਫੈਸਲੇ ਸਰਬਸੰਮਤੀ ਨਾਲ ਲਏ ਗਏ : ਚੋਣ ਕਮਿਸ਼ਨ

ਸੁਪਰੀਮ ਕੋਰਟ ਨੇ ਫਾਰਮ 6 ਦੀਆਂ ਤਬਦੀਲੀਆਂ ਬਰਕਰਾਰ ਰੱਖੀਆਂ

ਨਵੀਂ ਦਿੱਲੀ, 26 ਸਤੰਬਰ (ਪੈ.ਗਾਮ-ਏ-ਜਗਤ)

ਚੋਣ ਕਮਿਸ਼ਨ ਨੇ ਸ਼ਨਿੱਚਰਵਾਰ ਨੂੰ ਦਾਅਵਾ ਕੀਤਾ ਕਿ ਸਾਰੇ ਐਸ.ਆਈ.ਆਰ. ਦੇ ਹੁਕਮ ਤਿੰਨੋਂ ਚੋਣ ਕਮਿਸ਼ਨਰਾਂ ਦੀ ਪ੍ਰਵਾਨਗੀ ਤੋਂ ਬਾਅਦ ਜਾਰੀ ਕੀਤੇ ਗਏ ਸਨ ਅਤੇ ਫਾਰਮ 6 ਵਿੱਚ ਬਦਲਾਅ, ਜਿਸ ਰਾਹੀਂ ਵੋਟਰਾਂ ਦੀ ਸੂਚੀ ਵਿੱਚ ਨਾਮ ਸ਼ਾਮਲ ਕੀਤੇ ਜਾਂਦੇ ਹਨ, ਨੂੰ ਸੁਪਰੀਮ ਕੋਰਟ ਵੱਲੋਂ ਬਰਕਰਾਰ ਰੱਖਿਆ ਗਿਆ ਹੈ।

ਦੋ ਚੋਣ ਕਮਿਸ਼ਨਰਾਂ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਚਕਾਰ ਮਤਭੇਦਾਂ ਨੂੰ ਲੈ ਕੇ ਚੱਲ ਰਹੇ ਵਿਵਾਦ ਦੇ ਵਿਚਕਾਰ, ਚੋਣ ਕਮਿਸ਼ਨ ਨੇ ਇੱਕ ਬਿਆਨ ਵਿੱਚ ਕਿਹਾ ਕਿ ਦੋ



ਕਮਿਸ਼ਨਰਾਂ—ਸੁਖਬੀਰ ਸਿੰਘ ਸੰਧੂ ਅਤੇ ਵਿਵੇਕ ਜੋਸ਼ੀ—ਵੱਲੋਂ ਕੈਬਨਿਟ ਸਕੱਤਰ ਨੂੰ ਭੇਜੇ ਗਏ ਪੱਤਰ ਕਮਿਸ਼ਨ ਦੇ ਕਿਸੇ ਵੀ ਨੀਤੀਗਤ ਮਾਮਲੇ ਜਾਂ ਇਸ ਦੇ ਆਈ.ਟੀ. ਵਿਭਾਗ ਨਾਲ ਸਬੰਧਤ ਨਹੀਂ ਸਨ, ਸਗੋਂ ਚੋਣ ਪੈਨਲ ਵਿੱਚ ਡੈਪੂਟੇਸ਼ਨ ’ਤੇ ਕੰਮ ਕਰ ਰਹੇ ਇੱਕ ਅਧਿਕਾਰੀ ਦੇ ਕੰਮਕਾਜ ਬਾਰੇ ਸਨ। ਚੋਣ ਕਮਿਸ਼ਨ ਨੇ ਪੂਰੇ ਕਮਿਸ਼ਨ ਦੀ ਪ੍ਰਵਾਨਗੀ ਨਾਲ ਜਾਰੀ ਕੀਤੇ ਗਏ ਬਿਆਨ ਵਿੱਚ ਕਿਹਾ ਕਿ ਸਬੰਧਤ ਅਧਿਕਾਰੀ ਵੱਲੋਂ ਜਾਰੀ ਕੀਤੇ ਗਏ ਕੰਮ ਦੀ ਮੁੜ-ਵੰਡ ਦੇ ਹੁਕਮਾਂ ਨੂੰ ਦੋ ਕਮਿਸ਼ਨਰਾਂ ਦੇ ਹੁਕਮਾਂ ਤੋਂ ਬਾਅਦ ਅਸਲ ਵਿੱਚ ਲਾਗੂ ਨਹੀਂ ਕੀਤਾ ਗਿਆ ਸੀ ਅਤੇ ਡਿਪਟੀ ਚੋਣ ਕਮਿਸ਼ਨਰ (ਡੀ.ਈ.ਸੀ.) (ਬਾਕੀ ਸਫ਼ਾ 2 ’ਤੇ)

20 ਕਿੱਲੋ ਹੈਰੋਇਨ ਸਣੇ 2 ਨਸ਼ਾ ਤਸਕਰ ਗ੍ਰਿਫ਼ਤਾਰ

ਫਿਰੋਜ਼ਪੁਰ, 26 ਸਤੰਬਰ (ਪੈ.ਗਾਮ-ਏ-ਜਗਤ)

ਭਾਰਤ-ਪਾਕਿਸਤਾਨ ਬਾਰਡਰ ਰਾਹੀਂ ਡਰੋਨ ਜ਼ਰੀਏ ਹੈਰੋਇਨ ਦੀ ਤਸਕਰੀ ਦੀ ਕੋਸ਼ਿਸ਼ ਨੂੰ ਬੀ. ਐੱਸ. ਐੱਫ਼. ਤੇ ਐਂਟੀ ਨਾਰਕੋਟਿਕਸ ਟਾਸਕ ਫ਼ੋਰਸ (ਏ.ਐੱਨ.ਟੀ.ਐੱਫ.) ਫਿਰੋਜ਼ਪੁਰ ਰੇਂਜ ਨੇ ਸੰਯੁਕਤ ਕਾਰਵਾਈ ਦੌਰਾਨ ਨਾਕਾਮ ਕੀਤਾ ਹੈ। ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ, ਗੁਪਤ ਸੂਚਨਾ ਦੇ ਅਧਾਰ ’ਤੇ ਚਲਾਏ ਗਏ ਆਪ੍ਰੇਸ਼ਨ ਵਿਚ ਟੀਮ ਨੇ 2 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਉਨ੍ਹਾਂ ਦੇ ਕਬਜ਼ੇ ’ਚੋਂ 20 ਪੈਕੇਟ ਹੈਰੋਇਨ ਬਰਾਮਦ ਹੋਈ ਹੈ, ਜਿਸ ਦਾ ਕੁੱਲ ਵਜ਼ਨ ਤਕਰੀਬਨ 20 ਕਿੱਲੋ ਦੱਸਿਆ ਜਾ ਰਿਹਾ ਹੈ। ਸੂਤਰਾਂ ਮੁਤਾਬਕ, ਸੁਰੱਖਿਆ ਏਜੰਸੀਆਂ ਨੂੰ ਸੂਚਨਾ ਮਿਲੀ ਸੀ ਕਿ ਸਰਹੱਦ ਪਾਰ ਤੋਂ ਡਰੋਨ ਜ਼ਰੀਏ ਹੈਰੋਇਨ ਦੀ ਵੱਡੀ ਖੇਪ ਭਾਰਤ ਭੇਜੀ ਜਾ ਸਕਦੀ ਹੈ। ਸੂਚਨਾ ਦੇ ਅਧਾਰ ’ਤੇ ਬੀ. ਐੱਸ. ਐੱਫ਼. ਤੇ (ਬਾਕੀ ਸਫ਼ਾ 2 ’ਤੇ)



ਪੀਜੀਆਈਐਮਈਆਰ ਪੀਡੀਆਟ੍ਰਿਕ ਡੈਂਟਿਸਟਰੀ ਟੀਮ ਨੇ ਰਾਸ਼ਟਰੀ ਕੁਇਜ਼ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ

ਚੰਡੀਗੜ੍ਹ, 26 ਸਤੰਬਰ (ਪੈ.ਗਾਮ-ਏ-ਜਗਤ)

ਪੀਜੀਆਈਐਮਈਆਰ, ਚੰਡੀਗੜ੍ਹ ਦੇ ਪੀਡੀਆਟ੍ਰਿਕ ਐਂਡ ਪ੍ਰੀਵੈਂਟਿਵ ਡੈਂਟਿਸਟਰੀ ਯੂਨਿਟ ਨੇ 21-23 ਸਤੰਬਰ, 2026 ਨੂੰ ਨਵੀਂ ਦਿੱਲੀ ਦੇ ਲੀਲਾ ਐਂਬੀਅਨਸ ਕਨਵੈਨਸ਼ਨ ਹੋਟਲ ਵਿਖੇ ਇੰਡੀਅਨ ਸੋਸਾਇਟੀ ਆਫ਼ ਪੀਡੋਡੋਂਟਿਕਸ ਐਂਡ ਪ੍ਰੀਵੈਂਟਿਵ ਡੈਂਟਿਸਟਰੀ (ਆਈਐਸਪੀਪੀਡੀ) ਦੇ 47ਵੇਂ ਰਾਸ਼ਟਰੀ ਸੰਮੇਲਨ ਦੌਰਾਨ ਆਯੋਜਿਤ ਰਾਸ਼ਟਰੀ ਪੀਡੀਆਟ੍ਰਿਕ ਡੈਂਟਿਸਟਰੀ ਕੁਇਜ਼ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।



ਡਾ. ਪਵਿੱਤਰਾ ਦੇਵੀ, ਸਹਾਇਕ ਪ੍ਰੋਫੈਸਰ ਅਤੇ ਅੰਤਿਮ ਸਾਲ ਦੇ ਜੂਨੀਅਰ ਰੈਜ਼ੀਡੈਂਟ ਡਾ. ਸੰਜਨਾ ਅਤੇ ਡਾ. ਸ਼ਿਫਾਲੀ ਤ੍ਰਿਖਾ ਦੀ ਟੀਮ ਨੇ ਰਾਸ਼ਟਰੀ ਪੱਧਰ ਦੇ ਕੁਇਜ਼ ਵਿੱਚ ਹਿੱਸਾ ਲਿਆ ਅਤੇ ਦੇਸ਼ ਭਰ ਦੀਆਂ ਭਾਗੀਦਾਰ ਪੀਡੀਆਟ੍ਰਿਕ ਡੈਂਟਿਸਟਰੀ ਟੀਮਾਂ ਵਿੱਚੋਂ ਸੰਸਥਾ ਦੀ ਨੁਮਾਇੰਦਗੀ ਕਰਦੇ ਹੋਏ ਦੂਜਾ ਸਥਾਨ ਪ੍ਰਾਪਤ ਕੀਤਾ। ਪੀਜੀਆਈਐਮਈਆਰ ਦੇ ਪੀਡੀਆਟ੍ਰਿਕ ਐਂਡ ਪ੍ਰੀਵੈਂਟਿਵ ਡੈਂਟਿਸਟਰੀ ਯੂਨਿਟ, ਓਐਚਐਸਸੀ, ਵਿਸ਼ੇਸ਼ ਕਲੀਨਿਕਲ ਦੇਖਭਾਲ, ਅਕਾਦਮਿਕ ਅਤੇ ਖੋਜ ਰਾਹੀਂ ਬੱਚਿਆਂ ਲਈ ਵਿਆਪਕ ਮੌਖਿਕ ਸਿਹਤ ਸੰਭਾਲ ਨੂੰ ਅੱਗੇ ਵਧਾਉਣ ਵਿੱਚ ਸਰਗਰਮੀ ਨਾਲ ਸ਼ਾਮਲ ਰਿਹਾ ਹੈ। ਇਸਦੇ ਕੰਮ ਦੇ ਮੁੱਖ ਖੇਤਰਾਂ ਵਿੱਚ ਸ਼ੁਰੂਆਤੀ ਬਚਪਨ ਦੇ ਦੰਦਾਂ ਦੇ ਸੜਨ ਤੋਂ ਬਚਾਅ ਦੀਆਂ ਰਣਨੀਤੀਆਂ, ਮੈਲੋਕਲੂਜ਼ਨ ਦੇ ਵਿਕਾਸ ਲਈ ਸ਼ੁਰੂਆਤੀ ਦਖਲਅੰਦਾਜ਼ੀ, ਬੱਚਿਆਂ ਦੇ ਦੰਦਾਂ ਦੇ ਸਦਮੇ ਦਾ ਪ੍ਰਬੰਧਨ ਅਤੇ ਵਿਸ਼ੇਸ਼ ਸਿਹਤ ਸੰਭਾਲ ਜ਼ਰੂਰਤਾਂ ਅਤੇ ਗੁੰਝਲਦਾਰ ਡਾਕਟਰੀ ਸਥਿਤੀਆਂ ਵਾਲੇ ਬੱਚਿਆਂ ਲਈ ਵਿਸ਼ੇਸ਼ ਦੰਦਾਂ ਦੀ ਦੇਖਭਾਲ ਸ਼ਾਮਲ ਹੈ। ਯੂਨਿਟ ਸਬੂਤ-ਅਧਾਰਤ ਬੱਚਿਆਂ ਦੇ ਦੰਦਾਂ ਦੀ ਦੇਖਭਾਲ ਅਤੇ ਪੋਸਟ ਗ੍ਰੈਜੂਏਟ ਸਿਖਲਾਈ ਨੂੰ ਮਜ਼ਬੂਤ ਕਰਨਾ ਜਾਰੀ ਰੱਖਦਾ ਹੈ ਜਦੋਂ ਕਿ ਬੱਚਿਆਂ ਵਿੱਚ ਮੂੰਹ ਦੀ ਸਿਹਤ ਦੇ ਨਤੀਜਿਆਂ ਅਤੇ ਜੀਵਨ ਦੀ ਗੁਣਵੱਤਾ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਵਿਸ਼ੇਸ਼ ਸੇਵਾਵਾਂ ਦਾ ਵਿਸਤਾਰ ਕਰਦਾ ਹੈ।

ਕੇਂਦਰੀ ਪੰਜਾਬੀ ਲੇਖਕ ਸਭਾ ਦੀ ਚੋਣ 25 ਅਕਤੂਬਰ ਨੂੰ ਜਲੰਧਰ ਵਿੱਚ

ਜਲੰਧਰ, 26 ਸਤੰਬਰ (ਪੈ.ਗਾਮ-ਏ-ਜਗਤ)

ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਦੇ ਸਾਲ 2026 ਤੋਂ 2029 ਤੱਕ ਲਈ 12 ਅਹੁਦੇਦਾਰਾਂ ਦੀ ਚੋਣ 25 ਅਕਤੂਬਰ 2026 ਨੂੰ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਗੁਪਤ ਵੋਟਾਂ ਰਾਹੀਂ ਦੇਸ਼ ਭਗਤ ਯਾਦਗਾਰ ਹਾਲ, ਜਲੰਧਰ ਵਿਖੇ ਹੋਵੇਗੀ। ਕੇਂਦਰੀ ਸਭਾ ਦੀ ਕਾਰਜਕਾਰਨੀ ਵੱਲੋਂ ਚੋਣ ਕਰਵਾਉਣ ਲਈ ਡਾ. ਲਖਵਿੰਦਰ ਸਿੰਘ ਜੌਹਲ ਨੂੰ ਚੋਣ ਅਧਿਕਾਰੀ ਅਤੇ ਸਤਨਾਮ ਸਿੰਘ ਮਾਣਕ ਤੇ ਪ੍ਰੋ. ਤੇਜਿੰਦਰ ਵਿਰਲੀ ਨੂੰ ਸਹਾਇਕ ਚੋਣ ਅਧਿਕਾਰੀ ਨਿਯੁਕਤ ਕੀਤਾ ਗਿਆ ਹੈ।



ਚੋਣ ਅਧਿਕਾਰੀਆਂ ਨੇ ਦੱਸਿਆ ਕਿ ਉਮੀਦਵਾਰ ਨਾਮਜ਼ਦਗੀ ਫਾਰਮ ਦੇਸ਼ ਭਗਤ ਯਾਦਗਾਰ ਹਾਲ ਜਾਂ 'ਪੰਜਾਬੀ ਲੇਖਕ' ਦੇ ਤਾਜ਼ਾ ਅੰਕ ਤੋਂ ਪ੍ਰਾਪਤ ਕਰ ਸਕਦੇ ਹਨ। ਭਰੇ ਹੋਏ ਫਾਰਮ 7 ਅਕਤੂਬਰ ਤੋਂ 14 ਅਕਤੂਬਰ 2026 ਸ਼ਾਮ 4 ਵਜੇ ਤੱਕ ਰਜਿਸਟਰਡ ਡਾਕ ਰਾਹੀਂ ਜਾਂ ਖੁਦ ਬੰਦ ਲਿਫ਼ਾਫ਼ੇ ਵਿੱਚ ਦੇਸ਼ ਭਗਤ ਯਾਦਗਾਰ ਹਾਲ ਵਿਖੇ ਸਕੱਤਰ ਭੁਵਨ ਜੋਸ਼ੀ ਨੂੰ ਦਿੱਤੇ ਜਾ ਸਕਦੇ ਹਨ। ਇਸ ਤੋਂ ਬਾਅਦ ਪ੍ਰਾਪਤ ਨਾਮਜ਼ਦਗੀ ਪੱਤਰ ਸਵੀਕਾਰ ਨਹੀਂ ਕੀਤੇ ਜਾਣਗੇ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 15 ਅਕਤੂਬਰ ਨੂੰ ਬਾਅਦ ਦੁਪਹਿਰ 2 ਤੋਂ ਸ਼ਾਮ 4 ਵਜੇ ਤੱਕ ਹੋਵੇਗੀ, ਜਦਕਿ ਚੋਣ ਨਾ ਲੜਨ ਦੇ ਇੱਛੁਕ ਉਮੀਦਵਾਰ 16 ਅਕਤੂਬਰ ਨੂੰ ਸਵੇਰੇ 11 ਤੋਂ ਸ਼ਾਮ 4 ਵਜੇ ਤੱਕ ਨਾਮ ਵਾਪਸ ਲੈ ਸਕਦੇ ਹਨ। ਚੁਣੇ ਜਾਣ ਵਾਲੇ ਅਹੁਦਿਆਂ ਵਿੱਚ ਇੱਕ ਪ੍ਰਧਾਨ, ਇੱਕ ਸੀਨੀਅਰ ਮੀਤ ਪ੍ਰਧਾਨ, ਪੰਜ ਮੀਤ ਪ੍ਰਧਾਨ, ਜਿਨ੍ਹਾਂ ਵਿੱਚੋਂ ਇੱਕ ਅਹੁਦਾ ਔਰਤਾਂ ਲਈ ਰਾਖਵਾਂ ਹੋਵੇਗਾ, ਇੱਕ ਜਨਰਲ ਸਕੱਤਰ ਅਤੇ ਚਾਰ ਸਕੱਤਰ ਸ਼ਾਮਲ ਹਨ। ਇਨ੍ਹਾਂ ਵਿੱਚੋਂ ਇੱਕ ਸਕੱਤਰ ਦਾ ਅਹੁਦਾ ਵੀ ਔਰਤਾਂ ਲਈ ਰਾਖਵਾਂ ਹੋਵੇਗਾ। ਵੋਟਾਂ ਦੀ ਗਿਣਤੀ ਉਸੇ ਦਿਨ ਕੀਤੀ ਜਾਵੇਗੀ ਅਤੇ ਨਤੀਜਾ ਐਲਾਨਿਆ ਜਾਵੇਗਾ। ਚੋਣ ਅਧਿਕਾਰੀਆਂ ਨੇ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਭਾਰਤੀ ਚੋਣ ਕਮਿਸ਼ਨ ਵੱਲੋਂ ਨਿਰਧਾਰਿਤ ਫੋਟੋ ਪਛਾਣ ਪੱਤਰਾਂ ਵਿੱਚੋਂ ਕੋਈ ਇੱਕ ਆਪਣੇ ਨਾਲ ਲੈ ਕੇ ਆਉਣ। ਵੋਟ ਪਾਉਣ ਦਾ ਹੱਕ ਸਿਰਫ਼ ਜੀਵਨ ਮੈਂਬਰਾਂ ਅਤੇ ਸਾਹਿਤ ਸਭਾਵਾਂ ਵੱਲੋਂ ਬਣਾਏ ਮੈਂਬਰ ਲੇਖਕਾਂ ਨੂੰ ਹੋਵੇਗਾ। ਚੋਣਾਂ ਵਾਲੇ ਦਿਨ ਦੇਸ਼ ਭਗਤ ਯਾਦਗਾਰ ਹਾਲ ਦੇ ਸਮੁੱਚੇ ਕੰਪਲੈਕਸ ਵਿੱਚ ਇਸ਼ਤਿਹਾਰ ਲਗਾਉਣ ਦੀ ਮਨਾਹੀ ਹੋਵੇਗੀ ਅਤੇ ਚੋਣ ਪ੍ਰਚਾਰ ਕੰਪਲੈਕਸ ਦੀਆਂ ਹੱਦਾਂ ਤੋਂ ਬਾਹਰ ਕੀਤਾ ਜਾ ਸਕੇਗਾ। ਚੋਣ ਅਧਿਕਾਰੀਆਂ ਨੇ ਨਿਰਪੱਖ ਅਤੇ ਨਿਰਵਿਘਨ ਚੋਣਾਂ ਲਈ ਲੇਖਕ ਭਾਈਚਾਰੇ ਤੋਂ ਸਹਿਯੋਗ ਦੀ ਅਪੀਲ ਕੀਤੀ ਹੈ। ਹੋਰ ਜਾਣਕਾਰੀ ਲਈ 9417194812 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਅੰਦਰੌਲੀ ਵਿੱਚ ਗੋਵਿੰਦ ਸਾਗਰ ਝੀਲ ਖੇਤਰ ਦਾ ਡਿਪਟੀ ਕਮਿਸ਼ਨਰ ਨੇ ਕੀਤਾ ਨਿਰੀਖਣ, ਸੈਰ-ਸਪਾਟਾ ਵਿਕਾਸ ਨੂੰ ਲੈ ਕੇ ਦਿੱਤੇ ਦਿਸ਼ਾ-ਨਿਰਦੇਸ਼

ਊਨਾ, 26 ਸਤੰਬਰ (ਪੈ.ਗਾਮ-ਏ-ਜਗਤ)

ਅੰਦਰੌਲੀ ਵਿੱਚ ਸੈਰ-ਸਪਾਟੇ ਅਤੇ ਵਾਟਰ ਸਪੋਰਟਸ ਗਤੀਵਿਧੀਆਂ ਦੇ ਵਿਸਥਾਰ ਦੀਆਂ ਸੰਭਾਵਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਅੱਗੇ ਵਧਾਉਣ ਲਈ ਡਿਪਟੀ ਕਮਿਸ਼ਨਰ ਊਨਾ ਜਤਿਨ ਲਾਲ ਨੇ ਸ਼ਨੀਵਾਰ ਨੂੰ ਗੋਵਿੰਦ ਸਾਗਰ ਝੀਲ ਖੇਤਰ ਦਾ ਸਾਈਟ ਨਿਰੀਖਣ ਕੀਤਾ। ਉਨ੍ਹਾਂ ਨੇ ਖੇਤਰ ਵਿੱਚ ਮੌਜੂਦ ਸੰਭਾਵਨਾਵਾਂ, ਪ੍ਰਸਤਾਵਿਤ ਗਤੀਵਿਧੀਆਂ ਅਤੇ ਲੋੜੀਂਦੇ ਬੁਨਿਆਦੀ ਢਾਂਚੇ ਦਾ ਜਾਇਜ਼ਾ ਲਿਆ ਅਤੇ ਸਬੰਧਤ ਅਧਿਕਾਰੀਆਂ ਨਾਲ ਵਿਕਾਸ ਕਾਰਜਾਂ ਨੂੰ ਲੈ ਕੇ ਵਿਸਥਾਰ ਨਾਲ ਚਰਚਾ ਕੀਤੀ।



ਨਿਰੀਖਣ ਦੌਰਾਨ ਡਿਪਟੀ ਕਮਿਸ਼ਨਰ ਨੇ ਏਸ਼ੀਅਨ ਡਿਵੈਲਪਮੈਂਟ ਬੈਂਕ ਅਤੇ ਟੂਰਿਜ਼ਮ ਬੋਰਡ ਦੇ ਅਧਿਕਾਰੀਆਂ ਨਾਲ ਖੇਤਰ ਵਿੱਚ ਸੈਰ-ਸਪਾਟਾ ਅਤੇ ਵਾਟਰ ਸਪੋਰਟਸ ਗਤੀਵਿਧੀਆਂ ਨੂੰ ਵਿਕਸਤ ਕਰਨ ਨਾਲ ਸਬੰਧਤ ਵੱਖ-ਵੱਖ ਪਹਿਲੂਆਂ 'ਤੇ ਚਰਚਾ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੈਰ-ਸਪਾਟੇ ਦੀ ਦ੍ਰਿਸ਼ਟੀ ਨਾਲ ਮਹੱਤਵਪੂਰਨ ਅੰਦਰੌਲੀ ਖੇਤਰ ਵਿੱਚ ਮੌਜੂਦ ਸੰਭਾਵਨਾਵਾਂ ਦੀ ਬਿਹਤਰ ਵਰਤੋਂ ਯਕੀਨੀ ਬਣਾਈ ਜਾਵੇ ਅਤੇ ਲੋੜੀਂਦੇ ਬੁਨਿਆਦੀ ਢਾਂਚੇ ਅਤੇ ਸਹੂਲਤਾਂ ਦੇ ਵਿਕਾਸ ਦੇ ਕੰਮਾਂ ਨੂੰ ਤਰਜੀਹ ਦੇ ਆਧਾਰ 'ਤੇ ਅੱਗੇ ਵਧਾਇਆ ਜਾਵੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅੰਦਰੌਲੀ ਵਿੱਚ ਵਾਟਰ ਸਪੋਰਟਸ ਅਤੇ ਹੋਰ ਖੇਡ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਲਈ ਕੇਟੀਡੀਐਸ ਵੱਲੋਂ ਟੈਂਡਰ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਗਤੀਵਿਧੀਆਂ ਦੇ ਵਿਕਸਤ ਹੋਣ ਨਾਲ ਖੇਤਰ ਵਿੱਚ ਸੈਰ-ਸਪਾਟੇ ਨੂੰ ਹੁਲਾਰਾ ਮਿਲਣ ਦੇ ਨਾਲ-ਨਾਲ ਸਥਾਨਕ ਪੱਧਰ 'ਤੇ ਰੋਜ਼ਗਾਰ ਅਤੇ ਸਵੈ-ਰੋਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ।

ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਖੇਤਰ ਵਿੱਚ ਪੈਰਾਮੋਟਰਿੰਗ ਸਾਈਟ ਦੀ ਨਿਸ਼ਾਨਦੇਹੀ ਕਰਨ ਦੇ ਵੀ ਨਿਰਦੇਸ਼ ਦਿੱਤੇ, ਤਾਂ ਜੋ ਸਾਹਸਿਕ ਸੈਰ-ਸਪਾਟੇ ਦੀਆਂ ਸੰਭਾਵਨਾਵਾਂ ਨੂੰ ਉਤਸ਼ਾਹਿਤ ਕੀਤਾ ਜਾ ਸਕੇ ਅਤੇ ਸੈਲਾਨੀਆਂ ਲਈ ਨਵੀਆਂ ਗਤੀਵਿਧੀਆਂ ਵਿਕਸਤ ਕੀਤੀਆਂ ਜਾ ਸਕਨ।

ਇਸ ਤੋਂ ਉਪਰੰਤ ਡਿਪਟੀ ਕਮਿਸ਼ਨਰ ਨੇ ਅੰਦਰੌਲੀ ਵਿੱਚ ਸਥਾਪਿਤ ਐਥਨੋਬੋਟੈਨਿਕਲ ਪਾਰਕ ਦਾ ਵੀ ਨਿਰੀਖਣ ਕੀਤਾ। ਉਨ੍ਹਾਂ ਨੇ ਪਾਰਕ ਵਿੱਚ ਮੁਰੰਮਤ ਅਤੇ ਰੱਖ-ਰਖਾਅ ਸਮੇਤ ਹੋਰ ਲੋੜੀਂਦੇ ਕੰਮ ਕਰਵਾਉਣ ਲਈ ਡੀਐਫਓ ਊਨਾ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪਾਰਕ ਨੂੰ ਬਿਹਤਰ ਰੂਪ ਦੇਣ ਨਾਲ ਖੇਤਰ ਵਿੱਚ ਆਉਣ ਵਾਲੇ ਸੈਲਾਨੀਆਂ ਨੂੰ ਆਕਰਸ਼ਿਤ ਕਰਨ ਦੇ ਨਾਲ-ਨਾਲ ਸਥਾਨਕ ਜੈਵ ਵਿਭਿੰਨਤਾ ਅਤੇ ਰਵਾਇਤੀ ਬਨਸਪਤੀਆਂ ਨਾਲ ਵੀ ਸੈਲਾਨੀਆਂ ਨੂੰ ਜਾਣੂ ਕਰਵਾਉਣ ਵਿੱਚ ਮਦਦ ਮਿਲੇਗੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅੰਦਰੌਲੀ ਖੇਤਰ ਵਿੱਚ ਸੈਰ-ਸਪਾਟਾ, ਵਾਟਰ ਸਪੋਰਟਸ, ਸਾਹਸਿਕ ਗਤੀਵਿਧੀਆਂ ਅਤੇ ਕੁਦਰਤੀ ਆਕਰਸ਼ਣਾਂ ਨੂੰ ਇਕੱਠੇ ਵਿਕਸਤ ਕਰਕੇ ਇਸ ਨੂੰ ਸੈਰ-ਸਪਾਟੇ ਦੇ ਪ੍ਰਮੁੱਖ ਕੇਂਦਰ ਵਜੋਂ ਉਭਾਰਨ ਦੀਆਂ ਵਿਆਪਕ ਸੰਭਾਵਨਾਵਾਂ ਹਨ। ਉਨ੍ਹਾਂ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਦੇ ਹੋਏ ਖੇਤਰ ਦੇ ਸਮੁੱਚੇ ਸੈਰ-ਸਪਾਟਾ ਵਿਕਾਸ 'ਤੇ ਵਿਸ਼ੇਸ਼ ਧਿਆਨ ਦੇਣ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਡੀਐਫਓ ਵਿਕਲਪ ਯਾਦਵ, ਜ਼ਿਲ੍ਹਾ ਸੈਰ-ਸਪਾਟਾ ਅਧਿਕਾਰੀ ਰਵੀ ਧੀਮਾਨ, ਤਹਿਸੀਲਦਾਰ ਅਮਿਤ ਕੁਮਾਰ, ਬੀਡੀਓ ਕੇ.ਐਲ. ਵਰਮਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਸ੍ਰੀ ਗੁਰੂ ਰਵੀਦਾਸ ਜੀ ਦੀ ਵਿਸ਼ੇਸ਼ ਡਾਕੂਮੈਂਟਰੀ ਪਿੰਡ ਭਰਤਪੁਰ, ਸੋਏਮਾਜਰਾ ਤੇ ਚੂਹੜਮਾਜਰਾ ਵਿਖੇ ਦਿਖਾਈ ਗਈ

ਖਰੜ, 26 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਫਿਲਮ ਪਿੰਡ-ਪਿੰਡ ਦਿਖਾਉਣ ਦੀ ਲੜੀ ਤਹਿਤ ਖਰੜ ਬਲਾਕ ਦੇ ਪਿੰਡ ਭਰਤਪੁਰ, ਸੋਏਮਾਜਰਾ ਅਤੇ ਚੂਹੜਮਾਜਰਾ ਵਿਖੇ 30 ਮਿੰਟ ਦੀ ਡਾਕੂਮੈਂਟਰੀ ਐਲ.ਈ.ਡੀ. ਸਕਰੀਨ ਰਾਹੀਂ ਦਿਖਾਈ ਗਈ।



ਇਸ ਮੌਕੇ ਉੱਪ ਮੰਡਲ ਮੈਜਿਸਟ੍ਰੇਟ ਖਰੜ ਸ੍ਰੀ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਵਿਸ਼ੇਸ਼ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਡਾਕੂਮੈਂਟਰੀ ਰਾਹੀਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਮਨੁੱਖਤਾ ਨੂੰ ਦਿੱਤੇ ਮਹਾਨ ਸੰਦੇਸ਼ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਨੇ ਸਮਾਜ ਵਿੱਚ ਬਰਾਬਰੀ, ਭਾਈਚਾਰੇ, ਮਿਹਨਤ ਅਤੇ ਸਾਂਝੀਵਾਲਤਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀ ਬਾਣੀ ਮਨੁੱਖਤਾ ਨੂੰ ਜਾਤ-ਪਾਤ ਅਤੇ ਭੇਦਭਾਵ ਤੋਂ ਉੱਪਰ ਉੱਠ ਕੇ ਆਪਸੀ ਪਿਆਰ, ਸਤਿਕਾਰ ਅਤੇ ਏਕਤਾ ਨਾਲ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਦਿੰਦੀ ਹੈ। ਪਿੰਡਾਂ ਵਿੱਚ ਐਲ.ਈ.ਡੀ. ਸਕਰੀਨ ਰਾਹੀਂ ਦਿਖਾਈ ਗਈ ਇਸ ਡਾਕੂਮੈਂਟਰੀ ਨੂੰ ਪਿੰਡ ਵਾਸੀਆਂ ਵੱਲੋਂ ਰੁਚੀ ਨਾਲ ਦੇਖਿਆ ਗਿਆ। ਇਸ ਦੌਰਾਨ ਲੋਕਾਂ ਨੂੰ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਹੋਈ। ਗੁਰਮੀਤ ਸਿੰਘ ਨੇ ਕਿਹਾ ਕਿ ਅਜਿਹੇ ਉਪਰਾਲਿਆਂ ਰਾਹੀਂ ਨੌਜਵਾਨ ਪੀੜ੍ਹੀ ਨੂੰ ਮਹਾਨ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਸਮਾਜਿਕ ਬਰਾਬਰੀ ਦੇ ਸੰਦੇਸ਼ ਨਾਲ ਜੋੜਿਆ ਜਾ ਰਿਹਾ ਹੈ। ਉਨ੍ਹਾਂ ਨੇ ਲੋਕਾਂ ਨੂੰ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਆਪਸੀ ਭਾਈਚਾਰਾ ਮਜ਼ਬੂਤ ਕਰਨ ਦਾ ਸੱਦਾ ਦਿੱਤਾ।

ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਲਈ ਵਿਦਿਆਰਥੀਆਂ ਦਾ ਡਰਾਇੰਗ ਮੁਕਾਬਲਾ ਕਰਵਾਇਆ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 26 ਸਤੰਬਰ (ਪੈ.ਗਾਮ-ਏ-ਜਗਤ)

ਸਪੈਸ਼ਲ ਡੀ.ਜੀ.ਪੀ. ਕਮਿਊਨਿਟੀ ਅਫੇਅਰਜ਼ ਡਵੀਜ਼ਨ ਪੰਜਾਬ ਦੇ ਦਿਸ਼ਾ ਨਿਰਦੇਸ਼ ਅਨੁਸਾਰ ਐਸ.ਐਸ.ਪੀ. ਸ੍ਰੀ ਵਰੁਣ ਸ਼ਰਮਾ ਆਈ.ਪੀ.ਐਸ. ਅਤੇ ਸ੍ਰੀ ਨਵਰੀਤ ਸਿੰਘ ਵਿਰਕ ਪੀ.ਪੀ.ਐਸ. ਐਸ.ਪੀ. ਹੈੱਡਕੁਆਟਰ ਜੀ ਦੇ ਹੁਕਮਾਂ ਅਨੁਸਾਰ ਸਟੂਡੈਂਟ ਪੁਲਿਸ ਕੈਡਿਟ ਸਕੀਮ ਤਹਿਤ ਇੰਸਪੈਕਟਰ ਜੈਦੀਪ ਜਾਖੜ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਐਸ.ਏ.ਐਸ. ਨਗਰ, ਸ.ਥ. ਜਨਕ ਰਾਜ ਇੰਚਾਰਜ ਸਬ-ਡਵੀਜ਼ਨ ਸਾਂਝ ਕੇਂਦਰ ਸਿਟੀ-1, ਹੌਲਦਾਰ ਗੁਰਨੇਕ ਸਿੰਘ ਅਤੇ ਹੌਲਦਾਰ ਹਰਪ੍ਰੀਤ ਸਿੰਘ ਵੱਲੋਂ ਸਰਕਾਰੀ ਸੀ.ਐਸ.ਈ. ਸਕੂਲ ਗੀਗੇਮਾਜਰਾ ਵਿਖੇ ਵਿਦਿਆਰਥੀਆਂ ਦਾ ਨਸ਼ਿਆਂ ਖ਼ਿਲਾਫ਼ ਟਾਪਿਕ ਉੱਤੇ ਡਰਾਇੰਗ ਕੰਪੀਟੀਸ਼ਨ ਕਰਵਾਇਆ ਗਿਆ, ਜਿਸ ਵਿੱਚ ਗੀਗੇਮਾਜਰਾ ਸਕੂਲ, ਦੇਵੀਨਗਰ ਬਰਵਾਲਾ ਅਤੇ ਕੁਰੜੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਹਿੱਸਾ ਲਿਆ ਗਿਆ। ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨਾਂ ਵੱਲੋਂ ਸੈਮੀਨਾਰ ਕਰਵਾਉਣ ਲਈ ਪੁਲਿਸ ਦਾ ਧੰਨਵਾਦ ਕੀਤਾ ਗਿਆ।



ਪਰਮਜੀਤ ਸਿੰਘ ਬੜੌਲਾ ਪੰਜਵੀਂ ਵਾਰ ਵੀਟਾ ਮਿਲਕ ਪਲਾਂਟ ਦੇ ਡਾਇਰੈਕਟਰ ਚੁਣੇ ਗਏ

ਪੈ.ਗਾਮ-ਏ-ਜਗਤ
ਅੰਬਾਲਾ, 26 ਸਤੰਬਰ (ਆਰ.ਸਿੰਘ)

ਜ਼ਿਲ੍ਹਾ ਯੁਵਾ ਵਿਕਾਸ ਸੰਗਠਨ ਦੇ ਪ੍ਰਧਾਨ ਵਜੋਂ ਸਮਾਜਿਕ ਖੇਤਰ ਵਿਚ ਸਰਗਰਮ ਭੂਮਿਕਾ ਨਿਭਾਅ ਰਹੇ ਪਰਮਜੀਤ ਸਿੰਘ ਬੜੌਲਾ ਵੀਟਾ ਮਿਲਕ ਪ੍ਰੋਡਿਊਸਰਜ਼ ਕੋਆਪਰੇਟਿਵ ਸੋਸਾਇਟੀ ਯੂਨੀਅਨ ਲਿਮਟਿਡ, ਅੰਬਾਲਾ ਦੇ ਜ਼ੋਨ ਨੰਬਰ ਇਕ ਤੋਂ ਵੀਟਾ ਮਿਲਕ ਪਲਾਂਟ ਅੰਬਾਲਾ ਸ਼ਹਿਰ ਦੇ ਡਾਇਰੈਕਟਰ ਚੁਣੇ ਗਏ ਹਨ। ਸੂਤਰਾਂ ਅਨੁਸਾਰ ਇਸ ਵੇਰ ਇਸ ਕੁਰਸੀ ਲਈ ਭਾਜਪਾ ਪੂਰਾ ਜ਼ੋਰ ਲਾ ਰਹੀ ਸੀ ਅਤੇ ਉਸ ਨੇ ਸਤਨਾਮ ਸਿੰਘ ਪੰਜੋਲਾ ਨੂੰ ਬੜੌਲਾ ਦੇ ਮੁਕਾਬਲੇ ਖੜ੍ਹਾ ਕੀਤਾ ਸੀ ਪਰੰਤੂ ਬੜੌਲਾ ਦਾ ਜਨਤਾ ਨਾਲ ਪਿਆਰ ਅਤੇ ਸਬੰਧ ਇਕ ਵੇਰ ਫੇਰ ਉਸ ਨੂੰ ਜੇਤੂ ਬਣਾ ਗਏ। ਬੜੌਲਾ ਨੂੰ 14 ਅਤੇ ਉਸ ਦੇ ਵਿਰੋਧੀ ਸਤਨਾਮ ਸਿੰਘ ਨੂੰ 8 ਵੋਟਾਂ ਪਈਆਂ। ਪਰਮਜੀਤ ਸਿੰਘ ਬੜੌਲਾ 6 ਵੋਟਾਂ ਦੇ ਫਰਕ ਨਾਲ ਜੇਤੂ ਰਹੇ। ਨਤੀਜੇ ਐਲਾਨੇ ਜਾਣ ਤੋਂ ਬਾਅਦ ਉਨ੍ਹਾਂ ਦੇ ਸਮਰਥਕਾਂ ਅਤੇ ਇਲਾਕੇ ਦੇ ਲੋਕਾਂ ਵਿੱਚ ਖ਼ੁਸ਼ੀ ਦਾ ਮਾਹੌਲ ਹੈ। ਲੋਕਾਂ ਨੇ ਬੜੌਲਾ ਨੂੰ ਹਾਰ ਪਾ ਕੇ ਜਿੱਤ ਦੀ ਵਧਾਈ ਦਿੱਤੀ।



ਪਰਮਜੀਤ ਸਿੰਘ ਬੜੌਲਾ ਨੇ ਆਪਣੀ ਜਿੱਤ ਦਾ ਸਿਹਰਾ ਆਪਣੇ ਸਾਥੀਆਂ, ਸਮਰਥਕਾਂ ਅਤੇ ਸਾਰੇ ਵੋਟਰਾਂ ਨੂੰ ਦਿੰਦੇ ਹੋਏ ਕਿਹਾ ਕਿ ਇਹ ਜਿੱਤ ਕਿਸੇ ਇੱਕ ਵਿਅਕਤੀ ਦਾ ਕੰਮ ਨਹੀਂ ਹੈ, ਸਗੋਂ ਚੋਣਾਂ ਦੌਰਾਨ ਉਨ੍ਹਾਂ ਦਾ ਸਮਰਥਨ ਕਰਨ ਵਾਲੇ ਸਾਰੇ ਲੋਕਾਂ ਦੇ ਵਿਸ਼ਵਾਸ ਅਤੇ ਸਹਿਯੋਗ ਦਾ ਨਤੀਜਾ ਹੈ। ਸਾਰੇ ਵੋਟਰਾਂ ਦਾ ਵਿਸ਼ੇਸ਼ ਧੰਨਵਾਦ ਕਰਦੇ ਹੋਏ ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਆਪਣੇ ਪ੍ਰਤੀਨਿਧੀ ਵਜੋਂ ਉਨ੍ਹਾਂ 'ਤੇ ਜੋ ਭਰੋਸਾ ਰੱਖਿਆ ਹੈ, ਉਸ ਨੂੰ ਬਣਾਈ ਰੱਖਣਾ ਉਨ੍ਹਾਂ ਦੀ ਮੁੱਖ ਜ਼ਿੰਮੇਵਾਰੀ ਹੋਵੇਗੀ। ਉਨ੍ਹਾਂ ਕਿਹਾ ਕਿ ਡਾਇਰੈਕਟਰ ਦਾ ਅਹੁਦਾ ਉਨ੍ਹਾਂ ਲਈ ਸਿਰਫ਼ ਇੱਕ ਅਹੁਦਾ ਨਹੀਂ ਹੈ, ਸਗੋਂ ਡੇਅਰੀ ਉਤਪਾਦਕਾਂ ਅਤੇ ਸਹਿਕਾਰੀ ਮੈਂਬਰਾਂ ਦੀ ਆਵਾਜ਼ ਨੂੰ ਬੁਲੰਦ ਕਰਨ ਦੀ ਜ਼ਿੰਮੇਵਾਰੀ ਹੈ। ਉਹ ਖੇਤਰ ਦੇ ਸਾਰੇ ਮੈਂਬਰਾਂ ਨਾਲ ਕੰਮ ਕਰਨ ਅਤੇ ਸਬੰਧਿਤ ਪਲੇਟਫਾਰਮਾਂ 'ਤੇ ਡੇਅਰੀ ਕਿਸਾਨਾਂ ਅਤੇ ਦੁੱਧ ਉਤਪਾਦਕਾਂ ਦੇ ਮੁੱਦਿਆਂ ਨੂੰ ਉਠਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਕੋਸ਼ਿਸ਼ ਕਰਨਗੇ। ਪਰਮਜੀਤ ਸਿੰਘ ਬੜੌਲਾ ਨੇ ਕਿਹਾ ਕਿ ਸਹਿਕਾਰੀ ਸਭਾਵਾਂ ਦੀ ਮੂਲ ਭਾਵਨਾ ਸਾਰੇ ਮੈਂਬਰਾਂ ਨੂੰ ਇਕੱਠੇ ਲਿਆਉਣਾ ਹੈ। ਇਸ ਲਈ, ਚੋਣ ਨਤੀਜਿਆਂ ਤੋਂ ਬਾਅਦ ਵੀ ਸਾਰੇ ਮੈਂਬਰਾਂ ਨਾਲ ਬਰਾਬਰ ਸੰਚਾਰ ਅਤੇ ਸਹਿਯੋਗ ਬਣਾਈ ਰੱਖਣਾ ਉਨ੍ਹਾਂ ਦੀ ਤਰਜੀਹ ਰਹੇਗੀ। ਉਨ੍ਹਾਂ ਅੱਗੇ ਕਿਹਾ ਕਿ ਖੇਤਰ ਵਿੱਚ ਡੇਅਰੀ ਉਤਪਾਦਕਾਂ ਦੀਆਂ ਸਮੱਸਿਆਵਾਂ, ਉਨ੍ਹਾਂ ਦੇ ਹਿੱਤਾਂ ਅਤੇ ਸਹਿਕਾਰੀ ਪ੍ਰਣਾਲੀ ਨੂੰ ਮਜ਼ਬੂਤਕਰਨ ਨਾਲ ਸਬੰਧਿਤ ਮੁੱਦਿਆਂ ਨੂੰ ਗੰਭੀਰਤਾ ਨਾਲ ਹੱਲ ਕਰਨ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਚੋਣ ਪ੍ਰਕਿਰਿਆ ਵਿੱਚ ਸਹਿਯੋਗ ਕਰਨ ਵਾਲੇ ਸਾਰੇ ਵੋਟਰਾਂ, ਸਮਰਥਕਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਲੋਕਤੰਤਰੀ ਪ੍ਰਕਿਰਿਆ ਵਿੱਚ ਹਰੇਕ ਵੋਟਰ ਦੀ ਵੋਟ ਮਹੱਤਵਪੂਰਨ ਹੁੰਦੀ ਹੈ ਅਤੇ ਸਾਰੇ ਉਮੀਦਵਾਰਾਂ ਅਤੇ ਵੋਟਰਾਂ ਦਾ ਸਤਿਕਾਰ ਸਭ ਤੋਂ ਉੱਪਰ ਹੁੰਦਾ ਹੈ। ਲੋਕਾਂ ਨੇ ਉਮੀਦ ਪ੍ਰਗਟ ਕੀਤੀ ਹੈ ਕਿ ਬੜੌਲਾ ਵੀਟਾ ਮਿਲਕ ਪ੍ਰੋਡਿਊਸਰਜ਼ ਕੋਆਪਰੇਟਿਵ ਸੁਸਾਇਟੀ ਯੂਨੀਅਨ ਲਿਮਟਿਡ, ਅੰਬਾਲਾ ਨਾਲ ਜੁੜੇ ਮੈਂਬਰਾਂ ਅਤੇ ਦੁੱਧ ਉਤਪਾਦਕਾਂ ਦੇ ਹਿੱਤਾਂ ਲਈ ਸਰਗਰਮੀ ਨਾਲ ਕੰਮ ਕਰਨਗੇ ਅਤੇ ਇਲਾਕੇ ਦੀਆਂ ਸਮੱਸਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸਬੰਧਿਤ ਮੰਚ ਤੱਕ ਪਹੁੰਚਾਉਣਗੇ।

ਅਗਨੀਵੀਰ ਪੁਰਸ਼ ਉਮੀਦਵਾਰਾਂ ਲਈ ਭਰਤੀ 15 ਤੋਂ 27 ਅਕਤੂਬਰ ਤੱਕ

ਪੈ.ਗਾਮ-ਏ-ਜਗਤ/ਅੰਬਾਲਾ, 26 ਸਤੰਬਰ (ਆਰ.ਸਿੰਘ)

ਫੌਜ ਦੇ ਬੁਲਾਰੇ ਨੇ ਇੱਕ ਰਿਲੀਜ਼ ਵਿੱਚ ਕਿਹਾ ਕਿ ਅਗਨੀਵੀਰ ਪੁਰਸ਼ ਉਮੀਦਵਾਰਾਂ ਦੀ ਭਰਤੀ ਪ੍ਰਕਿਰਿਆ ਦਾ ਦੂਜਾ ਪੜਾਅ (ਸਰੀਰਕ ਅਤੇ ਮੈਡੀਕਲ) 15 ਅਕਤੂਬਰ ਤੋਂ 27 ਅਕਤੂਬਰ, 2026 ਤੱਕ ਅੰਬਾਲਾ ਛਾਉਣੀ ਦੇ ਖੜਗਾ ਸਪੋਰਟਸ ਸਟੇਡੀਅਮ ਵਿਖੇ ਕਰਵਾਇਆ ਜਾਵੇਗਾ। ਅੰਬਾਲਾ, ਕੈਥਲ, ਕੁਰੂਕਸ਼ੇਤਰ, ਕਰਨਾਲ, ਯਮੁਨਾਨਗਰ, ਪੰਚਕੂਲਾ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਉਮੀਦਵਾਰ ਜਿਨ੍ਹਾਂ ਨੂੰ ਕੰਪਿਊਟਰ-ਅਧਾਰਿਤ ਆਨਲਾਈਨ ਆਮ ਪ੍ਰੀਖਿਆ ਦੇ ਪਹਿਲੇ ਪੜਾਅ ਵਿੱਚ ਸ਼ਾਰਟਲਿਸਟ ਕੀਤਾ ਗਿਆ ਹੈ, ਇਸ ਭਰਤੀ ਪ੍ਰਕਿਰਿਆ ਵਿੱਚ ਹਿੱਸਾ ਲੈ ਸਕਦੇ ਹਨ। ਉਮੀਦਵਾਰਾਂ ਲਈ ਐਡਮਿਟ ਕਾਰਡ ਜਲਦੀ ਹੀ ਜਾਰੀ ਕੀਤੇ ਜਾਣਗੇ। ਸਾਰੇ ਉਮੀਦਵਾਰਾਂ ਨੂੰ ਸਲਾਹ ਦਿੱਤੀ ਗਈ ਹੈ ਕਿ ਉਹ ਭਾਰਤੀ ਫੌਜ ਦੀ ਵੈੱਬਸਾਈਟ, www.joinindianarmy.nic.in 'ਤੇ ਆਪਣੇ ਲੌਗਇਨ ਆਈਡੀ ਦੀ ਵਰਤੋਂ ਕਰਕੇ ਨਿਯਮਿਤ ਤੌਰ 'ਤੇ ਆਪਣੇ ਐਡਮਿਟ ਕਾਰਡਾਂ ਦੀ ਜਾਂਚ ਕਰ ਲੈਣ। ਇੱਕ ਵਾਰ ਐਡਮਿਟ ਕਾਰਡ ਜਾਰੀ ਹੋਣ ਤੋਂ ਬਾਅਦ ਉਨ੍ਹਾਂ ਨੂੰ ਐਡਮਿਟ ਕਾਰਡ 'ਤੇ ਦਿੱਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਕਰਨੀ ਹੋਵੇਗੀ। ਜੇ ਕਿਸੇ ਵੀ ਉਮੀਦਵਾਰ ਨੂੰ ਐਡਮਿਟ ਕਾਰਡ ਡਾਊਨਲੋਡ ਕਰਨ ਵਿੱਚ ਕੋਈ ਸਮੱਸਿਆ ਆਉਂਦੀ ਹੈ ਤਾਂ ਉਹ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਦੇ ਵਿਚਕਾਰ ਆਪਣੇ ਫੌਜ ਭਰਤੀ ਦਫ਼ਤਰ ਨਾਲ ਸੰਪਰਕ ਕਰ ਸਕਦਾ ਹੈ।

ਪਿਹੋਵਾ-ਢੰਡ ਰੋਡ ਫੋਰਲੇਨਿੰਗ ਲਈ 734.35 ਲੱਖ ਰੁਪਏ ਮਨਜ਼ੂਰ

ਚੰਡੀਗੜ੍ਹ, 26 ਸਤੰਬਰ (ਪੈ.ਗਾਮ-ਏ-ਜਗਤ)

ਹਰਿਆਣਾ ਸਰਕਾਰ ਸੂਬੇ ਵਿੱਚ ਸੜਕੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਆਮ ਜਨਤਾ ਨੂੰ ਬਿਹਤਰ ਅਤੇ ਸੁਚੱਜੀ ਆਵਾਜਾਈ ਦੀ ਸਹੂਲਤ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ। ਇਸੇ ਲੜੀ ਵਿੱਚ ਕੁਰੂਕਸ਼ੇਤਰ ਜ਼ਿਲ੍ਹੇ ਵਿੱਚ ਪਿਹੋਵਾ-ਢੰਡ ਰੋਡ ਨੂੰ ਆਰਡੀ 53.00 ਤੋਂ ਆਰਡੀ 54.00 ਤੱਕ ਫੋਰਲੇਨ ਕਰਨ ਲਈ 734.35 ਲੱਖ ਰੁਪਏ ਦੀ ਪ੍ਰਸ਼ਾਸਕੀ ਪ੍ਰਵਾਨਗੀ ਦਿੱਤੀ ਗਈ ਹੈ।

ਲੋਕ ਨਿਰਮਾਣ ਅਤੇ ਲੋਕ ਸਿਹਤ ਇੰਜੀਨੀਅਰਿੰਗ ਮੰਤਰੀ ਸ੍ਰੀ ਰਣਬੀਰ ਸਿੰਘ ਗੰਗਵਾ ਨੇ ਕਿਹਾ ਕਿ ਬਿਹਤਰ ਸੜਕ ਨੈੱਟਵਰਕ ਕਿਸੇ ਵੀ ਖੇਤਰ ਦੇ ਵਿਕਾਸ ਦੀ ਮਹੱਤਵਪੂਰਨ ਆਧਾਰਸ਼ਿਲਾ ਹੈ। ਸਰਕਾਰ ਦਾ ਯਤਨ ਹੈ ਕਿ ਸੂਬੇ ਵਿੱਚ ਸੜਕਾਂ ਨੂੰ ਮਜ਼ਬੂਤ, ਸੁਰੱਖਿਅਤ ਅਤੇ ਸੁਵਿਧਾਜਨਕ ਬਣਾਇਆ ਜਾਵੇ, ਤਾਂ ਜੋ ਲੋਕਾਂ ਨੂੰ ਆਵਾਜਾਈ ਵਿੱਚ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਾ ਹੋਵੇ ਅਤੇ ਵੱਖ-ਵੱਖ ਖੇਤਰਾਂ ਵਿਚਕਾਰ ਕਨੈਕਟੀਵਿਟੀ ਹੋਰ ਬਿਹਤਰ ਹੋਵੇ। ਉਨ੍ਹਾਂ ਦੱਸਿਆ ਕਿ ਇਸ ਕੰਮ ਤਹਿਤ ਚਾਲੂ ਵਿੱਤੀ ਵਰ੍ਹੇ ਵਿੱਚ ਯੂਟਿਲਿਟੀ ਸ਼ਿਫਟਿੰਗ ਅਤੇ ਜੰਗਲਾਤ ਪ੍ਰਵਾਨਗੀ ਨਾਲ ਸਬੰਧਤ ਜ਼ਰੂਰੀ ਗਤੀਵਿਧੀਆਂ ਕੀਤੀਆਂ ਜਾਣਗੀਆਂ। ਵਿਭਾਗ ਵੱਲੋਂ ਕੰਮ ਨੂੰ ਅੱਗੇ ਵਧਾਉਣ ਲਈ ਲੋੜੀਂਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਮੰਤਰੀ ਰਣਬੀਰ ਗੰਗਵਾ ਨੇ ਕਿਹਾ ਕਿ ਸੂਬੇ ਵਿੱਚ ਸੜਕੀ ਵਿਕਾਸ ਨਾਲ ਜੁੜੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਅੱਗੇ ਵਧਾਇਆ ਜਾ ਰਿਗ ਹੈ, ਤਾਂ ਜੋ ਮੌਜੂਦਾ ਸੜਕੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ ਅਤੇ ਲੋਕਾਂ ਨੂੰ ਬਿਹਤਰ ਟਰਾਂਸਪੋਰਟ ਸਹੂਲਤਾਂ ਮਿਲ ਸਕਣ।

ਸ.ਫ਼ਾ 1 ਦਾ ਬਾਕੀ...

ਜਾਪਾਨ ਨੂੰ 2-0...

ਇਹ ਸਫ਼ਲਤਾ ਹਾਸਲ ਕੀਤੀ। ਇਸ ਦੇ ਨਾਲ ਹੀ ਭਾਰਤ ਦੀਆਂ ਦੋ ਪ੍ਰਮੁੱਖ ਨਿਸ਼ਾਨੇਬਾਜ਼ਾਂ ਨੇ ਵਿਅਕਤੀਗਤ ਫਾਈਨਲ ਲਈ ਵੀ ਕੁਆਲੀਫਾਈ ਕਰ ਲਿਆ ਹੈ। ਮੁਕਾਬਲੇ ਦੌਰਾਨ ਭਾਰਤੀ ਟੀਮ ਨੇ ਕੁੱਲ 1763 ਅੰਕ ਬਣਾ ਕੇ ਪੋਡੀਅਮ 'ਤੇ ਦੂਜਾ ਸਥਾਨ ਹਾਸਲ ਕੀਤਾ। ਇਸ ਕੜੇ ਮੁਕਾਬਲੇ ਵਿੱਚ ਚੀਨ ਦੀ ਟੀਮ ਨੇ 1773 ਅੰਕਾਂ ਦੇ ਨਵੇਂ ਗੇਮਜ਼ ਰਿਕਾਰਡ ਨਾਲ ਸੋਨੇ ਦਾ ਤਗਮਾ ਆਪਣੇ ਨਾਂ ਕੀਤਾ, ਜਦੋਂਕਿ ਕਜ਼ਾਖਸਤਾਨ ਦੀ ਟੀਮ 1754 ਅੰਕਾਂ ਨਾਲ ਤੀਜੇ ਸਥਾਨ 'ਤੇ ਰਹਿ ਕੇ ਕਾਂਸੀ ਦੇ ਤਗਮੇ 'ਤੇ ਹੀ ਸੀਮਤ ਰਹੀ।

ਏ.ਐੱਸ.ਆਈ....

ਦੌਰਾਨ ਉਸ ਦੀ ਮੌਤ ਹੋ ਗਈ। ਕਰਨਬੀਰ ਸਿੰਘ ਨੂੰ ਪਹਿਲਾਂ ਵੀ ਭੱਲਾ ਪਿੰਡ ਸ਼ੂਗਰ ਮਿਲ ਨੇੜੇ ਏ.ਐੱਸ.ਆਈ. ਜਸਵੰਤ ਸਿੰਘ ਨਾਲ ਜੁੜੀ ਗੋਲੀਬਾਰੀ ਦੀ ਘਟਨਾ ਵਿੱਚ ਰਾਜਾਸਾਂਸੀ ਥਾਣੇ ਵਿੱਚ ਦਰਜ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ। ਪੁਲੀਸ ਨੇ ਦੱਸਿਆ ਕਿ ਉਹ ਕੁਝ ਦਿਨ ਪਹਿਲਾਂ ਮਜੀਠਾ ਇਲਾਕੇ ਵਿੱਚ ਹਥਿਆਰਾਂ ਦੀ ਬਰਾਮਦਗੀ ਲਈ ਲਿਜਾਏ ਜਾਣ ਸਮੇਂ ਪੁਲੀਸ ਹਿਰਾਸਤ ਵਿੱਚੋਂ ਫਰਾਰ ਹੋ ਗਿਆ ਸੀ, ਜਿਸ ਦੇ ਸਬੰਧ ਵਿੱਚ ਮਜੀਠਾ ਪੁਲੀਸ ਸਟੇਸ਼ਨ ਵਿੱਚ ਇੱਕ ਵੱਖਰੀ ਐੱਫ.ਆਈ.ਆਰ. ਦਰਜ ਕੀਤੀ ਗਈ ਸੀ। ਇਸ ਤੋਂ ਇਲਾਵਾ, ਪੁਲੀਸ ਮੁਤਾਬਕ ਕਰਨਬੀਰ ਸਿੰਘ ਨੂੰ 2025 ਵਿੱਚ ਘਰਿੰਡਾ ਪੁਲੀਸ ਸਟੇਸ਼ਨ ਵਿੱਚ ਦਰਜ ਇੱਕ ਐੱਫ.ਆਈ.ਆਰ. ਵਿੱਚ ਵੀ ਨਾਮਜ਼ਦ ਕੀਤਾ ਗਿਆ ਸੀ, ਜਿਸ ਸਮੇਂ ਉਸ ਨੂੰ ਨਾਬਾਲਗ ਵਜੋਂ ਪੇਸ਼ ਕੀਤਾ ਗਿਆ ਸੀ ਅਤੇ ਬਾਅਦ ਵਿੱਚ ਜ਼ਮਾਨਤ ਮਿਲ ਗਈ ਸੀ।

ਪੁਲੀਸ ਨੇ ਦਾਅਵਾ ਕੀਤਾ ਹੈ ਕਿ ਮੌਕੇ ਤੋਂ ਇੱਕ ਗਲੌਕ 9-ਐੱਮ.ਐੱਮ. ਪਿਸਤੌਲ, ਇੱਕ 30-ਬੋਰ ਦਾ ਪਿਸਤੌਲ ਅਤੇ ਮੋਟਰਸਾਈਕਲ ਬਰਾਮਦ ਕੀਤਾ ਗਿਆ ਹੈ। ਆਈ.ਜੀ. ਭੁੱਲਰ ਨੇ ਕਿਹਾ ਕਿ ਘਟਨਾ ਦੇ ਪੂਰੇ ਕ੍ਰਮ ਨੂੰ ਸਮਝਣ ਅਤੇ ਹੋਰ ਅਪਰਾਧਿਕ ਗਤੀਵਿਧੀਆਂ ਵਿੱਚ ਉਸ ਦੀ ਸ਼ਮੂਲੀਅਤ ਦਾ ਪਤਾ ਲਗਾਉਣ ਲਈ ਅੱਗੇ ਦੀ ਜਾਂਚ ਜਾਰੀ ਹੈ।

ਨਾਗਾਲੈਂਡ ਵਿੱਚ ਜ਼ਹਿਰੀਲੀ...

ਪੁਲੀਸ ਨੂੰ ਕੁਝ ਅਹਿਮ ਸੁਰਾਗ ਮਿਲੇ ਹਨ ਪਰ ਅਜੇ ਵੇਰਵੇ ਸਾਂਝੇ ਕਰਨਾ ਬਹੁਤ ਜਲਦਬਾਜ਼ੀ ਹੋਵੇਗੀ। ਇਸ ਮਾਮਲੇ ਵਿੱਚ ਹੁਣ ਤੱਕ 19 ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ ਅਤੇ ਲਗਪਗ 3,000 ਸ਼ਰਾਬ ਦੀਆਂ ਬੋਤਲਾਂ ਬਰਾਮਦ ਕੀਤੀਆਂ ਗਈਆਂ ਹਨ।

ਅਕਾਲੀ ਦਲ ਪੱਖੀ...

103 ਅਤੇ ਅਸਲਾ ਐਕਟ ਦੀ ਦਫ਼ਾ 25, 27, 54, 59 ਅਧੀਨ ਕੇਸ ਦਰਜ ਕਰਕੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਸ਼ੁਰੂ ਕੀਤੀ ਗਈ ਹੈ। ਡੀ.ਐੱਸ.ਪੀ. ਸੁਖਬੀਰ ਸਿੰਘ ਨੇ ਦੱਸਿਆ ਕਿ ਥਾਣਾ ਝਬਾਲ ਦੇ ਐੱਸ.ਐੱਚ.ਓ. ਸਬ-ਇੰਸਪੈਕਟਰ ਜੁਗਰਾਜ ਸਿੰਘ ਨੂੰ ਮੁਲਜ਼ਮਾਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਡੀ.ਐੱਸ.ਪੀ. ਨੇ ਦਾਅਵਾ ਕੀਤਾ ਕਿ ਇਸ ਮਾਮਲੇ ਵਿੱਚ ਕਿਸੇ ਕਿਸਮ ਦੀ ਰਾਜਨੀਤੀ ਜਾਂ ਫਿਰ ਗੈਂਗਸਟਰਵਾਦ ਦਾ ਹੱਥ ਨਹੀਂ ਹੈ।

ਦੋ ਸੀਨੀਅਰ ਫੌਜੀ...

ਜਨਰਲ ਬਾਕੁਮੀ ਲਿਕੁਲੀਆ ਵਜੋਂ ਕੀਤੀ ਗਈ ਹੈ। ਕਾਂਗੋ ਦੀ ਫੌਜ ਦੇ ਬੁਲਾਰੇ ਮੇਜਰ ਜਨਰਲ ਏਫੋਮੀ ਏਕੇਂਗੇ ਨੇ ਦੱਸਿਆ ਕਿ ਇਨ੍ਹਾਂ ਦੋ ਅਧਿਕਾਰੀਆਂ ਤੋਂ ਇਲਾਵਾ, 12 ਹੋਰ ਲੋਕ - ਜਿਨ੍ਹਾਂ ਵਿੱਚ ਚਾਲਕ ਦਲ ਦੇ ਮੈਂਬਰ ਵੀ ਸ਼ਾਮਲ ਸਨ - ਹਾਦਸੇ ਵਿੱਚ ਮਾਰੇ ਗਏ।

ਸਥਾਨਕ ਅਧਿਕਾਰੀਆਂ ਅਨੁਸਾਰ, ਜਹਾਜ਼ ਦੱਖਣ-ਪੱਛਮੀ ਸ਼ਹਿਰ ਕਿਕਵਿਤ ਤੋਂ ਰਾਜਧਾਨੀ ਕਿਨਸ਼ਾਸਾ ਵਾਪਸ ਆ ਰਿਹਾ ਸੀ ਜਦੋਂ ਇਸ ਵਿੱਚ ਤਕਨੀਕੀ ਖਰਾਬੀ ਆ ਗਈ ਅਤੇ ਇਹ ਕੇਂਗੇ ਵਿੱਚ ਹਾਦਸਾਗ੍ਰਸਤ ਹੋ ਗਿਆ। ਉਨ੍ਹਾਂ ਦੱਸਿਆ ਕਿ ਜਹਾਜ਼ ਵਿੱਚ ਸਵਾਰ ਸਾਰੇ ਲੋਕਾਂ ਦੀ ਮੌਤ ਹੋ ਗਈ। ਏਕੇਂਗੇ ਨੇ ਕਿਹਾ ਕਿ ਹਾਦਸੇ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਸਿਵਲ ਏਵੀਏਸ਼ਨ ਅਥਾਰਟੀ ਦੇ ਬੋਰਡ ਦੇ ਚੇਅਰਮੈਨ ਟ੍ਰਾਈਫੋਨ ਕਿਨ-ਕੀ ਮੁਲੁੰਬਾ ਨੇ ਕਿਹਾ ਕਿ ਹਾਦਸੇ ਦੇ ਕਾਰਨਾਂ ਬਾਰੇ ਅਜੇ ਤੱਕ ਕੋਈ ਜਾਣਕਾਰੀ ਨਹੀਂ ਮਿਲੀ ਹੈ। ਪਿਛਲੇ ਸਾਲ ਤੋਂ, ਕਾਂਗੋ ਦੀ ਫੌਜ ਦੇਸ਼ ਦੇ ਪੂਰਬੀ ਖੇਤਰ ਵਿੱਚ ਕਈ ਬਾਗੀ ਸਮੂਹਾਂ ਨਾਲ ਲੜ ਰਹੀ ਹੈ, ਜਿਨ੍ਹਾਂ ਵਿੱਚ ਰਵਾਂਡਾ-ਸਮਰਥਿਤ MBC ਬਾਗੀ ਸਮੂਹ ਵੀ ਸ਼ਾਮਲ ਹੈ।

ਮੁੱਖ ਮੰਤਰੀ ਮਾਨ...

ਭੇਜ ਦਿੱਤਾ ਹੈ। ਜ਼ਿਕਰਯੋਗ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜੱਥੇਦਾਰ ਨੇ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' 'ਤੇ ਕੁਝ ਇਤਰਾਜ ਜਤਾਏ ਸਨ ਅਤੇ ਸਮੂਹ ਵਿਧਾਨ ਸਭਾ ਨੂੰ ਤਲਬ ਕੀਤਾ ਗਿਆ ਸੀ। ਇਸ ਤੋਂ ਬਾਅਦ ਸੂਬਾ ਸਰਕਾਰ ਨੇ ਐਕਟ ਵਿੱਚ ਸੋਧ ਕਰਨ ਲਈ 7 ਮੈਂਬਰੀ ਕਮੇਟੀ ਦਾ ਗਠਨ ਕੀਤਾ ਸੀ, ਜਿਸ ਵੱਲੋਂ ਸੋਧ ਐਕਟ ਵਿਚ ਕੀਤੀਆਂ ਜੋਣ ਵਾਲੀਆਂ ਸੋਧਾਂ ਬਾਰੇ ਆਪਣੀ ਰਾਏ ਦਿੱਤੀ ਜਾਵੇਗੀ।

ਐਸ.ਆਈ.ਆਰ. ਦੇ...

ਵੱਲੋਂ ਆਈ.ਟੀ. ਵਿਭਾਗ ਦੀ ਨਿਗਰਾਨੀ ਨੂੰ ਕਦੇ ਵੀ ਅਸਲ ਵਿੱਚ ਵਾਪਸ ਨਹੀਂ ਲਿਆ ਗਿਆ ਸੀ। ਚੋਣ ਕਮਿਸ਼ਨ (ਈ.ਸੀ.) ਨੇ ਕਿਹਾ ਕਿ ਹਾਲ ਹੀ ਦੇ ਮਹੀਨਿਆਂ ਵਿੱਚ, ਇਸ ਨੇ ਦੇਸ਼ ਭਰ ਵਿੱਚ ਐਸ.ਆਈ.ਆਰ. ਸਮੇਤ ਕਈ ਫ਼ੈਸਲੇ ਲਏ ਹਨ। ਬਿਹਾਰ ਤੋਂ ਸ਼ੁਰੂ ਕਰਕੇ, ਉਸ ਤੋਂ ਬਾਅਦ ਪੱਛਮੀ ਬੰਗਾਲ ਅਤੇ 30 ਹੋਰ ਰਾਜਾਂ/ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ, ਸਾਰੇ ਰਾਜਾਂ/ਕੇਂਦਰ ਸ਼ਾਸਤ ਪ੍ਰਦੇਸ਼ਾਂ ਲਈ 24 ਜੂਨ 2025 ਨੂੰ ਜਾਰੀ ਕੀਤਾ ਗਿਆ ਐਸ.ਆਈ.ਆਰ. ਦਾ ਹੁਕਮ ਕਮਿਸ਼ਨ ਦੀ ਸਰਬਸੰਮਤੀ ਨਾਲ ਪ੍ਰਵਾਨਗੀ ਨਾਲ ਜਾਰੀ ਕੀਤਾ ਗਿਆ ਸੀ। ਇਸ ਨੇ ਕਿਹਾ ਕਿ ਇਸ ਨੂੰ ਭਾਰਤ ਦੀ ਸੁਪਰੀਮ ਕੋਰਟ ਵੱਲੋਂ ਇਸ ਦੇ 27 ਮਈ 2026 ਦੇ ਹੁਕਮ ਰਾਹੀਂ ਬਰਕਰਾਰ ਰੱਖਿਆ ਗਿਆ ਹੈ। 12 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਲਈ ਐਸ.ਆਈ.ਆਰ. ਦਾ ਸਮਾਂ-ਸੂਚੀ 27 ਅਕਤੂਬਰ 2025 ਨੂੰ ਜਾਰੀ ਕੀਤਾ ਗਿਆ ਸੀ ਅਤੇ 19 ਰਾਜਾਂ/ਕੇਂਦਰ ਸ਼ਾਸਤ ਪ੍ਰਦੇਸ਼ਾਂ ਲਈ 14 ਮਈ, 2026 ਨੂੰ ਚੋਣ ਕਮਿਸ਼ਨ ਦੀ ਸਰਬਸੰਮਤੀ ਨਾਲ ਪ੍ਰਵਾਨਗੀ ਨਾਲ ਜਾਰੀ ਕੀਤਾ ਗਿਆ ਸੀ।

ਚੋਣਕਾਰਾਂ ਦੀ ਗਿਣਤੀ ਦਾ ਅੰਤਿਮ ਅੰਕੜਾ ਫੇਜ਼-999 ਦੇ ਬਾਕੀ 12 ਰਾਜਾਂ ਵਿੱਚ ਅੰਤਿਮ ਪ੍ਰਕਾਸ਼ਨ ਤੋਂ ਬਾਅਦ ਹੀ ਪਤਾ ਲੱਗੇਗਾ।

ਬਿਆਨ ਵਿੱਚ ਕਿਹਾ ਗਿਆ, 'ਐਸ.ਆਈ.ਆਰ. ਲਈ ਫਾਰਮ 6 ਨਾਲ ਜੁੜੇ ਐਲਾਨ ਨੂੰ ਮਾਣਯੋਗ ਸੁਪਰੀਮ ਕੋਰਟ ਨੇ ਬਰਕਰਾਰ ਰੱਖਿਆ ਹੈ। ਗੈਰ-ਐਸ.ਆਈ.ਆਰ. ਮਿਆਦ ਲਈ, ਨਿਯਮਾਂ (ਵੋਟਰ ਰਜਿਸਟਰੇਸ਼ਨ ਨਿਯਮ 1960) ਦੇ ਅਨੁਸਾਰ ਲਾਗੂ ਹੋਣ ਵਾਲੇ ਫਾਰਮ ਵਰਤੇ ਜਾਣਗੇ।

ਇਸ ਵਿੱਚ ਕਿਹਾ ਗਿਆ ਹੈ ਕਿ ਚੋਣ ਕਮਿਸ਼ਨ ਦੀ ਹਰ ਮੀਟਿੰਗ ਲਈ, ਏਜੰਡਾ ਪਹਿਲਾਂ ਹੀ ਸਰਕੂਲਰ ਕੀਤਾ ਜਾਵੇਗਾ ਅਤੇ ਮਿੰਟ ਜਾਰੀ ਕੀਤੇ ਜਾਣਗੇ। ਚੋਣ ਕਮਿਸ਼ਨ ਨੇ ਇਹ ਵੀ ਕਿਹਾ ਕਿ ਕਮਿਸ਼ਨਰਾਂ ਵੱਲੋਂ ਚੋਣ ਬਾਡੀ ਦੇ ਅਧਿਕਾਰੀਆਂ ਨੂੰ ਜਾਰੀ ਕੀਤੀਆਂ ਗਈਆਂ ਸਾਰੀਆਂ ਹਦਾਇਤਾਂ ਦੀ ਪੂਰੀ ਤਰ੍ਹਾਂ ਪਾਲਣਾ ਕੀਤੀ ਜਾਵੇਗੀ।

'ਦਿ ਇੰਡੀਅਨ ਐਕਸਪ੍ਰੈੱਸ' ਵੱਲੋਂ ਇਹ ਖ਼ਬਰ ਦੇਣ ਤੋਂ ਬਾਅਦ ਇਹ ਚੋਣ ਕਮਿਸ਼ਨ ਦਾ ਦੂਜਾ ਬਿਆਨ ਹੈ। ਚੋਣ ਬਾਡੀ ਨੇ ਇਸ ਮਾਮਲੇ 'ਤੇ ਆਪਣਾ ਪਹਿਲਾ ਬਿਆਨ ਉਸ ਦਿਨ ਜਾਰੀ ਕੀਤਾ ਸੀ ਜਿਸ ਦਿਨ ਅਖ਼ਬਾਰ ਨੇ ਚੋਣ ਕਮਿਸ਼ਨ ਦੇ ਅੰਦਰੂਨੀ ਮਾਮਲਿਆਂ ਦੀ ਰਿਪੋਰਟ ਦਿੱਤੀ ਸੀ।

ਚੋਣ ਪੈਨਲ ਨੇ ਇਹ ਵੀ ਕਿਹਾ ਕਿ ਗੋਆ ਦੇ ਮੁੱਖ ਚੋਣ ਅਧਿਕਾਰੀ (ਸੀ.ਈ.ਓ.) ਨੇ ਸਬੰਧਤ ਬੀ.ਐੱਲ.ਓਜ਼ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਛੁੱਟ ਗਏ ਵੋਟਰਾਂ ਦੇ ਫਾਰਮ ਇਕੱਠੇ ਕਰਨ ਲਈ ਘਰ-ਘਰ ਜਾਣ। ਇਸ ਨੇ ਕਿਹਾ ਕਿ 97 ਵਿੱਚੋਂ 81 ਵੋਟਰ ਪਹਿਲਾਂ ਹੀ ਸ਼ਾਮਲ ਕਰਨ ਲਈ ਫਾਰਮ 6 ਭਰ ਚੁੱਕੇ ਹਨ।

ਚੋਣ ਕਮਿਸ਼ਨ ਨੇ ਇਹ ਵੀ ਕਿਹਾ ਕਿ ਐੱਸ.ਆਈ.ਆਰ. ਵਿੱਚ ਨੋਟਿਸ ਪ੍ਰਾਪਤ ਕਰਨ ਵਾਲੇ ਲੋਕਾਂ ਨੂੰ ਅਪਵਾਦ ਵਾਲੇ ਮਾਮਲਿਆਂ ਨੂੰ ਛੱਡ ਕੇ ਨਿੱਜੀ ਤੌਰ 'ਤੇ ਸੁਣਵਾਈ ਲਈ ਜਾਣ ਦੀ ਲੋੜ ਨਹੀਂ ਹੈ। ਚੋਣ ਕਮਿਸ਼ਨ ਨੇ ਕਿਹਾ ਹੈ ਕਿ ਵੱਖ-ਵੱਖ ਵਿਚਾਰ ਅਤੇ ਟਿੱਪਣੀਆਂ ਸੰਸਥਾਗਤ ਵਿਚਾਰ-ਵਟਾਂਦਰੇ ਦਾ ਇੱਕ ਆਮ ਹਿੱਸਾ ਹਨ ਅਤੇ ਦਾਅਵਾ ਕੀਤਾ ਕਿ ਇਸ ਦੇ ਹੁਕਮਾਂ ਨੂੰ ਪੂਰੀ ਕਾਨੂੰਨੀ ਪ੍ਰਵਾਨਗੀ ਪ੍ਰਾਪਤ ਹੈ ਅਤੇ ਇਹ ਕਾਨੂੰਨੀ ਪ੍ਰਕਿਰਿਆਵਾਂ ਦੀ ਪਾਲਣਾ ਕਰਦੇ ਹਨ।

20 ਕਿੱਲੋ ਹੈਰੋਇਨ...

ਏ. ਐੱਨ. ਟੀ. ਐੱਫ. ਫਿਰੋਜ਼ਪੁਰ ਰੇਂਜ ਦੀ ਟੀਮ ਨੇ ਸਾਂਝੇ ਤੌਰ 'ਤੇ ਇਲਾਕੇ ਵਿਚ ਸਰਚ ਆਪ੍ਰੇਸ਼ਨ ਚਲਾਇਆ। ਆਪ੍ਰੇਸ਼ਨ ਦੌਰਾਨ ਟੀਮ ਨੇ ਦੋ ਸ਼ੱਕੀ ਨਸ਼ਾ ਤਸਕਰਾਂ ਨੂੰ ਕਾਬੂ ਕੀਤਾ। ਤਲਾਸ਼ੀ ਦੌਰਾਨ ਉਨ੍ਹਾਂ ਦੇ ਕਬਜ਼ੇ ਵਿੱਚੋਂ 20 ਪੈਕਟ ਬਰਾਮਦ ਕੀਤੇ ਗਏ। ਇਨ੍ਹਾਂ ਵਿਚ ਹੈਰੋਇਨ ਹੋਣ ਦੀ ਗੱਲ ਸਾਹਮਣੇ ਆਈ ਹੈ। ਸਾਰੇ ਪੈਕਟਾਂ ਦਾ ਕੁੱਲ ਵਜ਼ਨ ਤਕਰੀਬਨ 20 ਕਿੱਲੋ ਦੱਸਿਆ ਜਾ ਰਿਹਾ ਹੈ। ਦੋਹਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਤਪ, ਸੰਜਮ ਅਤੇ ਸਵੈ-ਅਨੁਸ਼ਾਸਨ ਹੀ ਮਨੁੱਖੀ ਜੀਵਨ ਦੀ ਸਭ ਤੋਂ ਵੱਡੀ ਪੂੰਜੀ: ਮੁੱਖ ਮੰਤਰੀ ਨਾਇਬ ਸਿੰਘ ਸੈਣੀ

- ਪੰਜਾਬ ਦੇ ਹੁਸ਼ਿਆਰਪੁਰ ਵਿੱਚ ਬਾਬਾ ਸ੍ਰੀ ਚੰਦ ਜੀ ਮਹਾਰਾਜ ਦੇ 532ਵੇਂ ਪ੍ਰਕਾਸ਼ ਪੁਰਬ ਅਤੇ ਸਰਵ-ਧਰਮ ਸੰਮੇਲਨ ਵਿੱਚ ਸ਼ਾਮਲ ਹੋਏ ਹਰਿਆਣਾ ਦੇ ਮੁੱਖ ਮੰਤਰੀ
- ਮੁੱਖ ਮੰਤਰੀ ਸੈਣੀ ਨੇ ਨੌਜਵਾਨਾਂ ਨੂੰ ਬਾਬਾ ਸ੍ਰੀ ਚੰਦ ਜੀ ਦੇ ਜੀਵਨ ਤੋਂ ਸਵੈ-ਅਨੁਸ਼ਾਸਨ ਅਤੇ ਗੁਰੂ ਸਾਹਿਬਾਨ ਤੋਂ ਸੇਵਾ ਦੀ ਪ੍ਰੇਰਨਾ ਲੈਣ ਦਾ ਸੱਦਾ ਦਿੱਤਾ



ਪੈ.ਗਾਮ-ਏ-ਜਗਤ
ਚੰਡੀਗੜ੍ਹ (ਦਲਜੀਤ ਅਜਨੋਹਾ)

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਤਪ, ਸੰਜਮ ਅਤੇ ਸਵੈ-ਅਨੁਸ਼ਾਸਨ ਹੀ ਮਨੁੱਖੀ ਜੀਵਨ ਦੀ ਸਭ ਤੋਂ ਵੱਡੀ ਪੂੰਜੀ ਹੈ। ਅਸਲੀ ਜਿੱਤ ਕਿਸੇ ਦੂਜੇ ਨੂੰ ਹਰਾਉਣ ਵਿੱਚ ਨਹੀਂ, ਸਗੋਂ ਆਪਣੇ ਅੰਦਰ ਦੇ ਕ੍ਰੋਧ, ਲੋਭ, ਹੰਕਾਰ ਅਤੇ ਨਫ਼ਰਤ ਉੱਤੇ ਜਿੱਤ ਪ੍ਰਾਪਤ ਕਰਨ ਵਿੱਚ ਹੈ।

ਮੁੱਖ ਮੰਤਰੀ ਸ਼ਨੀਵਾਰ ਨੂੰ ਪੰਜਾਬ ਦੇ ਹੁਸ਼ਿਆਰਪੁਰ ਵਿੱਚ ਪਹਿਲੇ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਜੀ ਮਹਾਰਾਜ ਦੇ 532ਵੇਂ ਪ੍ਰਕਾਸ਼ ਪੁਰਬ ਅਤੇ ਪੁੰਨਿਆ ਦੇ ਪਾਵਨ ਮੌਕੇ ’ਤੇ ਆਯੋਜਿਤ ‘ਸਰਵ-ਧਰਮ ਸੰਮੇਲਨ’ ਨੂੰ ਮੁੱਖ ਮਹਿਮਾਨ ਵਜੋਂ ਸੰਬੋਧਨ ਕਰ ਰਹੇ ਸਨ।

ਪ੍ਰੋਗਰਾਮ ਵਿੱਚ ਪਹੁੰਚੇ ਸੰਤਾਂ ਅਤੇ ਧਰਮਾਚਾਰੀਆਂ ਦਾ ਸੁਆਗਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵੱਖ-ਵੱਖ ਧਰਮਾਂ ਦੀਆਂ ਪੂਜਾ ਪੱਧਤੀਆਂ, ਪ੍ਰਾਰਥਨਾ ਦੇ ਤਰੀਕੇ, ਪਹਿਰਾਵੇ ਅਤੇ ਭਾਸ਼ਾਵਾਂ ਭਾਵੇਂ ਵੱਖੋ-ਵੱਖਰੀਆਂ ਹੋ ਸਕਦੀਆਂ ਹਨ, ਪਰ ਸਾਰਿਆਂ ਦੀ ਮੰਜ਼ਿਲ ਇੱਕੋ ਹੀ ਹੈ। ਮਨੁੱਖ ਦੇ ਅੰਦਰ ਪਿਆਰ ਜਗਾਉਣਾ, ਹੰਕਾਰ ਨੂੰ ਮਿਟਾਉਣਾ, ਦੁਖੀ ਦੀ ਸੇਵਾ ਕਰਨਾ ਅਤੇ ਪ੍ਰਮਾਤਮਾ ਨਾਲ ਜੁੜਨਾ ਹੈ। ਇਹ ਸਰਵ-ਧਰਮ ਸੰਮੇਲਨ ਪੰਜਾਬ ਦੀ ਉਸ ਮਹਾਨ ਸੰਸਕ੍ਰਿਤੀ ਦਾ ਜਿਉਂਦਾ-ਜਾਗਦਾ ਸੁਨੇਹਾ ਹੈ ਜੋ ਦਿਲਾਂ ਨੂੰ ਜੋੜਦੀ ਹੈ ਅਤੇ ਮਾਨਵਤਾ ਨੂੰ ਸਰਵਉੱਚ ਰੱਖਦੀ ਹੈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਬਾਬਾ ਸ੍ਰੀ ਚੰਦ ਜੀ ਮਹਾਰਾਜ ਦੇ ਜੀਵਨ ’ਤੇ ਚਾਨਣਾ ਪਾਉਂਦਿਆਂ ਕਿਹਾ ਕਿ ਸਾਲ 1494 ਵਿੱਚ ਜੰਮੇ ਬਾਬਾ ਸ੍ਰੀ ਚੰਦ ਜੀ ਦਾ ਜੀਵਨ ਵੈਰਾਗ, ਤਪ ਅਤੇ ਸਾਧਨਾ ਦੀ ਅਨੋਖੀ ਮਿਸਾਲ ਹੈ।

ਸੰਤਾਂ ਨੇ ਔਖੇ ਦੌਰ ਵਿੱਚ ਧਾਰਮਿਕ ਅਸਥਾਨਾਂ ਦੀ ਸੇਵਾ-ਸੰਭਾਲ ਕਰਨ ਦੇ ਨਾਲ-ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸੁਨੇਹਿਆਂ ਨੂੰ ਘਰ-ਘਰ ਪਹੁੰਚਾਉਣ ਵਿੱਚ ਅਮੁੱਲ ਯੋਗਦਾਨ ਪਾਇਆ।

ਮੁੱਖ ਮੰਤਰੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ 16ਵੀਂ ਪੀੜ੍ਹੀ ਦੇ ਵਾਰਸ ਅਤੇ ਪ੍ਰੋਗਰਾਮ ਦੇ ਪ੍ਰਬੰਧਕ ਸ਼ਰਧੇਯ ਬਾਬਾ ਸੁਖਦੇਵ ਸਿੰਘ ਬੇਦੀ ਜੀ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਇਸ ਪਾਵਨ ਪ੍ਰਕਾਸ਼ ਪੁਰਬ ਨੂੰ ਸਰਵ-ਧਰਮ ਸੰਮੇਲਨ ਨਾਲ ਜੋੜ ਕੇ ਸਮੁੱਚੇ ਸਮਾਜ ਨੂੰ ਇੱਕ ਮੰਚ ’ਤੇ ਲਿਆਉਣ ਦਾ ਕੰਮ ਕੀਤਾ ਹੈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਅਤੇ ਪੰਜਾਬ ਸਿਰਫ਼ ਭੂਗੋਲਿਕ ਤੌਰ ’ਤੇ ਹੀ ਨੇੜੇ ਨਹੀਂ ਹਨ, ਸਗੋਂ ਦੋਵਾਂ ਸੂਬਿਆਂ ਦੀ ਸਭਿਅਤਾ, ਸੰਸਕ੍ਰਿਤੀ ਅਤੇ ਸੰਤਾਂ ਦੀ ਵਿਰਾਸਤ ਵੀ ਸਾਂਝੀ ਹੈ। ਹਰਿਆਣਾ ਦੀ ਪਾਵਨ ਧਰਤੀ ’ਤੇ ਕੁਰੂਕਸ਼ੇਤਰ, ਪਿਹੋਵਾ, ਕੈਥਲ, ਜੀਂਦ, ਸਿਰਸਾ ਅਤੇ ਅੰਬਾਲਾ ਵਰਗੇ ਕਈ ਅਸਥਾਨਾਂ ’ਤੇ ਗੁਰੂ ਪਰੰਪਰਾ ਅਤੇ ਉਦਾਸੀ ਸੰਤਾਂ ਦੀਆਂ ਪਾਵਨ ਯਾਦਾਂ ਅੱਜ ਵੀ ਜਿਉਂਦੀਆਂ ਹਨ। ਪੰਜਾਬ ਦੀ ਧਰਤੀ ’ਤੇ ਉਨ੍ਹਾਂ ਨੂੰ ਹਮੇਸ਼ਾ ਆਪਣੇਪਣ ਅਤੇ ਭਾਈਚਾਰੇ ਦਾ ਅਨੁਭਵ ਹੁੰਦਾ ਹੈ।

ਮੁੱਖ ਮੰਤਰੀ ਨੇ ਚਿੰਤਾ ਪ੍ਰਗਟ ਕੀਤੀ ਕਿ ਅੱਜ ਨਸ਼ਾ, ਹਿੰਸਾ, ਤਣਾਅ ਅਤੇ ਭਟਕਣਾ ਜੁਆਨ ਸ਼ਕਤੀ ਨੂੰ ਕਮਜ਼ੋਰ ਕਰ ਰਹੇ ਹਨ। ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਬਾਬਾ ਸ੍ਰੀ ਚੰਦ ਜੀ ਮਹਾਰਾਜ ਤੋਂ ਸਵੈ-ਅਨੁਸ਼ਾਸਨ, ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਸੇਵਾ ਅਤੇ ਗੁਰੂ ਪਰੰਪਰਾ ਤੋਂ ਹਿੰਮਤ ਸਿੱਖ ਕੇ ਆਪਣੀ ਊਰਜਾ ਨੂੰ ਸਿੱਖਿਆ, ਖੇਡਾਂ, ਰੁਜ਼ਗਾਰ, ਉੱਦਮ ਅਤੇ ਰਾਸ਼ਟਰ ਨਿਰਮਾਣ ਵਿੱਚ ਲਗਾਉਣ। ਗੁਰਬਾਣੀ ਦੇ ਸੁਨੇਹੇ ‘ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ’ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਧਾਰਮਿਕ ਸਮਾਗਮਾਂ ਨੂੰ ਸਫ਼ਾਈ, ਪਾਣੀ ਸੰਭਾਲ ਅਤੇ ਬੂਟੇ ਲਾਉਣ ਨਾਲ ਜੋੜਨ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪ੍ਰਕਾਸ਼ ਪੁਰਬ ਦੇ ਮੌਕੇ ’ਤੇ ਬੂਟਾ ਲਾਉਣਾ, ਕਿਸੇ ਲੋੜਵੰਦ ਦੀ ਮਦਦ ਕਰਨਾ ਅਤੇ ਨੌਜਵਾਨਾਂ ਨੂੰ ਨਸ਼ਾ ਮੁਕਤ ਬਣਾਉਣਾ ਹੀ ਬਾਬਾ ਸ੍ਰੀ ਚੰਦ ਜੀ ਪ੍ਰਤੀ ਸੱਚੀ ਸ਼ਰਧਾ ਹੋਵੇਗੀ।

ਕਾਕਾ ਅਮਨਦੀਪ ਸਿੰਘ ਮੱਟੂ ਦੀ ਯਾਦ ’ਚ 18ਵਾਂ ਸਵੈਂ-ਇਛੁੱਕ ਖ਼ੂਨਦਾਨ ਕੈਂਪ ਲਗਾਇਆ

- ਕੈਂਪ ਦੌਰਾਨ 101 ਯੂਨਿਟ ਖੂਨ ਇਕੱਤਰ ਹੋਇਆ

ਗੜ੍ਹਸ਼ੰਕਰ 26 ਸਤੰਬਰ
(ਪੈ.ਗਾਮ-ਏ-ਜਗਤ)

ਕਾਕਾ ਅਮਨਦੀਪ ਸਿੰਘ ਮੱਟੂ ਦੀ ਸਦੀਵੀ ਯਾਦ ਨੂੰ ਸਮਰਪਿਤ ਸ਼ਹੀਦ ਭਗਤ ਸਿੰਘ ਚੈਰੀਟੇਬਲ ਸੁਸਾਇਟੀ ਗੜ੍ਹਸ਼ੰਕਰ ਵਲੋਂ 18ਵਾਂ ਸਵੈਂ-ਇਛੁੱਕ ਖੂਨਦਾਨ ਕੈਂਪ ਹੋਟਲ ਪਿੰਕ ਰੋਜ਼ ਗੜ੍ਹਸ਼ੰਕਰ ਵਿਖੇ ਲਗਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਇਲਾਕੇ ਦੀਆਂ ਮੋਹਤਬਰ ਸਖਸ਼ੀਅਤਾਂ ਅਤੇ ਨੌਜਵਾਨਾਂ ਨੇ ਸ਼ਿਰਕਤ ਕੀਤੀ। ਕੈਂਪ ਦਾ ਉਦਘਾਟਨ ਮਾਸਟਰ ਬਲਵੀਰ ਸਿੰਘ ਬੈਂਸ ਵੱਲੋਂ ਇਲਾਕੇ ਦੀਆਂ ਮੋਹਤਬਰ ਸਖਸ਼ੀਅਤਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਮੱਟੂ ਪਰਿਵਾਰ ਦੇ ਲਖਤੇ ਜ਼ਿਗਰ ਮਰਹੂਮ ਕਾਕਾ ਅਮਨਦੀਪ ਸਿੰਘ ਮੱਟੂ ਦੀ ਸਦੀਵੀ ਯਾਦ ਨੂੰ ਸਮਰਪਿਤ ਅੱਜ 18ਵਾਂ ਸਵੈਂ-ਇਛੁੱਕ ਖੂਨਦਾਨ ਕੈਂਪ ਲਗਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਬੀਡੀਸੀ ਬਲੱਡ ਸੈਂਟਰ ਨਵਾਂਸ਼ਹਿਰ ਦੇ ਤਕਨੀਕੀ ਸਹਿਯੋਗ ਨਾਲ ਲਗਾਏ ਇਸ ਸਵੈਂ ਇਛੁੱਕ ਖੂਨਦਾਨ ਕੈਂਪ ਦੌਰਾਨ 101 ਯੂਨਿਟ ਖੂਨ ਇਕੱਤਰ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਪਾਰਟੀਆਂ ਦੇ ਨੁਮਾਇੰਦਿਆਂ ਅਤੇ ਸੰਸਥਾਵਾਂ ਦੇ ਆਗੂਆਂ ਨੇ ਪਹੁੰਚ ਕੇ ਮੱਟੂ ਪਰਿਵਾਰ ਵੱਲੋਂ ਕੀਤੇ ਜਾ ਰਹੇ ਇਸ ਨੇਕ ਕੰਮ ਦੀ ਸ਼ਲਾਘਾ ਕੀਤੀ। ਇਸ ਮੌਕੇ ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਅਤੇ ਮੋਹਤਬਰ ਸਖਸ਼ੀਅਤਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਦਰਸ਼ਨ ਸਿੰਘ ਮੱਟੂ, ਬੀਬੀ ਸੁਭਾਸ਼ ਮੱਟੂ, ਡਾਕਟਰ ਅਜੈ ਬੱਗਾ, ਐਸ.ਕੇ ਸਰੀਨ, ਡਾਕਟਰ ਲਖਵਿੰਦਰ ਕੁਮਾਰ, ਮਾਸਟਰ ਬਲਵੀਰ ਸਿੰਘ, ਹੈਪੀ ਸਾਧੋਵਾਲ, ਰਣਜੀਤ ਬੰਗਾ, ਪ੍ਰਿੰਸੀਪਲ ਬਿੱਕਰ ਸਿੰਘ, ਭੁਪਿੰਦਰ ਰਾਣਾ, ਲਵ ਕੁਮਾਰ ਗੋਲਡੀ, ਰਜਿੰਦਰ ਸਿੰਘ ਸ਼ੂਕਾ, ਚਰਨਜੀਤ ਸਿੰਘ ਚੰਨੀ, ਅਮਰਪ੍ਰੀਤ ਸਿੰਘ ਲਾਲੀ, ਸੋਮਨਾਥ ਬੰਗੜ, ਜਸਵੀਰ ਸਿੰਘ ਪੁਰਖੋਵਾਲ, ਸੰਦੀਪ ਸ਼ਰਮਾ ਬੋੜਾ, ਰੌਕੀ ਮੋਇਲਾ, ਸ਼ਿੰਦਾ ਗੋਲੀਆਂ, ਅਸ਼ਵਨੀ ਰਾਣਾ, ਅਜਾਇਬ ਸਿੰਘ ਬੋਪਾਰਾਏ, ਜਗਦੀਸ਼ ਰਾਏ, ਐਡਵੋਕੇਟ ਹਰਪ੍ਰੀਤ ਸਿੰਘ, ਡਾਕਟਰ ਤਰਸੇਮ ਸਿੰਘ, ਰਾਕੇਸ਼ ਮਹਿਦੂਦ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਮੋਹਤਬਰ ਸਖਸ਼ੀਅਤਾਂ ਹਾਜ਼ਰ ਸਨ।

ਪਿੰਡ ਪੋਸੀ ਦੇ ਵਿਅਕਤੀ ਤੋਂ ਮੋਟਰਸਾਇਕਲ ਖੋਹਿਆ

ਨਵਾਂਸ਼ਹਿਰ, (ਪੈ.ਗਾਮ-ਏ-ਜਗਤ)

ਪਿੰਡ ਪੋਸੀ ਦੇ ਵਸਨੀਕ ਹਰਬੰਸ ਸਿੰਘ ਉਰਫ਼ ਬਾਸ਼ੀ ਜੋ ਗੜ੍ਹਸ਼ੰਕਰ ਵਿੱਚ ਇੱਕ ਕੰਪਨੀ ਵਿੱਚ ਬਤੌਰ ਸਕਿਉਰਿਟੀ ਗਾਰਡ ਦੇ ਤੌਰ ਤੇ ਨੌਕਰੀ ਕਰ ਰਿਹਾ ਹੈ ਤੋਂ ਕੁਝ ਅਣਪਛਾਤੇ ਲੁਟੇਰਿਆਂ ਨੇ ਬਿਸਤ-ਦੋਆਬ ਨਹਿਰ ਤੇ ਸਵੇਰੇ ਲਗਭਗ ਅੱਠ ਵਜੇ ਪਿੰਡ ਰਾਏਪੁਰ ਗੁੱਜਰਾਂ ਦੇ ਲਾਗੇ ਪਿਸਤੌਲ ਅਤੇ ਤੇਜ਼ ਹਥਿਆਰਾਂ ਦੀ ਨੋਕ ਤੇ ਜ਼ਬਰਦਸਤੀ ਮੋਟਰਸਾਇਕਲ ਜਿਸਦਾ ਨੰਬਰ-PB-07-AU 8756 ਹੈ ਖੋਹਕੇ ਫ਼ਰਾਰ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ ਹਰਬੰਸ ਸਿੰਘ ਨੇ ਇਸ ਲੁੱਟ-ਖੋਹ ਸੰਬੰਧੀ ਸੈਲਾ ਖੁਰਦ ਪੁਲਿਸ ਚੌਂਕੀ ਰਿਪੋਰਟ ਦਰਜ਼ ਕਰਵਾ ਦਿੱਤੀ ਹੈ।

ਸੰਤ ਨਿਰਮਲ ਦਾਸ ਬਾਬੇਜੌੜੇ, ਸੰਤ ਰਮੇਸ਼ ਦਾਸ ਕਲਰਾਂ, ਡਾ. ਕਰੀਮਪੁਰੀ ਪਹੁੰਚੇ ਪਿੰਡ ਬਾੜੀਆਂ

ਸਰਕਾਰ ਬਣਾਕੇ ਬਸਪਾ ਕਰੇਗੀ ਡਾ. ਅੰਬੇਡਕਰ ਦੇ ਬੁੱਤਾਂ ਦੀ ਰਾਖੀ : ਡਾ. ਕਰੀਮਪੁਰੀ



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਸੰਤ ਬਾਬਾ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ.ਪੰਜਾਬ, ਸੰਤ ਰਮੇਸ਼ ਦਾਸ ਕਲਰਾਂ ਸ਼ੇਰਪੁਰ ਢਕੌਂ ਜੁਆਇੰਟ ਸਕੱਤਰ ਅਤੇ ਡਾ. ਅਵਤਾਰ ਸਿੰਘ ਕਰੀਮਪੁਰੀ ਪ੍ਰਧਾਨ ਬਹੁਜਨ ਸਮਾਜ ਪਾਰਟੀ ਪੰਜਾਬ ਵਿਸ਼ੇਸ਼ ਤੌਰ ਤੇ ਪਿੰਡ ਬਾੜੀਆਂ ਪਹੁੰਚੇ ਜਿਥੇ ਉਨਾਂ ਬਾਬਾ ਸਾਹਿਬ ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਵੀ ਦੀ ਸਖਤ ਨਿੰਦਿਆ ਕੀਤੀ ਅਤੇ ਬੇਅਦਵੀ ਲਈ ਜਿੰਮੇਵਾਰ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਸਖਤ ਸਜ਼ਾ ਦੀ ਮੰਗ ਕੀਤੀ ਤਾਂ ਕਿ ਦਵਾਰਾ ਅਜਿਹੀਆਂ ਮੰਦਭਾਗੀ ਘਟਨਾਵਾਂ ਨਾ ਵਾਪਰਨ।

ਇਸ ਮੌਕੇ ਡਾ. ਕਰੀਮਪੁਰੀ ਨੇ ਸ਼ਾਸਨ ਅਤੇ ਪ੍ਰਸ਼ਾਸਨ ਨੂੰ ਕਰੜੇ ਹੱਥੀਂ ਲੈਂਦਿਆਂ ਮੰਗ ਕੀਤੀ ਕਿ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ, ਬਾੜੀਆਂ ਕਲਾਂ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਆਪਣੇ ਖਰਚੇ ’ਤੇ ਤੁਰੰਤ ਨਵਾਂ ਬੁੱਤ ਸਥਾਪਿਤ ਕਰੇ, ਅਤੇ ਪੰਜਾਬ ਤੇ ਕੇਂਦਰ ਸਰਕਾਰ ਮਿਲ ਕੇ ਬਹੁਜਨ ਮਹਾਂਪੁਰਸ਼ਾਂ ਦੇ ਬੁੱਤਾਂ ਦੀ ਸੁਰੱਖਿਆ ਲਈ ਸੀ.ਸੀ.ਟੀ.ਵੀ. ਕੈਮਰੇ ਤੇ ਲਾਈਟਾਂ ਦਾ ਪ੍ਰਬੰਧ ਕਰਨ। ਉਹਨਾਂ ਐਲਾਨ ਕੀਤਾ ਕਿ 2027 ਵਿੱਚ ਡਾ. ਅੰਬੇਡਕਰ ਜੀ ਦੀ ਸੋਚ ਦੀ ਬਸਪਾ ਸਰਕਾਰ ਬਣਾ ਕੇ ਇਸ ਅਪਮਾਨ ਦਾ ਬਦਲਾ ਲਿਆ ਜਾਵੇਗਾ। ਉਨਾਂ ਕਿਹਾ ਕਿ ਸਰਕਾਰ ਬਣਾ ਕੇ ਬਸਪਾ ਡਾ. ਅੰਬੇਡਕਰ ਦੇ ਬੁੱਤਾਂ ਦੀ ਰਾਖੀ ਕਰੇਗੀ।

ਇਸ ਮੌਕੇ ਪਿੰਡ ਦਾ ਬੀਐਸਪੀ ਅਤੇ ਮਹਿਲਾ ਬੀਐਸਪੀ ਯੂਨਿਟ ਵੀ ਬਣਾਇਆ ਅਤੇ ਸੰਗਤਾਂ ਨੂੰ ਅੰਦੋਲਨ ਦੀ ਕਾਮਯਾਬੀ ਲਈ ਡਟੇ ਰਹਿਣ ਦਾ ਸੱਦਾ ਦਿੱਤਾ ਅਤੇ 9 ਅਕਤੂਬਰ ਨੂੰ ਸਾਹਿਬ ਸ਼੍ਰੀ ਰਾਮ ਜੀ ਦੇ ਪ੍ਰੀ ਨਿਰਵਾਨ ਦਿਵਸ ਤੇ ਬਸਪਾ ਦੀ ਸਰਕਾਰ ਬਣਾਓ ਰੈਲੀ ਵਿੱਚ ਵੱਡੇ ਪੱਧਰ ਤੇ ਆਦਮਪੁਰ ਰੈਲੀ ਵਿੱਚ ਸ਼ਾਮਿਲ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਠੇਕੇਦਾਰ ਭਗਵਾਨ ਦਾਸ ਸਿੱਧੂ ਇੰਚਾਰਜ ਲੋਕ ਸਭਾ, ਐਡਵੋਕੇਟ ਪਲਵਿੰਦਰ ਮਾਨਾ, ਬੀਬੀ ਸਰਪੰਚ ਸਾਹਿਬਾ ਬਾੜੀਆਂ, ਅਮਨਦੀਪ ਸਿੱਧੂ ਬਾੜੀਆਂ, ਵਿੱਕੀ, ਰੋਹਿਤ, ਰਕੇਸ਼ ਕਿਟੀ, ਪਰਦੀਪ ਮੱਲ, ਪਰਮਿੰਦਰ ਬੋਧ, ਸੁਰਿੰਦਰ ਢੰਡਾ, ਗੜ੍ਹਸ਼ੰਕਰ ਵਿਧਾਨ ਸਭਾ ਦੇ ਇੰਚਾਰਜ ਬਖਸ਼ੀਸ਼ ਭੀਮ, ਹਰਵਿੰਦਰ ਸਿੰਘ ਬਾਹੋਵਾਲ, ਅਮਨਦੀਪ ਸਿੱਧੂ, ਕੁਲਦੀਪ ਸਿੰਘ ਬੀਬੀਐਫ ਤੋਂ ਇਲਾਵਾ ਹੋਰ ਬਸਪਾ ਸਮਰਥਕ ਅਤੇ ਲੀਡਰਸ਼ਿਪ ਹਾਜ਼ਰ ਸੀ।

ਯੂਨੀਵਰਸਿਟੀ ਨੇ ਦੋਸ਼ਾਂ ਨੂੰ ਰੱਦ ਕਰ ਦਿੱਤਾ, ਕਿਹਾ ਕਿ ਹਾਲੀਆ ਮੁਹਿੰਮ ਸੰਸਥਾ ਨੂੰ ਬਦਨਾਮ ਕਰਨ ਅਤੇ ਸੰਦੀਪ ਕੌੜਾ ਵਿਰੁੱਧ ਚੱਲ ਰਹੀ ਕਾਨੂੰਨੀ ਕਾਰਵਾਈ ਤੋਂ ਧਿਆਨ ਹਟਾਉਣ ਦੀ ਕੋਸ਼ਿਸ਼



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ/ਦਲਜੀਤ ਅਜਨੋਹਾ

ਯੂਨੀਵਰਸਿਟੀ ਨੇ ਯੂਨੀਵਰਸਿਟੀ ਅਤੇ ਇਸਦੇ ਸੀਨੀਅਰ ਅਧਿਕਾਰੀਆਂ ਵਿਰੁੱਧ ਪ੍ਰਿੰਟ ਅਤੇ ਸੋਸ਼ਲ ਮੀਡੀਆ ਦੇ ਕੁਝ ਹਿੱਸਿਆਂ ਵਿੱਚ ਹਾਲ ਹੀ ਵਿੱਚ ਪ੍ਰਸਾਰਿਤ ਕੀਤੇ ਗਏ ਦੋਸ਼ਾਂ ਨੂੰ ਸਖ਼ਤੀ ਨਾਲ ਰੱਦ ਕਰ ਦਿੱਤਾ ਹੈ, ਉਨ੍ਹਾਂ ਨੂੰ ਗੁੰਮਰਾਹਕੁੰਨ, ਤੱਥਾਂ ਅਨੁਸਾਰ ਗਲਤ ਅਤੇ ਸੰਸਥਾ ਦੀ ਸਾਖ ਨੂੰ ਢਾਹ ਲਗਾਉਣ ਦੀ ਇੱਕ ਤਾਲਮੇਲ ਵਾਲੀ ਕੋਸ਼ਿਸ਼ ਦਾ ਹਿੱਸਾ ਕਰਾਰ ਦਿੱਤਾ ਹੈ।

ਯੂਨੀਵਰਸਿਟੀ ਨੇ ਕਿਹਾ ਕਿ ਹਾਲੀਆ ਘਟਨਾਵਾਂ ਨੂੰ LTSU ਅਤੇ ਸਾਬਕਾ ਚਾਂਸਲਰ ਸੰਦੀਪ ਸਿੰਘ ਕੌੜਾ ਨਾਲ ਸਬੰਧਤ ਚੱਲ ਰਹੇ ਵਿਵਾਦ ਦੇ ਸੰਦਰਭ ਵਿੱਚ ਦੇਖਣ ਦੀ ਲੋੜ ਹੈ, ਜਿਨ੍ਹਾਂ ਵਿਰੁੱਧ ਪੁਲਿਸ ਸਟੇਸ਼ਨ ਕਾਠਗੜ੍ਹ (ਨਵਾਂਸ਼ਹਿਰ) ਵਿਖੇ ਐਫਆਈਆਰ ਦਰਜ ਕੀਤੀ ਗਈ ਹੈ।

ਯੂਨੀਵਰਸਿਟੀ ਨੇ ਅੱਗੇ ਕਿਹਾ ਕਿ ਸ਼੍ਰੀ ਕੌੜਾ ਦੁਆਰਾ ਦਾਇਰ ਜ਼ਮਾਨਤ ਅਰਜ਼ੀ ਨੂੰ NRI ਅਦਾਲਤ ਦੁਆਰਾ ਰੱਦ ਕਰ ਦਿੱਤਾ ਗਿਆ ਸੀ, ਉਸਨੂੰ ਹੁਣ ਤੱਕ ਗ੍ਰਿਫਤਾਰ ਨਹੀਂ ਕੀਤਾ ਗਿਆ ਹੈ। ਯੂਨੀਵਰਸਿਟੀ ਨੇ ਜ਼ੋਰ ਦੇ ਕੇ ਕਿਹਾ ਕਿ SIT ਦਾ ਗਠਨ, ਆਪਣੇ ਆਪ ਵਿੱਚ, ਗ੍ਰਿਫਤਾਰੀ ’ਤੇ ਨਿਆਂਇਕ ਰੋਕ ਦੇ ਬਰਾਬਰ ਨਹੀਂ ਹੈ ਅਤੇ ਇਹ ਮਾਮਲਾ ਸਮਰੱਥ ਜਾਂਚ ਅਤੇ ਨਿਆਂਇਕ ਅਧਿਕਾਰੀਆਂ ਦੇ ਅਧਿਕਾਰ ਖੇਤਰ ਵਿੱਚ ਰਹਿੰਦਾ ਹੈ। ਯੂਨੀਵਰਸਿਟੀ ਨੇ ਕਿਹਾ ਕਿ ਰਤਨ ਕੌਰ ਅਤੇ ਡਾ. ਨਵਨੀਤ ਚੋਪੜਾ ਵੱਲੋਂ ਹਾਲ ਹੀ ਵਿੱਚ ਉਠਾਈਆਂ ਗਈਆਂ ਸ਼ਿਕਾਇਤਾਂ ਨੂੰ ਉਨ੍ਹਾਂ ਦੇ ਪਿਛਲੇ ਪ੍ਰਸ਼ਾਸਕੀ ਅਤੇ ਵਿੱਤੀ ਮਤਭੇਦਾਂ ਅਤੇ ਸੰਸਥਾ ਨਾਲ ਦੇ ਸੰਦਰਭ ਵਿੱਚ ਦੇਖਿਆ ਜਾਣਾ ਚਾਹੀਦਾ ਹੈ। ਸ਼੍ਰੀਮਤੀ ਰਤਨ ਕੌਰ ’ਤੇ ਭ੍ਰਿਸ਼ਟ ਅਭਿਆਸਾਂ ਵਿੱਚ ਸ਼ਾਮਲ ਹੋਣ ਦਾ ਦੋਸ਼ ਹੈ।

ਯੂਨੀਵਰਸਿਟੀ ਦੇ ਅਨੁਸਾਰ, ਦੋਵਾਂ ਕਰਮਚਾਰੀਆਂ ਦੁਆਰਾ NSDC, MSDE, UGC ਅਤੇ ਪੰਜਾਬ ਸਰਕਾਰ ਦੇ ਅਧਿਕਾਰੀਆਂ ਸਮੇਤ ਕਈ ਬਾਹਰੀ ਅਧਿਕਾਰੀਆਂ ਨੂੰ ਸੰਚਾਰ ਭੇਜੇ ਗਏ ਸਨ। ਯੂਨੀਵਰਸਿਟੀ ਨੇ ਕਿਹਾ ਕਿ, ਕਿਉਂਕਿ ਕਰਮਚਾਰੀਆਂ ਦੇ ਨਾਮ ਸੰਸਥਾ ਵਿਰੁੱਧ ਗੰਭੀਰ ਦੋਸ਼ਾਂ ਵਾਲੇ ਸੰਚਾਰਾਂ ਵਿੱਚ ਪ੍ਰਗਟ ਹੋਏ ਹਨ, ਇਸ ਲਈ ਉਨ੍ਹਾਂ ਤੋਂ ਸਪੱਸ਼ਟੀਕਰਨ ਮੰਗਣਾ ਇੱਕ ਜਾਇਜ਼ ਪ੍ਰਸ਼ਾਸਕੀ ਕਦਮ ਸੀ।

÷ਸੰਸਥਾ ਵਿਰੁੱਧ ਸ਼ਿਕਾਇਤ ਵਿੱਚ ਨਾਮ ਆਉਣ ਵਾਲੇ ਕਰਮਚਾਰੀ ਤੋਂ ਸਪੱਸ਼ਟੀਕਰਨ ਮੰਗਣਾ ਇੱਕ ਆਮ ਪ੍ਰਸ਼ਾਸਕੀ ਪ੍ਰਕਿਰਿਆ ਹੈ। ਇਸਨੂੰ ਆਪਣੇ ਆਪ ਹੀ ਪਰੇਸ਼ਾਨੀ ਜਾਂ ਪੀੜਤ ਵਜੋਂ ਨਹੀਂ ਦਰਸਾਇਆ ਜਾ ਸਕਦਾ,÷ ਯੂਨੀਵਰਸਿਟੀ ਨੇ ਕਿਹਾ।

ਯੂਨੀਵਰਸਿਟੀ ਨੇ ਜਿਨਸੀ ਸ਼ੋਸ਼ਣ ਜਾਂ ਔਰਤਾਂ ਦੇ ਮਾਣ ਨੂੰ ਪ੍ਰਭਾਵਿਤ ਕਰਨ ਵਾਲੇ ਆਚਰਣ ਦੇ ਦੋਸ਼ਾਂ ਨੂੰ ਵੀ ਰੱਦ ਕਰ ਦਿੱਤਾ। ਇਸ ਵਿੱਚ ਕਿਹਾ ਗਿਆ ਹੈ ਕਿ ਜੇਕਰ ਜਿਨਸੀ ਸ਼ੋਸ਼ਣ ਦਾ ਕੋਈ ਰਸਮੀ ਦੋਸ਼ ਲਗਾਇਆ ਜਾਂਦਾ ਹੈ, ਤਾਂ ਮਾਮਲੇ ਨੂੰ ਲਾਗੂ ਕਾਨੂੰਨ ਦੇ ਅਨੁਸਾਰ ਅਤੇ ਵਿਧੀਵਤ ਤੌਰ ’ਤੇ ਗਠਿਤ ਅੰਦਰੂਨੀ ਸ਼ਿਕਾਇਤ ਕਮੇਟੀ ਦੁਆਰਾ ਸਖ਼ਤੀ ਨਾਲ ਨਜਿੱਠਿਆ ਜਾਵੇਗਾ।

ਯੂਨੀਵਰਸਿਟੀ ਨੇ ਸਪੱਸ਼ਟ ਕੀਤਾ ਕਿ ਡਾ. ਨਵਨੀਤ ਚੋਪੜਾ ਨੂੰ ਐਸੋਸੀਏਟ ਪ੍ਰੋਫੈਸਰ ਵਜੋਂ ਨਿਯੁਕਤ ਕੀਤਾ ਗਿਆ ਸੀ ਅਤੇ ਬਾਅਦ ਵਿੱਚ ਡੀਨ, ਅਕਾਦਮਿਕ ਮਾਮਲਿਆਂ ਦੀ ਵਾਧੂ ਪ੍ਰਸ਼ਾਸਕੀ ਜ਼ਿੰਮੇਵਾਰੀ ਸੌਂਪੀ ਗਈ ਸੀ।

ਯੂਨੀਵਰਸਿਟੀ ਨੇ ਕਿਹਾ ਕਿ ਡੀਨ ਦਾ ਅਹੁਦਾ ਇੱਕ ਪ੍ਰਸ਼ਾਸਕੀ ਅਸਾਈਨਮੈਂਟ ਹੈ ਨਾ ਕਿ ਇੱਕ ਵੱਖਰੀ ਸਥਾਈ ਅਧਿਆਪਨ ਨਿਯੁਕਤੀ। ਇਸ ਲਈ ਅਜਿਹੇ ਅਸਾਈਨਮੈਂਟਾਂ ਵਿੱਚ ਬਦਲਾਅ ਆਮ ਸੰਸਥਾਗਤ ਪ੍ਰਸ਼ਾਸਨ ਦਾ ਹਿੱਸਾ ਹਨ।

ਯੂਨੀਵਰਸਿਟੀ ਨੇ ਇਸ ਗੱਲ ਤੋਂ ਇਨਕਾਰ ਕੀਤਾ ਕਿ ਡਾ. ਚੋਪੜਾ ਦੀਆਂ ਪ੍ਰਸ਼ਾਸਕੀ ਜ਼ਿੰਮੇਵਾਰੀਆਂ ਲਿੰਗ ਦੇ ਆਧਾਰ ’ਤੇ ਬਦਲੀਆਂ ਗਈਆਂ ਸਨ। ਇਸ ਨੇ ਦੱਸਿਆ ਕਿ ਉਨ੍ਹਾਂ ਦੀ ਜਗ?ਹਾ ’ਤੇ ਕੋਈ ਵੀ ਪੁਰਸ਼ ਫੈਕਲਟੀ ਮੈਂਬਰ ਨਿਯੁਕਤ ਨਹੀਂ ਕੀਤਾ ਗਿਆ ਸੀ ਅਤੇ ਇਹ ਜ਼ਿੰਮੇਵਾਰੀਆਂ ਵਰਤਮਾਨ ਵਿੱਚ ਪ੍ਰੋ-ਵਾਈਸ-ਚਾਂਸਲਰ ਦੁਆਰਾ ਵਾਧੂ ਤੌਰ ’ਤੇ ਸੰਭਾਲੀਆਂ ਜਾ ਰਹੀਆਂ ਹਨ।

ਯੂਨੀਵਰਸਿਟੀ ਨੇ ਅੱਗੇ ਕਿਹਾ ਕਿ ਡਾ. ਚੋਪੜਾ ਅਤੇ ਕੁਝ ਫੈਕਲਟੀ ਮੈਂਬਰਾਂ ਅਤੇ ਅਧਿਕਾਰੀਆਂ ਵਿਚਕਾਰ ਮਤਭੇਦ ਪੈਦਾ ਹੋਏ ਸਨ ਅਤੇ ਵੱਖ-ਵੱਖ ਪਾਸਿਆਂ ਤੋਂ ਪ੍ਰਤੀਨਿਧਤਾਵਾਂ ਪ੍ਰਾਪਤ ਹੋਈਆਂ ਸਨ। ਯੂਨੀਵਰਸਿਟੀ ਨੇ ਸਪੱਸ਼ਟ ਕੀਤਾ ਕਿ ਕਮੇਟੀ ਪ੍ਰਬੰਧਕੀ ਸਮੀਖਿਆ ਲਈ ਬਣਾਈ ਗਈ ਸੀ ਅਤੇ ਇਹ ਇੱਕ ਅਨੁਸ਼ਾਸਨੀ ਜਾਂਚ ਕਮੇਟੀ ਨਹੀਂ ਸੀ।

“ਪ੍ਰਸ਼ਾਸਕੀ ਅਸਾਈਨਮੈਂਟ ਤੋਂ ਹਟਾਉਣਾ ਕੋਈ ਸਜ਼ਾ ਨਹੀਂ ਹੈ। ਪ੍ਰਬੰਧਕੀ ਜ਼ਿੰਮੇਵਾਰੀਆਂ ਸਮੇਂ-ਸਮੇਂ ’ਤੇ ਸੰਸਥਾਗਤ ਕੰਮਕਾਜ ਦੇ ਹਿੱਤ ਵਿੱਚ ਸੌਂਪੀਆਂ ਅਤੇ ਬਦਲੀਆਂ ਜਾਂਦੀਆਂ ਹਨ,”ਯੂਨੀਵਰਸਿਟੀ ਨੇ ਕਿਹਾ।

ਯੂਨੀਵਰਸਿਟੀ ਨੇ ਅੱਗੇ ਕਿਹਾ ਕਿ ਡਾ. ਚੋਪੜਾ ਨੂੰ ਬਾਅਦ ਵਿੱਚ ਡੀਨ, ਵਿਦਿਆਰਥੀ ਭਲਾਈ ਦੀ ਜ਼ਿੰਮੇਵਾਰੀ ਦੀ ਪੇਸ਼ਕਸ਼ ਕੀਤੀ ਗਈ ਸੀ, ਜਿਸਨੂੰ ਉਸਨੇ ਅਸਾਈਨਮੈਂਟ ਤੋਂ ਅਸਤੀਫਾ ਦੇਣ ਤੋਂ ਪਹਿਲਾਂ ਸ਼ੁਰੂ ਵਿੱਚ ਸਵੀਕਾਰ ਕਰ ਲਿਆ।

ਯੂਨੀਵਰਸਿਟੀ ਨੇ ਇਹ ਵੀ ਸਪੱਸ਼ਟ ਤੌਰ ’ਤੇ ਦੋਸ਼ਾਂ ਨੂੰ ਰੱਦ ਕਰ ਦਿੱਤਾ ਕਿ ਇਹ ÷ਡਿਗਰੀਆਂ ਵੇਚ ਰਹੀ ਹੈ।ਯੂਨੀਵਰਸਿਟੀ ਵੱਲੋਂ ਆਪਣੀ ਸਥਾਪਨਾ ਤੋਂ ਬਾਅਦ ਹੁਣ ਤੱਕ ਕੋਈ ਡਿਗਰੀ ਨਹੀਂ ਦਿੱਤੀ ਗਈ ਹੈ।÷ ਯੂਨੀਵਰਸਿਟੀ ਵੱਲੋਂ ਡਿਗਰੀਆਂ ਵੇਚੇ ਜਾਣ ਦਾ ਦੋਸ਼ ਪੂਰੀ ਤਰ੍ਹਾਂ ਝੂਠਾ ਅਤੇ ਗੁੰਮਰਾਹਕੁੰਨ ਹੈ।

ਇਸ ਵੇਲੇ ਸਿਰਫ਼ ਦੋ ਰਜਿਸਟਰਡ ਪੀਐਚ.ਡੀ. ਵਿਦਵਾਨ ਇੱਕ ਮਾਨਤਾ ਪ੍ਰਾਪਤ ਅਤੇ ਨਾਮਵਰ ਪ੍ਰੋਫੈਸਰ ਦੀ ਨਿਗਰਾਨੀ ਹੇਠ ਅਤੇ ਯੂਜੀਸੀ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਕੰਮ ਕਰ ਰਹੇ ਹਨ ਅਤੇ ਇਹ ਵੀ ਸਪੱਸ਼ਟ ਕੀਤਾ ਕਿ ਇਸਦਾ ਨਰਸਿੰਗ ਪ੍ਰੋਗਰਾਮ ਜੁਲਾਈ 2026 ਵਿੱਚ ਸ਼ੁਰੂ ਹੋਇਆ ਸੀ ਅਤੇ ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਦਾ ਕੋਈ ਪਿਛਲਾ ਬੈਚ ਨਹੀਂ ਸੀ।

ਯੂਨੀਵਰਸਿਟੀ ਨੇ ਕਿਹਾ ਕਿ ਦੋਸ਼ਾਂ ਅਤੇ ਸੰਚਾਰਾਂ ਦਾ ਸੰਚਤ ਪ੍ਰਭਾਵ ਸੰਸਥਾ ਨੂੰ ਨੁਕਸਾਨ ਪਹੁੰਚਾ ਰਿਹਾ ਹੈ ਅਤੇ ਤਿੰਨ ਪ੍ਰਮੁੱਖ ਚਿੰਤਾਵਾਂ ਦੀ ਪਛਾਣ ਕੀਤੀ ਹੈ ਜਿਵੇਂ ਕਿ

ਯੂਨੀਵਰਸਿਟੀ ਦੀ ਸਾਖ ਅਤੇ ਭਰੋਸੇਯੋਗਤਾ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼;

ਕੌੜਾ ਵਿਰੁੱਧ ਚੱਲ ਰਹੀ ਕਾਨੂੰਨੀ ਕਾਰਵਾਈ ਤੋਂ ਦਬਾਅ ਬਣਾਉਣਾ ਅਤੇ ਧਿਆਨ ਭਟਕਾਉਣਾ; ਅਤੇ ਪ੍ਰਸ਼ਾਸਨਿਕ ਅਤੇ ਸੰਸਥਾਗਤ ਫੈਸਲਿਆਂ ਦੇ ਸਬੰਧ ਵਿੱਚ ਯੂਨੀਵਰਸਿਟੀ ਅਧਿਕਾਰੀਆਂ ’ਤੇ ਦਬਾਅ ਬਣਾਉਣਾ ਹੈ ਯੂਨੀਵਰਸਿਟੀ ਨੇ ਮੀਡੀਆ ਅਤੇ ਜਨਤਾ ਨੂੰ ਅਪੀਲ ਕੀਤੀ ਕਿ ਉਹ ਸਮਰੱਥ ਅਧਿਕਾਰੀਆਂ ਦੇ ਸਾਹਮਣੇ ਮੌਜੂਦਾ ਮਾਮਲਿਆਂ ਬਾਰੇ ਸਿੱਟੇ ਕੱਢਣ ਤੋਂ ਪਹਿਲਾਂ ਤੱਥਾਂ ਅਤੇ ਦਸਤਾਵੇਜ਼ੀ ਰਿਕਾਰਡਾਂ ਦੀ ਪੁਸ਼ਟੀ ਕਰਨ।

ਕਾਕਾ ਅਮਨਦੀਪ ਸਿੰਘ ਮੱਟੂ ਦੀ ਯਾਦ ’ਚ 18ਵਾਂ ਸਵੈਂ-ਇਛੁੱਕ ਖ਼ੂਨਦਾਨ ਕੈਂਪ ਲਗਾਇਆ

ਕੈਂਪ ਦੌਰਾਨ 101 ਯੂਨਿਟ ਖੂਨ ਇਕੱਤਰ ਹੋਇਆ





ਪੈ.ਗਾਮ-ਏ-ਜਗਤ/ਗੜ੍ਹਸ਼ੰਕਰ
26 ਸਤੰਬਰ (ਹਰੀ ਕ੍ਰਿਸ਼ਨ ਗੰਗੜ)

ਕਾਕਾ ਅਮਨਦੀਪ ਸਿੰਘ ਮੱਟੂ ਦੀ ਸਦੀਵੀ ਯਾਦ ਨੂੰ ਸਮਰਪਿਤ ਸ਼ਹੀਦ ਭਗਤ ਸਿੰਘ ਚੈਰੀਟੇਬਲ ਸੁਸਾਇਟੀ ਗੜ੍ਹਸ਼ੰਕਰ ਵਲੋਂ 18ਵਾਂ ਸਵੈਂ-ਇਛੁੱਕ ਖੂਨਦਾਨ ਕੈਂਪ ਹੋਟਲ ਪਿੰਕ ਰੋਜ਼ ਗੜ੍ਹਸ਼ੰਕਰ ਵਿਖੇ ਲਗਾਇਆ ਗਿਆ।

ਇਸ ਮੌਕੇ ਵੱਡੀ ਗਿਣਤੀ ਵਿਚ ਇਲਾਕੇ ਦੀਆਂ ਮੋਹਤਬਰ ਸਖਸ਼ੀਅਤਾਂ ਅਤੇ ਨੌਜਵਾਨਾਂ ਨੇ ਸ਼ਿਰਕਤ ਕੀਤੀ। ਕੈਂਪ ਦਾ ਉਦਘਾਟਨ ਮਾਸਟਰ ਬਲਵੀਰ ਸਿੰਘ ਬੈਂਸ ਵੱਲੋਂ ਇਲਾਕੇ ਦੀਆਂ ਮੋਹਤਬਰ ਸਖਸ਼ੀਅਤਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਮੱਟੂ ਪਰਿਵਾਰ ਦੇ ਲਖਤੇ ਜ਼ਿਗਰ ਮਰਹੂਮ ਕਾਕਾ ਅਮਨਦੀਪ ਸਿੰਘ ਮੱਟੂ ਦੀ ਸਦੀਵੀ ਯਾਦ ਨੂੰ ਸਮਰਪਿਤ ਅੱਜ 18ਵਾਂ ਸਵੈਂ-ਇਛੁੱਕ ਖ਼ੂਨਦਾਨ ਕੈਂਪ ਲਗਾਇਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਬੀਡੀਸੀ ਬਲੱਡ ਸੈਂਟਰ ਨਵਾਂਸ਼ਹਿਰ ਦੇ ਤਕਨੀਕੀ ਸਹਿਯੋਗ ਨਾਲ ਲਗਾਏ ਇਸ ਸਵੈਂ ਇਛੁੱਕ ਖ਼ੂਨਦਾਨ ਕੈਂਪ ਦੌਰਾਨ 101 ਯੂਨਿਟ ਖੂਨ ਇਕੱਤਰ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਪਾਰਟੀਆਂ ਦੇ ਨੁਮਾਇੰਦਿਆਂ ਅਤੇ ਸੰਸਥਾਵਾਂ ਦੇ ਆਗੂਆਂ ਨੇ ਪਹੁੰਚ ਕੇ ਮੱਟੂ ਪਰਿਵਾਰ ਵੱਲੋਂ ਕੀਤੇ ਜਾ ਰਹੇ ਇਸ ਨੇਕ ਕੰਮ ਦੀ ਸ਼ਲਾਘਾ ਕੀਤੀ। ਇਸ ਮੌਕੇ ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਅਤੇ ਮੋਹਤਬਰ ਸਖਸ਼ੀਅਤਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਦਰਸ਼ਨ ਸਿੰਘ ਮੱਟੂ, ਬੀਬੀ ਸੁਭਾਸ਼ ਮੱਟੂ, ਡਾਕਟਰ ਅਜੈ ਬੱਗਾ, ਐਸ.ਕੇ ਸਰੀਨ, ਡਾਕਟਰ ਲਖਵਿੰਦਰ ਕੁਮਾਰ, ਮਾਸਟਰ ਬਲਵੀਰ ਸਿੰਘ, ਹੈਪੀ ਸਾਧੋਵਾਲ, ਰਣਜੀਤ ਬੰਗਾ, ਪ੍ਰਿੰਸੀਪਲ ਬਿੱਕਰ ਸਿੰਘ, ਭੁਪਿੰਦਰ ਰਾਣਾ, ਲਵ ਕੁਮਾਰ ਗੋਲਡੀ, ਰਜਿੰਦਰ ਸਿੰਘ ਸ਼ੂਕਾ, ਚਰਨਜੀਤ ਸਿੰਘ ਚੰਨੀ, ਅਮਰਪ੍ਰੀਤ ਸਿੰਘ ਲਾਲੀ, ਸੋਮਨਾਥ ਬੰਗੜ, ਜਸਵੀਰ ਸਿੰਘ ਪੁਰਖੋਵਾਲ, ਸੰਦੀਪ ਸ਼ਰਮਾ ਬੋੜਾ, ਰੌਕੀ ਮੋਇਲਾ, ਸ਼ਿੰਦਾ ਗੋਲੀਆਂ, ਅਸ਼ਵਨੀ ਰਾਣਾ, ਅਜਾਇਬ ਸਿੰਘ ਬੋਪਾਰਾਏ, ਜਗਦੀਸ਼ ਰਾਏ, ਐਡਵੋਕੇਟ ਹਰਪ੍ਰੀਤ ਸਿੰਘ, ਡਾਕਟਰ ਤਰਸੇਮ ਸਿੰਘ, ਰਾਕੇਸ਼ ਮਹਿਦੂਦ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਮੋਹਤਬਰ ਸਖਸ਼ੀਅਤਾਂ ਹਾਜ਼ਰ ਸਨ।

ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਭਲਾਈ ਸਕੀਮਾਂ ਘਰ-ਘਰ ਪਹੁੰਚਾਉਣ ਲਈ ਡਿਪਟੀ ਸਪੀਕਰ ਰੌੜੀ ਵੱਲੋਂ ਕੀਤੀ ਵਿਸ਼ੇਸ਼ ਮੀਟਿੰਗ



ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

‘ਡੋਰ-ਟੂ-ਡੋਰ ਮੁਹਿੰਮ ਤਹਿਤ ਆਮ ਆਦਮੀ ਪਾਰਟੀ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ, ਵਿਕਾਸ ਕਾਰਜਾਂ ਅਤੇ ਲੋਕ ਭਲਾਈ ਸਕੀਮਾਂ ਨੂੰ ਹਲਕਾ ਗੜ੍ਹਸ਼ੰਕਰ ਦੇ ਹਰ ਘਰ ਤੱਕ ਪਹੁੰਚਾਉਣ ਲਈ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਦੇ ਵਿਧਾਇਕ ਸ. ਜੈ ਕ੍ਰਿਸ਼ਨ ਸਿੰਘ ਰੌੜੀ ਨੇ ਪਾਰਟੀ ਆਗੂਆਂ, ਅਹੁਦੇਦਾਰਾਂ ਅਤੇ ਵਰਕਰਾਂ ਨਾਲ ਵਿਚਾਰ-ਵਟਾਂਦਰਾ ਕੀਤਾ।

ਮੀਟਿੰਗ ਦੌਰਾਨ ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਕਿਸੇ ਵੀ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਦਾ ਅਸਲ ਲਾਭ ਤਾਂ ਹੀ ਲੋਕਾਂ ਤੱਕ ਪਹੁੰਚ ਸਕਦਾ ਹੈ, ਜਦੋਂ ਲੋਕਾਂ ਨੂੰ ਇਨ੍ਹਾਂ ਯੋਜਨਾਵਾਂ ਬਾਰੇ ਪੂਰੀ ਜਾਣਕਾਰੀ ਹੋਵੇ। ਇਸ ਲਈ ‘ਮਾਨ ਦੇ ਮੁਨਾਫ਼ੇ’ ਮੁਹਿੰਮ ਤਹਿਤ ਘਰ-ਘਰ ਜਾ ਕੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਜਾਵੇਗਾ ਅਤੇ ਉਨ੍ਹਾਂ ਨੂੰ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਅਤੇ ਲੋਕ ਹਿੱਤ ਵਿੱਚ ਕੀਤੇ ਜਾ ਰਹੇ ਕੰਮਾਂ ਬਾਰੇ ਜਾਣੂ ਕਰਵਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਡੋਰ-ਟੂ-ਡੋਰ ਮੁਹਿੰਮ ਸਿਰਫ਼ ਸਰਕਾਰੀ ਸਕੀਮਾਂ ਦੀ ਜਾਣਕਾਰੀ ਦੇਣ ਤੱਕ ਸੀਮਤ ਨਹੀਂ ਰਹੇਗੀ, ਸਗੋਂ ਲੋਕਾਂ ਦੀਆਂ ਸਮੱਸਿਆਵਾਂ, ਲੋੜਾਂ ਅਤੇ ਸੁਝਾਅ ਵੀ ਸੁਣੇ ਜਾਣਗੇ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸਮਝਣਾ ਅਤੇ ਸਬੰਧਤ ਵਿਭਾਗਾਂ ਰਾਹੀਂ ਉਨ੍ਹਾਂ ਦੇ ਹੱਲ ਲਈ ਯਤਨ ਕਰਨਾ ਇਸ ਮੁਹਿੰਮ ਦਾ ਅਹਿਮ ਹਿੱਸਾ ਹੋਵੇਗਾ। ਡਿਪਟੀ ਸਪੀਕਰ ਰੌੜੀ ਨੇ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਜ਼ਿੰਮੇਵਾਰੀ ਅਤੇ ਇਮਾਨਦਾਰੀ ਨਾਲ ਲੋਕਾਂ ਤੱਕ ਪਹੁੰਚ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਕੋਈ ਵੀ ਲੋੜਵੰਦ ਵਿਅਕਤੀ ਸਰਕਾਰ ਦੀ ਲੋਕ-ਭਲਾਈ ਸਕੀਮ ਦੇ ਲਾਭ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਹਲਕਾ ਗੜ੍ਹਸ਼ੰਕਰ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਿਆ ਜਾਵੇਗਾ। ਇਸ ਮੌਕੇ ਮੀਟਿੰਗ ਵਿੱਚ ਹਲਕੇ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ’ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਆਗੂਆਂ ਅਤੇ ਵਰਕਰਾਂ ਨੇ ਮੁਹਿੰਮ ਨੂੰ ਹਲਕੇ ਦੇ ਹਰ ਪਿੰਡ ਅਤੇ ਵਾਰਡ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਲੈ ਕੇ ਜਾਣ ਲਈ ਆਪਣੇ ਸੁਝਾਅ ਸਾਂਝੇ ਕੀਤੇ। ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਲੋਕਾਂ ਦੀ ਸੇਵਾ, ਹਲਕੇ ਦਾ ਵਿਕਾਸ ਅਤੇ ਸਰਕਾਰੀ ਸਹੂਲਤਾਂ ਨੂੰ ਯੋਗ ਲਾਭਪਾਤਰੀਆਂ ਤੱਕ ਪਹੁੰਚਾਉਣਾ ਮੁੱਖ ਉਦੇਸ਼ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ‘ਮਾਨ ਦੇ ਮੁਨਾਫ਼ੇ’ ਡੋਰ-ਟੂ-ਡੋਰ ਮੁਹਿੰਮ ਨੂੰ ਹਲਕੇ ਵਿੱਚ ਹੋਰ ਮਜ਼ਬੂਤ ਕੀਤਾ ਜਾਵੇਗਾ। ਇਸ ਮੌਕੇ ਸਮੂਹ ਪਿੰਡਾਂ ਦੇ ਪੰਚ ਸਰਪੰਚ ਅਤੇ ਪਾਰਟੀ ਵਰਕਰ ਸ਼ਾਮਿਲ ਸਨ।

ਯੋਗ ਲਾਭਪਾਤਰੀਆਂ ਨੂੰ ਮਿਲੇਗਾ 10 ਲੱਖ ਤੱਕ ਦੇ ਮੁਫ਼ਤ ਇਲਾਜ ਦਾ ਲਾਭ



ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਦੇ ਵਿਧਾਇਕ ਸ. ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ‘ਮੁੱਖ ਮੰਤਰੀ ਸਿਹਤ ਯੋਜਨਾ’ ਤਹਿਤ ਪਿੰਡ ਬੀਨੇਵਾਲ ਵਿਖੇ ਯੋਗ ਲਾਭਪਾਤਰੀਆਂ ਨੂੰ ਸਿਹਤ ਕਾਰਡ ਵੰਡੇ ਗਏ। ਇਸ ਮੌਕੇ ਪਿੰਡ ਵਾਸੀਆਂ ਦੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਰਹੀ।

ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਸਿਹਤ ਹਰ ਪਰਿਵਾਰ ਦੀ ਮੁੱਢਲੀ ਲੋੜ ਹੈ ਅਤੇ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਵੱਖ-ਵੱਖ ਲੋਕ ਭਲਾਈ ਯੋਜਨਾਵਾਂ ਨੂੰ ਜ਼ਮੀਨੀ ਪੱਧਰ ’ਤੇ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ‘ਮੁੱਖ ਮੰਤਰੀ ਸਿਹਤ ਯੋਜਨਾ’ ਤਹਿਤ ਯੋਗ ਲਾਭਪਾਤਰੀਆਂ ਨੂੰ 10 ਲੱਖ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ। ਇਸ ਨਾਲ ਲੋੜਵੰਦ ਪਰਿਵਾਰਾਂ ਨੂੰ ਗੰਭੀਰ ਬਿਮਾਰੀ ਜਾਂ ਇਲਾਜ ਦੀ ਲੋੜ ਸਮੇਂ ਵੱਡੀ ਵਿੱਤੀ ਰਾਹਤ ਮਿਲਣ ਦੀ ਉਮੀਦ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਆਰਥਿਕ ਤੌਰ ’ਤੇ ਕਮਜ਼ੋਰ ਪਰਿਵਾਰ ਇਲਾਜ ਦੀ ਕਮੀ ਕਾਰਨ ਸਿਹਤ ਸਹੂਲਤਾਂ ਤੋਂ ਵਾਂਝੇ ਨਾ ਰਹਿਣ। ਸਿਹਤ ਕਾਰਡ ਰਾਹੀਂ ਯੋਗ ਪਰਿਵਾਰਾਂ ਨੂੰ ਨਿਰਧਾਰਤ ਹਸਪਤਾਲਾਂ ਵਿੱਚ ਯੋਜਨਾ ਅਧੀਨ ਇਲਾਜ ਦੀ ਸਹੂਲਤ ਪ੍ਰਾਪਤ ਹੋਵੇਗੀ।

ਇਹ ਹੀ ਨਹੀਂ ਇਸ ਮੌਕੇ ਡਿਪਟੀ ਸਪੀਕਰ ਰੌੜੀ ਵੱਲੋਂ ਪਿੰਡ ਬੀਨੇਵਾਲ ਦੀ ਧਰਮਸ਼ਾਲਾ ਦੇ ਵਿਕਾਸ ਲਈ 10 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਵੀ ਐਲਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸਾਂਝੀਆਂ ਥਾਵਾਂ ਦਾ ਵਿਕਾਸ ਕਰਨਾ ਵੀ ਸਰਕਾਰ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ। ਧਰਮਸ਼ਾਲਾ ਦੇ ਵਿਕਾਸ ਨਾਲ ਪਿੰਡ ਵਾਸੀਆਂ ਨੂੰ ਸਮਾਜਿਕ ਅਤੇ ਸਾਂਝੇ ਸਮਾਗਮਾਂ ਲਈ ਬਿਹਤਰ ਸਹੂਲਤ ਮਿਲੇਗੀ।

ਡਿਪਟੀ ਸਪੀਕਰ ਨੇ ਕਿਹਾ ਕਿ ਹਲਕਾ ਗੜ੍ਹਸ਼ੰਕਰ ਦੇ ਪਿੰਡਾਂ ਵਿੱਚ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਸੜਕਾਂ, ਪਾਣੀ, ਸੀਵਰੇਜ, ਸਟਰੀਟ ਲਾਈਟਾਂ, ਖੇਡ ਮੈਦਾਨਾਂ, ਧਰਮਸ਼ਾਲਾਵਾਂ ਅਤੇ ਹੋਰ ਜਨਤਕ ਸਹੂਲਤਾਂ ਨਾਲ ਸਬੰਧਤ ਕੰਮਾਂ ਨੂੰ ਪਹਿਲ ਦਿੱਤੀ ਜਾ ਰਹੀ ਹੈ। ਇਸ ਦੌਰਾਨ ਡਿਪਟੀ ਸਪੀਕਰ ਰੌੜੀ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਵੀ ਸੁਣੀਆਂ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਲੋਕਾਂ ਵੱਲੋਂ ਰੱਖੀਆਂ ਗਈਆਂ ਜਾਇਜ਼ ਮੰਗਾਂ ਨੂੰ ਸਬੰਧਤ ਵਿਭਾਗਾਂ ਰਾਹੀਂ ਹੱਲ ਕਰਵਾਉਣ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ।

ਪਿੰਡ ਵਾਸੀਆਂ ਨੇ ਸਿਹਤ ਕਾਰਡ ਵੰਡਣ ਅਤੇ ਧਰਮਸ਼ਾਲਾ ਲਈ 10 ਲੱਖ ਦੀ ਗ੍ਰਾਂਟ ਦੇਣ ’ਤੇ ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਰੌੜੀ ਦਾ ਧੰਨਵਾਦ ਕੀਤਾ। ਪਿੰਡ ਵਾਸੀਆਂ ਨੇ ਕਿਹਾ ਕਿ ਸਿਹਤ ਸਹੂਲਤਾਂ ਨਾਲ ਜੁੜੀ ਇਹ ਪਹਿਲਕਦਮੀ ਲੋੜਵੰਦ ਪਰਿਵਾਰਾਂ ਲਈ ਲਾਹੇਵੰਦ ਹੋਵੇਗੀ ਅਤੇ ਧਰਮਸ਼ਾਲਾ ਲਈ ਮਿਲੀ ਗ੍ਰਾਂਟ ਨਾਲ ਪਿੰਡ ਦੀ ਸਾਂਝੀ ਸਹੂਲਤ ਵਿੱਚ ਸੁਧਾਰ ਆਵੇਗਾ। ਇਸ ਮੌਕੇ ਪੰਚਾਇਤ ਮੈਂਬਰ ਪਾਰਟੀ ਦੇ ਸੀਨੀਅਰ ਆਗੂ ਅਤੇ ਵਿਭਾਗਾਂ ਦੇ ਅਧਿਕਾਰੀ, ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

‘ਪੈਗਾਮ-ਏ-ਜਗਤ’ ’ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਚੁਰਾਸੀ ਦੇ ਕਤਲੇ ਆਮ ਦੌਰਾਨ ਸ਼ਹੀਦ ਹੋਏ ਹੋਂਦ ਚਿਲੜ ਦੇ ਸ਼ਹੀਦਾਂ ਨਮਿਤ ਅੰਤਿਮ ਅਰਦਾਸ 4 ਨਵੰਬਰ ਨੂੰ-ਮੌਹੜੀ

ਪੈ.ਗਾਮ-ਏ-ਜਗਤ/ਅੰਬਾਲਾ 26 ਸਤੰਬਰ (ਆਰ.ਸਿੰਘ)



ਚੁਰਾਸੀ ਦੇ ਕਤਲੇ ਆਮ ਦੌਰਾਨ ਰਿਵਾੜੀ ਜ਼ਿਲ੍ਹੇ ਦੇ ਪਿੰਡ ਹੋਂਦ ਚਿਲੜ ਵਿਚ 2 ਨਵੰਬਰ 1984 ਨੂੰ 32 ਤੋਂ ਵੱਧ ਸਿੱਖ ਪਰਿਵਾਰਾਂ ਅਤੇ ਕਰੀਬ 79 ਸਿੱਖਾਂ ਦੇ ਕਤਲ ਕਾਂਡ ਮਾਮਲੇ ਵਿਚ ਸਿੱਖ ਮਰਿਆਦਾ ਅਨੁਸਾਰ ਸ਼ਹੀਦਾਂ ਨਮਿਤ ਅੱਜ ਤੱਕ ਅੰਤਿਮ ਅਰਦਾਸ ਨਹੀਂ ਕੀਤੀ ਗਈ। ਇਸ ਸਬੰਧ ਵਿਚ ਅੱਜ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੂਬਾ ਪ੍ਰਧਾਨ ਹਰਕੇਸ਼ ਸਿੰਘ ਮੌਹੜੀ ਨੇ ਕੁਰੂਕਸ਼ੇਤਰ ਵਿਚ ਪ੍ਰੈੱਸ ਕਾਨਫ਼ਰੰਸ ਕਰਕੇ ਦੱਸਿਆ ਕਿ ਹੋਂਦ ਚਿਲੜ ਦੇ ਉਨ੍ਹਾਂ ਮਾਸੂਮ ਸ਼ਹੀਦਾਂ ਦੀ ਯਾਦ, ਸਨਮਾਨ ਅਤੇ ਅੰਤਿਮ ਅਰਦਾਸ ਅੱਜ ਵੀ ਸਿੱਖ ਭਾਈਚਾਰੇ ਲਈ ਬਹੁਤ ਮਹੱਤਵਪੂਰਨ ਹੈ। ਨਵੰਬਰ 1984 ਵਿੱਚ ਹੋਂਦ-ਚਿਲੜ ਵਿੱਚ ਹੋਈ ਹਿੰਸਾ ਵਿੱਚ ਸਿੱਖ ਪਰਿਵਾਰਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਉਪਲਬਧ ਰਿਕਾਰਡ ਅਤੇ ਬਾਅਦ ਦੀਆਂ ਜਾਂਚਾਂ ਤੋਂ ਪਤਾ ਚੱਲਦਾ ਹੈ ਕਿ ਇਸ ਘਟਨਾ ਵਿੱਚ 79 ਸਿੱਖ ਮਾਰ ਦਿੱਤੇ ਗਏ ਸਨ ਅਤੇ ਉਨ੍ਹਾਂ ਦੇ ਘਰਾਂ ਤੇ ਜਾਇਦਾਦਾਂ ਨੂੰ ਨੁਕਸਾਨ ਪਹੁੰਚਾਇਆ ਗਿਆ ਸੀ। 2011 ਵਿੱਚ ਹਰਿਆਣਾ ਸਰਕਾਰ ਨੇ ਇਸ ਘਟਨਾ ਦੀ ਜਾਂਚ ਲਈ ਜਸਟਿਸ ਟੀ.ਪੀ. ਗਰਗ ਦੀ ਅਗਵਾਈ ਵਿੱਚ ਇੱਕ ਜਾਂਚ ਕਮਿਸ਼ਨ ਦਾ ਗਠਨ ਕੀਤਾ ਸੀ।

ਅਕਾਲੀ ਦਲ ਦੇ ਸੂਬਾ ਪ੍ਰਧਾਨ ਹਰਕੇਸ਼ ਸਿੰਘ ਮੌਹੜੀ ਨੇ ਕਿਹਾ ਕਿ ਲਗਭਗ 42 ਸਾਲਾਂ ਤੋਂ ਹੋਂਦ ਚਿਲੜ ਦੇ ਸ਼ਹੀਦਾਂ ਦੀ ਯਾਦ ਵਿੱਚ ਜਿਸ ਤਰ੍ਹਾਂ ਦੀ ਅੰਤਿਮ ਅਰਦਾਸ ਅਤੇ ਸਮੂਹਿਕ ਧਾਰਮਿਕ ਸ਼ਰਧਾਂਜਲੀ ਹੋਣੀ ਚਾਹੀਦੀ ਸੀ, ਉਹ ਨਹੀਂ ਕੀਤੀ ਗਈ। ਸਿੱਖ ਭਾਈਚਾਰੇ ਨੇ ਹੁਣ ਇਸ ਸਾਲ 2 ਨਵੰਬਰ ਨੂੰ ਹੋਂਦ-ਚਿੱਲੜ ਵਿਖੇ ਅਖੰਡ ਪਾਠ ਸਾਹਿਬ ਸ਼ੁਰੂ ਕਰਨ ਦਾ ਫ਼ੈਸਲਾ ਕੀਤਾ ਹੈ ਅਤੇ ਸ਼ਹੀਦਾਂ ਲਈ ਅੰਤਿਮ ਅਰਦਾਸ 4 ਨਵੰਬਰ ਨੂੰ ਭੋਗ ਤੋਂ ਬਾਅਦ ਹੋਵੇਗੀ। ਮੌਹੜੀ ਨੇ ਦੁਨੀਆ ਭਰ ਦੇ ਸਿੱਖ ਭਾਈਚਾਰਿਆਂ ਨੂੰ ਅਪੀਲ ਕੀਤੀ ਕਿ ਉਹ 2 ਤੋਂ 4 ਨਵੰਬਰ ਤੱਕ ਵੱਡੀ ਗਿਣਤੀ ਵਿੱਚ ਹੋਂਦ-ਚਿੱਲੜ ਪਹੁੰਚਣ, ਅਖੰਡ ਪਾਠ ਸਾਹਿਬ ਸੇਵਾ ਵਿੱਚ ਹਿੱਸਾ ਲੈਣ ਅਤੇ 4 ਨਵੰਬਰ ਨੂੰ 'ਅੰਤਿਮ ਅਰਦਾਸ' ਵਿੱਚ ਸ਼ਾਮਲ ਹੋ ਕੇ 1984 ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ। ਉਨ੍ਹਾਂ ਕਿਹਾ ਕਿ ਇਹ ਸਮਾਗਮ ਸ਼ਹੀਦਾਂ ਪ੍ਰਤੀ ਧਾਰਮਿਕ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਪੂਰਾ ਕਰਨ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਤਿਹਾਸ ਤੋਂ ਜਾਣੂ ਕਰਵਾਉਣ ਲਈ ਆਯੋਜਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਉਮੀਦ ਜ਼ਾਹਿਰ ਕੀਤੀ ਹੈ ਕਿ ਪ੍ਰਸ਼ਾਸਨ ਅਖੰਡ ਪਾਠ ਸਾਹਿਬ ਅਤੇ ਅੰਤਿਮ ਅਰਦਾਸ ਦੌਰਾਨ ਸੰਗਤ ਦੀ ਸੁਰੱਖਿਆ ਨੂੰ ਯਕੀਨੀ ਬਣਾਏਗਾ ਅਤੇ ਧਾਰਮਿਕ ਸਮਾਗਮ ਦੇ ਸ਼ਾਂਤੀਪੂਰਨ ਸੰਚਾਲਨ ਲਈ ਜ਼ਰੂਰੀ ਪ੍ਰਬੰਧ ਕਰੇਗਾ।

ਹਰਕੇਸ਼ ਸਿੰਘ ਮੌਹੜੀ ਨੇ ਸਿੱਖ ਭਾਈਚਾਰੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਤਿੰਨ ਦਿਨਾਂ ਲਈ ਹੋਂਦ-ਚਿੱਲੜ ਪਹੁੰਚਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਸ਼ਹੀਦਾਂ ਨੂੰ ਯਾਦ ਕਰਨਾ ਭਾਈਚਾਰੇ ਦੀ ਜ਼ਿੰਮੇਵਾਰੀ ਹੈ। ਪ੍ਰੈੱਸ ਕਾਨਫ਼ਰੰਸ ਦੌਰਾਨ ਸ਼ਸ਼ੀ ਕੌਰ ਪਾਣੀਪਤ, ਕੁਲਦੀਪ ਸਿੰਘ ਮੁਲਤਾਨੀ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਅਤੇ ਗੁਰਜੰਟ ਸਿੰਘ ਖ਼ਾਲਸਾ ਮੌਜੂਦ ਸਨ।

ਟਰੱਕ ਅਤੇ ਬੱਸ ਦ ਟੱਕਰ ਵਿਚ ਕੰਡਕਟਰ ਦੀ ਮੌਤ, 10 ਤੋਂ ਵੱਧ ਸਵਾਰੀਆਂ ਜ਼ਖ਼ਮੀ

ਪੈ.ਗਾਮ-ਏ-ਜਗਤ ਅੰਬਾਲਾ, 26 ਸਤੰਬਰ (ਆਰ.ਸਿੰਘ)



ਅੰਬਾਲਾ ਸ਼ਹਿਰ ਵਿੱਚ ਅੱਜ ਇੱਕ ਭਿਆਨਕ ਸੜਕ ਹਾਦਸਾ ਵਾਪਰਿਆ। ਗੁਰੂ ਗਰਾਮ ਤੋਂ ਜਲੰਧਰ ਜਾ ਰਹੀ ਇੱਕ ਇੰਟਰਸਿਟੀ ਸਮਾਰਟ ਬੱਸ ਦੀ ਭੀੜ-ਭੜੱਕੇ ਵਾਲੇ ਕਾਲਕਾ ਚੌਕ ਨੇੜੇ ਇੱਕ ਟਰੱਕ ਨਾਲ ਟੱਕਰ ਹੋ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਇਸ ਨਾਲ ਘਟਨਾ ਸਥਾਨ 'ਤੇ ਹਫੜਾ-ਦਫੜੀ ਮੱਚ ਗਈ। ਬੱਸ ਦੇ 40 ਸਾਲਾ ਕੰਡਕਟਰ ਛੋਟੂ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦੋਂ ਕਿ 10 ਤੋਂ ਵੱਧ ਯਾਤਰੀ ਗੰਭੀਰ ਜ਼ਖ਼ਮੀ ਹੋ ਗਏ। ਸਾਰੇ ਜ਼ਖ਼ਮੀਆਂ ਨੂੰ ਤੁਰੰਤ ਅੰਬਾਲਾ ਸ਼ਹਿਰ ਦੇ ਸਿਵਲ ਹਸਪਤਾਲ ਲਿਜਾਇਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਸ਼ੁਰੂ ਹੋ ਗਿਆ। ਜਲੰਧਰ ਵਾਸੀ ਸੂਰਿਆ ਨਾਮ ਦੇ ਗੰਭੀਰ ਜ਼ਖ਼ਮੀ ਨੂੰ ਅਗਲੇ ਇਲਾਜ ਲਈ ਪੀਜੀਆਈ ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ ਹੈ। ਉਸ ਦਾ ਕਹਿਣਾ ਸੀ ਕਿ ਉਹ ਸਲੀਪਰ ਕੋਚ ਵਿੱਚ ਗੂੜ੍ਹੀ ਨੀਂਦ ਸੌਂ ਰਿਹਾ ਸੀ। ਜਦੋਂ ਉਹ ਜਾਗਿਆ ਤਾਂ ਉਹ ਆਪਣੇ ਆਪ ਨੂੰ ਹਸਪਤਾਲ ਦੇ ਬਿਸਤਰੇ ਵਿੱਚ ਦੇਖ ਕੇ ਹੈਰਾਨ ਰਹਿ ਗਿਆ। ਉਸ ਨੂੰ ਕੋਈ ਪਤਾ ਨਹੀਂ ਸੀ ਕਿ ਇਹ ਭਿਆਨਕ ਹਾਦਸਾ ਕਦੋਂ, ਕਿਵੇਂ, ਜਾਂ ਕਿੱਥੇ ਵਾਪਰਿਆ। ਹਸਪਤਾਲ ਦੇ ਸਟਾਫ਼ ਅਨੁਸਾਰ ਇਹ ਘਟਨਾ ਸਵੇਰੇ 4:30 ਵਜੇ ਦੇ ਕਰੀਬ ਵਾਪਰੀ। ਹਸਪਤਾਲ ਪ੍ਰਸ਼ਾਸਨ ਤੋਂ ਮਿਲੀ ਅਧਿਕਾਰਤ ਜਾਣਕਾਰੀ ਅਨੁਸਾਰ 30 ਸਾਲਾ ਅਰਵਿੰਦ ਅਤੇ 33 ਸਾਲਾ ਨਿਹਾਰਿਕਾ ਵੀ ਹਾਦਸੇ ਵਿੱਚ ਜ਼ਖ਼ਮੀ ਹੋਏ ਸਨ ਜਿਨ੍ਹਾਂ ਨੂੰ ਮੁੱਢਲੀ ਡਾਕਟਰੀ ਸਹਾਇਤਾ ਤੋਂ ਬਾਅਦ ਉਨ੍ਹਾਂ ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ। ਹਾਦਸੇ ਦੀ ਜਾਣਕਾਰੀ ਮਿਲਣ ਤੋਂ ਬਾਅਦ ਬਲਦੇਵ ਨਗਰ ਪੁਲੀਸ ਮਾਮਲੇ ਦੀ ਜਾਂਚ ਕਰ ਰਹੀ ਹੈ।

'ਦਾਦੇ ਦੀ ਪੈਲ਼ੀ' ਰਾਹੀਂ ਵਿਰਾਸਤੀ ਜ਼ਮੀਨ ਦਾ ਦਰਦ ਬਿਆਨ ਕਰਦਾ ਹਰਿੰਦਰ ਹਰ ਦਾ ਨਵਾਂ ਗੀਤ ਰਲੀਜ਼

ਮੋਹਾਲੀ, 25 ਸਤੰਬਰ (ਪੈ.ਗਾਮ-ਏ-ਜਗਤ)




ਪੰਜਾਬੀ ਵਿਰਸੇ ਅਤੇ ਸੱਭਿਆਚਾਰ ਨਾਲ ਜੁੜੇ ਗਾਇਕ ਹਰਿੰਦਰ ਹਰ ਦਾ ਨਵਾਂ ਗੀਤ 'ਦਾਦੇ ਦੀ ਪੈਲ਼ੀ' ਅੱਜ ਮੋਹਾਲੀ ਪ੍ਰੈੱਸ ਕਲੱਬ ਵਿਖੇ ਕਰਵਾਈ ਗਈ ਪ੍ਰੈੱਸ ਕਾਨਫਰੰਸ ਦੌਰਾਨ ਰਿਲੀਜ਼ ਕੀਤਾ ਗਿਆ। ਇਸ ਮੌਕੇ ਕਰਨਲ ਜਸਦੀਪ ਸਿੰਘ ਸੰਧੂ, ਅਡਵਾਈਜ਼ਰ, ਸਿਵਲ ਮਿਲਟਰੀ ਅਫੇਅਰ, ਵੈਸਟਰਨ ਕਮਾਂਡ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। 'ਦਾਦੇ ਦੀ ਪੈਲ਼ੀ' ਵਿੱਚ ਪੰਜਾਬ ਦੀ ਮਿੱਟੀ, ਪੁਰਖਿਆਂ ਦੀ ਵਿਰਾਸਤੀ ਜ਼ਮੀਨ ਅਤੇ ਪੇਂਡੂ ਜੀਵਨ ਨਾਲ ਜੁੜੇ ਜਜ਼ਬਾਤ ਨੂੰ ਉਭਾਰਿਆ ਗਿਆ ਹੈ। ਗੀਤ ਰਾਹੀਂ ਅੱਜ ਦੀ ਨੌਜਵਾਨ ਪੀੜ੍ਹੀ ਦੇ ਸ਼ਹਿਰੀ ਚਕਾਚੌਂਧ ਅਤੇ ਵਿਦੇਸ਼ਾਂ ਵੱਲ ਪਰਵਾਸ ਦੇ ਰੁਝਾਨ ਕਾਰਨ ਪੁਰਖਿਆਂ ਦੀ ਮਿਹਨਤ ਨਾਲ ਬਣਾਈ ਜ਼ਮੀਨ ਵੇਚਣ ਦੇ ਦਰਦ ਨੂੰ ਪੇਸ਼ ਕੀਤਾ ਗਿਆ ਹੈ।

ਹਰਿੰਦਰ ਹਰ ਇਸ ਤੋਂ ਪਹਿਲਾਂ ਵੀ ਪੰਜਾਬੀ ਵਿਰਸੇ, ਸੱਭਿਆਚਾਰ ਅਤੇ ਧਾਰਮਿਕ ਭਾਵਨਾਵਾਂ ਨਾਲ ਸਬੰਧਤ ਕਈ ਗੀਤ ਸਰੋਤਿਆਂ ਦੀ ਝੋਲੀ ਪਾ ਚੁੱਕੇ ਹਨ। ਹਰਿੰਦਰ ਹਰ ਨੇ ਲੱਚਰਪੁਣੇ ਦੀ ਬਜਾਇ ਹਮੇਸ਼ਾਂ ਪੰਜਾਬੀ ਵਿਰਸੇ ਨਾਲ ਜੁੜੀ ਸਾਫ਼ ਸੁਥਰੀ ਗਾਇਕੀ ਨੂੰ ਤਰਜੀਹ ਦਿੱਤੀ ਹੈ। ਇਸ ਮੌਕੇ ਕਰਨਲ ਜਸਦੀਪ ਸਿੰਘ ਸੰਧੂ ਨੇ ਕਿਹਾ ਕਿ ਵਿਰਾਸਤੀ ਜ਼ਮੀਨ ਨੂੰ ਸੰਭਾਲਣਾ ਸਾਡੀ ਜ਼ਿੰਮੇਵਾਰੀ ਹੈ। ਉਨ੍ਹਾਂ ਨੌਜਵਾਨਾਂ ਨੂੰ ਵਿਦੇਸ਼ਾਂ ਵੱਲ ਪਰਵਾਸ ਕਰਨ ਦੀ ਬਜਾਇ ਦੇਸ਼ ਵਿੱਚ ਰਹਿ ਕੇ ਖੇਤੀਬਾੜੀ ਨੂੰ ਕਿੱਤੇ ਵਜੋਂ ਅਪਣਾਉਣ ਅਤੇ ਦੂਜਿਆਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦੀ ਅਪੀਲ ਕੀਤੀ। ਡਾਇਰੈਕਟਰ ਗੁਰਵਿੰਦਰ ਬੈਦਵਾਨ ਦੀ ਰਹਿਨੁਮਾਈ ਹੇਠ ਤਿਆਰ ਕੀਤੇ ਗੀਤ ਦੇ ਬੋਲ ਦੇਵ ਨੇ ਲਿਖੇ ਹਨ, ਜਦਕਿ ਸੰਗੀਤ ਜੀ ਸੋਨੂੰ ਨੇ ਦਿੱਤਾ ਹੈ। ਇਸ ਦੀ ਵੀਡੀਓਗ੍ਰਾਫੀ ਕੁਲਜੀਤ ਸ਼ੇਰਗਿੱਲ ਨੇ ਕੀਤੀ। ਗੀਤ ਦਾ ਨਿਰਮਾਣ ਤੇ ਲੇਬਲ ਹਰਿੰਦਰ ਹਰ ਮਿਊਜ਼ਿਕ ਅਧੀਨ ਕੀਤਾ ਗਿਆ ਹੈ। ਇਸ ਮੌਕੇ ਅਦਾਕਾਰਾ ਜਸਪ੍ਰੀਤ ਕੌਰ, ਕਮਲ ਸ਼ਰਮਾ, ਦਵਿੰਦਰ ਕੌਰ ਢਿੱਲੋਂ, ਹਰਮਨਜੀਤ ਸਿੰਘ, ਗੁਰਜਿੰਦਰ ਸਿੰਘ ਅਤੇ ਪਰਮਜੀਤ ਪੰਮੀ ਮਨੌਲੀ ਸਮੇਤ ਗੀਤ ਨਾਲ ਜੁੜੀ ਟੀਮ ਹਾਜ਼ਰ ਸੀ।

ਗਰੈਜੂਏਟ ਹਲਕੇ ਤੋਂ ਜੇਤੂ ਰਹੇ ਸੈਨੇਟਰ ਸੰਦੀਪ ਸਿੰਘ ਸੀਕਰੀ ਦਾ ਖ਼ਾਲਸਾ ਕਾਲਜ ਮਾਹਿਲਪੁਰ ਵਿੱਚ ਵਿਸ਼ੇਸ਼ ਸਨਮਾਨ

ਪੈ.ਗਾਮ-ਏ-ਜਗਤ ਮਾਹਿਲਪੁਰ, 26 ਸਤੰਬਰ (ਹਰੀ ਕ੍ਰਿਸ਼ਨ ਗੰਗੜ)



ਪਿਛਲੇ ਦਿਨੀਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸੈਨੇਟ ਚੋਣ ਵਿਚ ਗਰੈਜੂਏਟ ਹਲਕੇ ਤੋਂ ਲਗਾਤਾਰ ਤੀਜੀ ਵਾਰ ਜਿੱਤ ਹਾਸਿਲ ਕਰਨ ਵਾਲੇ ਸੰਦੀਪ ਸਿੰਘ ਸੀਕਰੀ ਦਾ ਅੱਜ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਪੁੱਜਣ 'ਤੇ ਕਾਲਜ ਦੇ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਸਿੱਖ ਐਜੂਕੇਸ਼ਨਲ ਕੌਂਸਲ ਦੇ ਜਨਰਲ ਸਕੱਤਰ ਪ੍ਰੋ ਅਪਿੰਦਰ ਸਿੰਘ, ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ ਅਰਾਧਨਾ ਦੁੱਗਲ , ਬੀ ਐੱਡ ਕਾਲਜ ਦੇ ਪ੍ਰਿੰਸੀਪਲ ਡਾ ਰੋਹਤਾਂਸ਼ ਅਤੇ ਸਮੂਹ ਸਟਾਫ ਵੱਲੋਂ ਸੰਦੀਪ ਸਿੰਘ ਸੀਕਰੀ ਨੂੰ ਇਸ ਜਿੱਤ 'ਤੇ ਮੁਬਾਰਕਬਾਦ ਦਿੱਤੀ ਗਈ ਅਤੇ ਕਾਲਜ ਪ੍ਰਬੰਧਕਾਂ ਵੱਲੋਂ ਸੰਦੀਪ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਪ੍ਰੋਫੈਸਰ ਅਪਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਬਾਡੀ ਵਿੱਚ ਪੰਜਾਬ ਦੇ ਵਿਦਿਆਰਥੀਆਂ, ਉਚੇਰੀ ਸਿਖਿਅਕ ਸੰਸਥਾਵਾਂ ਅਤੇ ਪੰਜਾਬੀਅਤ ਦੀ ਆਵਾਜ਼ ਉਠਾਉਣ ਦੀ ਲੋੜ ਹੈ ਅਤੇ ਸੰਦੀਪ ਸਿੰਘ ਸੀਕਰੀ ਇਕ ਸੈਨੇਟਰ ਵਜੋਂ ਲੋਕ ਪੱਖੀ ਸੋਚ ਵਾਲੇ ਮੁੱਦਿਆਂ ਨੂੰ ਉਠਾਉਂਦੇ ਆ ਰਹੇ ਹਨ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਅਰਾਧਨਾ ਦੁੱਗਲ ਨੇ ਧੰਨਵਾਦੀ ਸ਼ਬਦ ਸਾਂਝੇ ਕੀਤੇ ਅਤੇ ਸੰਦੀਪ ਸਿੰਘ ਸੀਕਰੀ ਨੂੰ ਸ਼ਾਨਦਾਰ ਜਿੱਤ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ। ਸੈਨੇਟਰ ਸੰਦੀਪ ਸਿੰਘ ਨੇ ਸਮੂਹ ਵੋਟਰਾਂ ਅਤੇ ਸਮਰਥਕਾਂ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਦੇ ਹੱਕਾਂ ਸਮੇਤ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਲਈ ਲਗਾਤਾਰ ਕੰਮ ਕਰਨ ਦਾ ਭਰੋਸਾ ਦਿੱਤਾ। ਮੰਚ ਦੀ ਕਾਰਵਾਈ ਡਾ ਜੇ ਬੀ ਸੇਖੋਂ ਨੇ ਚਲਾਈ। ਇਸ ਮੌਕੇ ਕਾਲਜ ਦਾ ਸਮੂਹ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਹਾਜ਼ਰ ਸੀ।

ਤੀਜੀ ਵਾਰ ਸੈਨੇਟ ਮੈਂਬਰ ਚੁਣੇ ਗਏ ਸੰਦੀਪ ਸਿੰਘ ਸੀਕਰੀ ਦਾ ਖ਼ਾਲਸਾ ਕਾਲਜ 'ਚ ਸਨਮਾਨ



ਪੈ.ਗਾਮ-ਏ-ਜਗਤ ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸੈਨੇਟ ਚੋਣ ਵਿਚ ਗ੍ਰੈਜੂਏਟ ਹਲਕੇ ਤੋਂ ਤੀਜੀ ਵਾਰ ਸੈਨੇਟ ਮੈਂਬਰ ਚੁਣੇ ਗਏ ਸੰਦੀਪ ਸਿੰਘ ਸੀਕਰੀ ਦੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਸਨਮਾਨ ਕੀਤਾ ਗਿਆ। ਸੰਦੀਪ ਸਿੰਘ ਸੀਕਰੀ ਦਾ ਕਾਲਜ ਪਹੁੰਚਣ 'ਤੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਤੇ ਸਟਾਫ਼ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਅਤੇ ਸਮੂਹ ਸਟਾਫ਼ ਵਲੋਂ ਸੰਦੀਪ ਸਿੰਘ ਸੀਕਰੀ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਤੇ ਉਨ੍ਹਾਂ ਨੂੰ ਤੀਜੀ ਵਾਰ ਸੈਨੇਟ ਮੈਂਬ ਚੁਣੇ ਜਾਣ 'ਤੇ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਕਿਹਾ ਕਿ ਸੰਦੀਪ ਸਿੰਘ ਸੀਕਰੀ ਆਪਣੀ ਯੋਗਤਾ, ਤਜਰਬੇ ਅਤੇ ਸਮਰਪਿਤ ਭਾਵਨਾ ਸਦਕਾ ਪੰਜਾਬ ਯੂਨੀਵਰਸਿਟੀ ਅਤੇ ਇਸ ਨਾਲ ਸਬੰਧਤ ਕਾਲਜਾਂ ਦੇ ਮੁੱਦਿਆਂ ਨੂੰ ਹੱਲ ਕਰਨ ਲਈ ਮਹੱਤਵਪੂਰਨ ਯੋਗਦਾਨ ਪਾਉਣਗੇ। ਇਸ ਮੌਕੇ ਸੰਦੀਪ ਸਿੰਘ ਸੀਕਰੀ ਨੇ ਸਮੂਹ ਗ੍ਰੈਜੂਏਟ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਾਰਿਆਂ ਦੇ ਸਹਿਯੋਗ ਅਤੇ ਵਿਸ਼ਵਾਸ ਸਦਕਾ ਸੰਭਵ ਹੋ ਸਕਿਆ ਹੈ।

ਉਨ੍ਹਾਂ ਵਿਸ਼ਵਾਸ ਦੁਆਇਆ ਕਿ ਉਨ੍ਹਾਂ ਸੈਨੇਟ ਮੈਂਬਰ ਵਜੋਂ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਨਿਰੰਤਰ ਯਤਨਸ਼ੀਲ ਰਹਿਣਗੇ।

ਖੇਡਾਂ ਵਤਨ ਪੰਜਾਬ ਦੀਆਂ 2026-27 ਤਹਿਤ ਵੱਖ-ਵੱਖ ਖੇਡਾਂ ਦੇ ਟਰਾਇਲ 28 ਸਤੰਬਰ ਤੋਂ

ਸਾਹਿਬਜ਼ਾਦਾ ਅਜੀਤ ਸਿੰਘ ਨਗਰ 26 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਖੇਡ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ 2026-27 ਤਹਿਤ ਜ਼ਿਲ੍ਹਾ ਐਸ ਏ ਐਸ ਨਗਰ ਵਿਖੇ ਕਰਵਾਏ ਜਾ ਰਹੇ ਖੇਡ ਮੁਕਾਬਲਿਆਂ ਜਿਹੜੀਆਂ ਖੇਡਾਂ ਸਿੱਧੀਆਂ ਰਾਜ ਪੱਧਰ'ਤੇ ਆਯੋਜਿਤ ਕੀਤੇ ਜਾਣੇ ਹਨ, ਉਨ੍ਹਾਂ ਖੇਡਾਂ ਦੇ ਖਿਡਾਰੀਆਂ ਦੀ ਚੋਣ ਲਈ ਟਰਾਇਲ ਕਰਵਾਏ ਜਾ ਰਹੇ ਹਨ। ਇਨ੍ਹਾਂ ਟਰਾਇਲਾਂ ਦਾ ਆਯੋਜਨ 28 ਸਤੰਬਰ 2026 ਤੋਂ 2 ਅਕਤੂਬਰ 2026 ਤੱਕ ਹੇਠ ਲਿਖੇ ਸ਼ਡਿਊਲ ਅਨੁਸਾਰ ਕੀਤਾ ਜਾਵੇਗਾ। ਟਰਾਇਲਾਂ ਦੌਰਾਨ ਖਿਡਾਰੀਆਂ ਦੀ ਪ੍ਰਤਿਭਾ ਅਤੇ ਖੇਡ ਪ੍ਰਦਰਸ਼ਨ ਦੇ ਆਧਾਰ 'ਤੇ ਚੋਣ ਕੀਤੀ ਜਾਵੇਗੀ। ਇਨ੍ਹਾਂ ਟਰਾਇਲਾਂ ਵਿੱਚੋਂ ਚੁਣੇ ਗਏ ਖਿਡਾਰੀ ਅਗਲੇ ਪੜਾਅ ਵਿੱਚ ਹੋਣ ਵਾਲੇ ਰਾਜ ਪੱਧਰੀ ਖੇਡ ਮੁਕਾਬਲਿਆਂ ਵਿੱਚ ਜ਼ਿਲ੍ਹਾ ਐੱਸ.ਏ.ਐੱਸ. ਨਗਰ ਦੀ ਨੁਮਾਇੰਦਗੀ ਕਰਨਗੇ। ਜ਼ਿਲ੍ਹਾ ਖੇਡ ਦਫ਼ਤਰ, ਐੱਸ.ਏ.ਐੱਸ. ਨਗਰ ਵੱਲੋਂ ਸਮੂਹ ਯੋਗ ਖਿਡਾਰੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਸ਼ਡਿਊਲ ਅਤੇ ਵੈਨਿਊ ਅਨੁਸਾਰ ਨਿਰਧਾਰਤ ਸਮੇਂ 'ਤੇ ਟਰਾਇਲ ਸਥਾਨ 'ਤੇ ਪਹੁੰਚ ਕੇ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਉਣ।

ਇਨ੍ਹਾਂ ਟਰਾਇਲਾਂ ਸਬੰਧੀ ਵਿਸਥਾਰਪੂਰਵਕ ਸ਼ਡਿਊਲ, ਮਿਤੀ, ਸਮਾਂ ਅਤੇ ਸਥਾਨ ਹੇਠ ਦਰਸਾਇਆ ਗਿਆ ਹੈ (ਵੁਸ਼ੂ) ਮਨਸਾ/9815-235427

28 ਤੋਂ 29 ਸਤੰਬਰ 2026 ਖੇਡ ਭਵਨ ਸੈਕਟਰ 78, ਐਸ ਏ ਐਸ ਨਗਰ,(ਰਗਬੀ) ਕਰਨ ਸਿੰਘ/8968909993, 30 ਸਤੰਬਰ 2026, ਰਜਿੰਦਰਾ ਪਾਰਕ ਸੈਕਟਰ 1, ਚੰਡੀਗੜ੍ਹ, (ਤਾਈਕਵਾਂਡੋ) ਸਤਿੰਦਰ ਸਿੰਘ 9888035332,1-2 ਸਤੰਬਰ 2026 ਸਪੋਰਟਸ ਕੰਮਲੈਕਸ ਸੈਕਟਰ 63,ਮੋਹਾਲੀ (ਜਿਮਨਾਸਟਿਕ), ਮਨਦੀਪ ਕੁਮਾਰ 964-6342454 30 ਸਤੰਬਰ 2026 ਖੇਡ ਭਵਨ ਸੈਕਟਰ 78, ਐਸ ਏ ਐਸ ਨਗਰ (ਨੈੱਟਬਾਲ) ਅਮਿਤ ਕੁਮਾਰ 9876635930, 1 ਅਕਤੂਬਰ 2026 ਸਰਕਾਰੀ ਹਾਈ ਸਕੂਲ, ਮਜਾਤ (ਪਾਵਰਲਿਫਟਿੰਗ) ਮਿਸ ਅਨਿਤਾ/ 9876-226476, 29-30 ਸਤੰਬਰ 2026 ਪਬਲਿਕ ਸਪੋਰਟਸ ਕਲੱਬ ਪਲਾਟ ਨੰ 498 ਫੇਸ-9 ਇੰਡਸਟਰੀਅਲ ਏਰੀਆ ਮੋਹਾਲੀ (ਸਾਫਟਬਾਲ) ਹੀਰਾ 99888985044, 1-2 ਅਕਤੂਬਰ 2026 ਸਕੂਲ ਆਫ ਐਮੀਨੈਂਸ 321 ਮੋਹਾਲੀ (ਆਰਚਰੀ) ਪਵਨਦੀਪ ਸਿੰਘ 7508856065 29 ਸਤੰਬਰ 2026 ਸਰਦਾਰ ਬਲਬੀਰ ਸਿੰਘ ਓਲੰਪੀਅਨ ਇੰਟਰਨੈਸ਼ਨਲ ਹਾਕੀ ਸਟੇਡੀਅਮ ਸੈਕਟਰ 63, ਮੋਹਾਲੀ(ਕਰਾਟੇ) ਸ਼੍ਰੀਮਤੀ ਹਰਦੀਪ ਕੌਰ/ 7340804103 ,28 ਸਤੰਬਰ 2026 (ਲੜਕੇ), 29 ਸਤੰਬਰ 2026 (ਲੜਕੀਆ) ਖੇਡ ਭਵਨ ਸੈਕਟਰ 78, ਐਸ ਏ ਐਸ ਨਗਰ ਵਿਖੇ ਕਰਵਾਏ ਜਾ ਰਹੇ ਹਨ ।

ਮਾਤ-ਪਿਤਾ ਗੋਧਾਮ ਮਹਾਤੀਰਥ ਵਿੱਚ ਕਨੈਕਟਿੰਗ ਸੋਸਾਇਟੀ ਪ੍ਰੋਗਰਾਮ 'ਚ 150 ਵਿਦਿਆਰਥੀਆਂ ਨੇ ਲਿਆ ਭਾਗ





ਪਟਿਆਲਾ, 26 ਸਤੰਬਰ (ਪੈ.ਗਾਮ-ਏ-ਜਗਤ)

ਮਾਤਾ-ਪਿਤਾ ਦੇ ਸਤਿਕਾਰ ਅਤੇ ਗਊ ਸੇਵਾ ਦੇ ਸੰਦੇਸ਼ ਨੂੰ ਸਮਰਪਿਤ ਕਨੈਕਟਿੰਗ ਸੋਸਾਇਟੀ ਪ੍ਰੋਗਰਾਮ ਦਾ ਆਯੋਜਨ ਪਿੰਡ ਖੱਲੌਰ ਬਨੂੜ-ਅੰਬਾਲਾ ਰੋਡ ਵਿਖੇ ਮਾਤ-ਪਿਤਾ ਗੋਧਾਮ ਮਹਾਤੀਰਥ ਵਿੱਚ ਸ਼ਨੀਵਾਰ ਨੂੰ ਕੀਤਾ ਗਿਆ। ਪ੍ਰੋਗਰਾਮ ਵਿੱਚ ਬੇਬੀ ਕਾਨਵੈਂਟ ਸਕੂਲ ਦੇ ਅਧਿਆਪਕ-ਅਧਿਆਪਕਾਵਾਂ ਅਤੇ ਲਗਭਗ 150 ਵਿਦਿਆਰਥੀਆਂ ਨੇ ਭਾਗ ਲਿਆ।

ਸਮਾਰੋਹ ਵਿੱਚ ਸਭ ਤੋਂ ਪਹਿਲਾਂ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਮਾਤ-ਪਿਤਾ ਗੋਧਾਮ ਮਹਾਤੀਰਥ ਦੇ ਸੇਵਾਦਾਰਾਂ ਅਤੇ ਬ੍ਰਹਮਾਨੰਦ ਜੀ ਮਹਾਰਾਜ ਨੇ ਤਿਲਕ ਲਗਾ ਕੇ ਸਵਾਗਤ ਕੀਤਾ। ਬੱਚਿਆਂ ਨੇ ਆਪਣੇ ਹੱਥਾਂ ਨਾਲ ਗਊ ਮਾਤਾ ਨੂੰ ਰੋਟੀਆਂ ਖੁਆਈਆਂ ਅਤੇ ਗਊ ਮਾਤਾ ਦੇ ਮਹੱਤਵ ਨੂੰ ਜਾਣਦਿਆਂ ਨਿਰਮਾਣ ਅਧੀਨ ਮਾਤ-ਪਿਤਾ ਮੰਦਰ ਦੇ ਦਰਸ਼ਨ ਕਰਕੇ ਆਪਣੇ-ਆਪਣੇ ਮਾਤਾ-ਪਿਤਾ ਦੇ ਸਮਰਪਣ ਨੂੰ ਯਾਦ ਕੀਤਾ।

ਲਗਭਗ ਸਾਰੇ ਬੱਚਿਆਂ ਨੇ ਸਲੋਗਨ ਮੁਕਾਬਲੇ ਵਿੱਚ ਭਾਗ ਲਿਆ, ਜਿਸ ਵਿੱਚ 7ਵੀਂ ਜਮਾਤ ਦੀ ਵਿਦਿਆਰਥਣ ਬਾਣੀ ਨੇ ਪਹਿਲਾ, 8ਵੀਂ ਜਮਾਤ ਦੀ ਵਿਦਿਆਰਥਣ ਏਕਮਜੋਤ ਨੇ ਦੂਜਾ ਅਤੇ 7ਵੀਂ ਜਮਾਤ ਦੀ ਵਿਦਿਆਰਥਣ ਸੰਧਿਆ ਨੇ ਤੀਜਾ ਸਥਾਨ ਹਾਸਲ ਕੀਤਾ।

8ਵੀਂ ਜਮਾਤ ਦੇ ਵਿਦਿਆਰਥੀ ਰੇਹਾਨ ਸ਼ੁਲ ਨੇ ਗੀਤ ਗਾ ਕੇ ਆਪਣੀ ਪ੍ਰਤਿਭਾ ਦਿਖਾਉਂਦੇ ਹੋਏ ਇਨਾਮ ਜਿੱਤਿਆ ਅਤੇ 7ਵੀਂ ਜਮਾਤ ਦੀਆਂ ਵਿਦਿਆਰਥਣਾਂ ਸਹਿਜਪ੍ਰੀਤ ਕੌਰ, ਬਾਣੀ, ਹਰਗੁਣਪ੍ਰੀਤ ਕੌਰ, ਸੰਧਿਆ ਅਤੇ ਕਸ਼ਿਸ਼ ਨੇ ਮਾਤਾ-ਪਿਤਾ ਲਈ ਸਮੂਹਿਕ ਅਤੇ ਭਾਵੁਕ ਕਰਨ ਵਾਲਾ ਬਹੁਤ ਹੀ ਮਨਮੋਹਕ ਗੀਤ ਗਾ ਕੇ ਇਨਾਮ ਜਿੱਤਿਆ।

ਪ੍ਰੋਗਰਾਮ ਵਿੱਚ ਸਾਰੇ ਜੇਤੂਆਂ ਨੂੰ ਮਾਤ-ਪਿਤਾ ਗੋਧਾਮ ਮਹਾਤੀਰਥ ਦੇ ਸੰਸਥਾਪਕ ਗੌਚਰਦਾਸ ਗਿਆਨਚੰਦ ਵਾਲੀਆ ਦੁਆਰਾ ਸਨਮਾਨਿਤ ਕੀਤਾ ਗਿਆ ਅਤੇ ਸਾਰੇ ਹਾਜ਼ਰ ਅਧਿਆਪਕਾਂ ਅਤੇ ਅਧਿਆਪਕਾਵਾਂ ਨੂੰ ਇਸ ਵਿਚਾਰਧਾਰਾ ਨਾਲ ਜੁੜਨ ਅਤੇ ਜਾਗਰੂਕਤਾ ਦਿਖਾਉਣ ਲਈ ਵੀ ਸਨਮਾਨਿਤ ਕੀਤਾ ਗਿਆ।

ਵਾਲੀਆ ਦੁਆਰਾ ਸਾਰੇ ਬੱਚਿਆਂ ਨੂੰ ਮਾਤਾ-ਪਿਤਾ ਹੀ ਸਾਡੇ ਭਗਵਾਨ ਹਨ ਅਤੇ ਗਊ ਮਾਤਾ ਵਿੱਚ ਹੀ ਸਾਰੇ ਦੇਵੀ-ਦੇਵਤਿਆਂ ਦਾ ਵਾਸ ਹੈ ਸਮਝਾਉਂਦੇ ਹੋਏ ਮਾਤ-ਪਿਤਾ ਦੇ ਜੈਕਾਰੇ ਲਗਵਾਏ, ਜਿਨ੍ਹਾਂ ਨੂੰ ਬੱਚਿਆਂ ਨੇ ਜੀਵਨ ਦੇ ਇੱਕ ਅਧਿਆਏ ਵਾਂਗ ਬਹੁਤ ਹੀ ਸਹਿਜਤਾ ਨਾਲ ਸਮਝਿਆ ਅਤੇ ਜੀਵਨ ਵਿੱਚ ਇਸ ਵਿਚਾਰ ਨੂੰ ਅਪਨਾਉਣ ਦਾ ਸੰਕਲਪ ਵੀ ਲਿਆ।

ਇਸ ਮੌਕੇ ਪ੍ਰੋਗਰਾਮ ਤੋਂ ਬਾਅਦ ਵਿਦਿਆਰਥੀਆਂ ਨੂੰ ਰਿਫ?ਰੈਸ਼ਮੈਂਟ ਵੀ ਵੰਡੀ ਗਈ। ਮਾਤ-ਪਿਤਾ ਗੋਧਾਮ ਮਹਾਤੀਰਥ ਵਿੱਚ ਸਮਾਜ ਨੂੰ ਜੋੜੀ ਰੱਖਣ, ਇੱਕਤਾ ਦੀ ਭਾਵਨਾ, ਸਦਭਾਵਨਾ, ਭਾਈਚਾਰਾ ਵਧਾਉਣ ਅਤੇ ਜ਼ਾਤ-ਪਾਤ ਦਾ ਭੇਦਭਾਵ ਮਿਟਾਉਣ ਲਈ ਸਮੇਂ-ਸਮੇਂ 'ਤੇ ਸੱਭਿਆਚਾਰਕ ਅਤੇ ਸਮਾਜਿਕ ਕਾਰਜ ਨਿਰੰਤਰ ਆਯੋਜਿਤ ਕੀਤੇ ਜਾਂਦੇ ਹਨ।

ਗੌਚਰ ਦਾਸ ਗਿਆਨ, ਟਰੱਸਟੀ ਸਾਹਿਬਾਨ ਅਤੇ ਕਾਰਜਕਾਰਨੀ ਮੈਂਬਰ ਸੰਸਥਾ ਦੇ ਮੂਲ ਉਦੇਸ਼ ਹਰ ਘਰ ਵਿੱਚ ਮਾਂ-ਬਾਪ ਦਾ ਸਤਿਕਾਰ ਅਤੇ ਗਊ ਮਾਤਾ ਨਾਲ ਪਿਆਰ ਦੇ ਸੰਦੇਸ਼ ਨੂੰ ਸਮਾਜ ਤੱਕ ਪਹੁੰਚਾਉਣ ਲਈ ਨਿਰੰਤਰ ਕੰਮ ਕਰ ਰਹੇ ਹਨ। ਮਾਤ-ਪਿਤਾ ਗੋਧਾਮ ਮਹਾਤੀਰਥ ਵਿੱਚ ਨਿਰਮਾਣ ਅਧੀਨ ਵਿਸ਼ਵ ਦੇ ਪਹਿਲੇ ਮਾਤ-ਪਿਤਾ ਮੰਦਰ ਦੇ ਮਾਧਿਅਮ ਨਾਲ ਵੀ ਲੋਕਾਂ ਨੂੰ ਆਪਣੇ ਮਾਤਾ-ਪਿਤਾ ਵਿੱਚ ਭਗਵਾਨ ਦਾ ਰੂਪ ਦੇਖਣ ਅਤੇ ਉਨ੍ਹਾਂ ਦਾ ਸਤਿਕਾਰ ਕਰਨ ਦਾ ਸੰਦੇਸ਼ ਦਿੱਤਾ ਜਾ ਰਿਹਾ ਹੈ।

ਪਾਰਕ ਹਸਪਤਾਲ ਮੋਹਾਲੀ ਨੇ ਦਿਲ ਦੇ ਮਰੀਜ਼ਾਂ ਲਈ ਐਡਵਾਂਸਡ ਹਾਰਟ ਵਾਲਵ ਕਲੀਨਿਕ ਦੀ ਸ਼ੁਰੂਆਤ ਕੀਤੀ: ਡਾ. ਸਿਧਾਰਥ ਗਰਗ

ਚੰਡੀਗੜ੍ਹ, 26 ਸਤੰਬਰ (ਪੈ.ਗਾਮ-ਏ-ਜਗਤ)



ਸ਼ਨੀਵਾਰ ਨੂੰ ਇੱਥੇ ਆਯੋਜਿਤ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਪਾਰਕ ਹਸਪਤਾਲ, ਮੋਹਾਲੀ ਦੇ ਡਾਕਟਰਾਂ ਦੀ ਟੀਮ, ਡਾਇਰੈਕਟਰ-ਸੀ.ਟੀ.ਵੀ.ਐੱਸ. ਡਾ. ਸਿਧਾਰਥ ਗਰਗ, ਐਸੋਸੀਏਟ ਡਾਇਰੈਕਟਰ-ਕਾਰਡੀਅਕ ਐਨੇਸਥੀਸੀਆ ਡਾ. ਅਰਜੁਨ ਜੋਸ਼ੀ, ਐਸੋਸੀਏਟ ਡਾਇਰੈਕਟਰ-ਇੰਟਰਵੈਂਸ਼ਨਲ ਕਾਰਡੀਓਲੋਜੀ ਡਾ. ਸੰਕਲਪ ਸ਼ਰਮਾ ਅਤੇ ਸੀਨੀਅਰ ਕੰਸਲਟੈਂਟ-ਇੰਟਰਵੈਂਸ਼ਨਲ ਕਾਰਡੀਓਲੋਜੀ ਡਾ. ਸਚਿਨ ਬੰਸਲ ਨੇ ਕਾਰਡੀਅਕ ਕੇਅਰ ਪ੍ਰਬੰਧਨ 'ਤੇ ਚਾਨਣਾ ਪਾਇਆ। ਡਾ. ਸਿਧਾਰਥ ਗਰਗ ਨੇ ਕਿਹਾ, ਇਸ ਸਾਲ ਦੇ ਵਿਸ਼ਵ ਦਿਲ ਦਿਵਸ ਦਾ ਥੀਮ—'ਡੌਂਟ ਮਿਸ ਏ ਬੀਟ'—ਦਿਲ ਦੀਆਂ ਬੀਮਾਰੀਆਂ ਦੇ ਚੇਤਾਵਨੀ ਸੰਕੇਤਾਂ ਅਤੇ ਲੱਛਣਾਂ ਨੂੰ ਪਛਾਣਨ ਅਤੇ ਸਮੇਂ ਸਿਰ ਡਾਕਟਰੀ ਸਹਾਇਤਾ ਲੈਣ ਦੇ ਮਹੱਤਵ 'ਤੇ ਜ਼ੋਰ ਦਿੰਦਾ ਹੈ। ਇਹ ਮੁਹਿੰਮ ਲੋਕਾਂ ਨੂੰ ਉਨ੍ਹਾਂ ਲੱਛਣਾਂ ਦੀ ਪਛਾਣ ਕਰਨ ਵਿੱਚ ਮਦਦ ਕਰਨ 'ਤੇ ਕੇਂਦਰਿਤ ਹੈ, ਜਿਨ੍ਹਾਂ ਨੂੰ ਅਕਸਰ ਅਣਦੇਖਾ ਕਰ ਦਿੱਤਾ ਜਾਂਦਾ ਹੈ।

ਇਸ ਮੌਕੇ 'ਤੇ, ਪਾਰਕ ਹਸਪਤਾਲ ਮੋਹਾਲੀ ਨੇ ਇੱਕ ਸਮਰਪਿਤ 'ਹਾਰਟ ਵਾਲਵ ਕਲੀਨਿਕ' ਸ਼ੁਰੂ ਕਰਨ ਦਾ ਵੀ ਐਲਾਨ ਕੀਤਾ। ਕਲੀਨਿਕ ਵਿੱਚ ਹਰ ਸ਼ਨੀਵਾਰ ਨੂੰ ਮੁਫ਼ਤ ਈਕੋ ਸਕ੍ਰੀਨਿੰਗ ਅਤੇ ਆਈ.ਐੱਨ.ਆਰ. ਟੈਸਟ ਉਪਲਬਧ ਰਹੇਗਾ, ਤਾਂ ਜੋ ਸ਼ੁਰੂਆਤੀ ਪੜਾਅ ਵਿੱਚ ਹੀ ਵਾਲਵ ਦੇ ਮਰੀਜ਼ਾਂ ਦੀ ਪਛਾਣ ਕੀਤੀ ਜਾ ਸਕੇ ਅਤੇ ਉਨ੍ਹਾਂ ਨੂੰ ਬਿਹਤਰੀਨ ਇਲਾਜ ਦਾ ਬਦਲ ਪ੍ਰਦਾਨ ਕੀਤਾ ਜਾ ਸਕੇ। ਪਾਰਕ ਹਸਪਤਾਲ ਪਿਛਲੇ 6 ਮਹੀਨਿਆਂ ਵਿੱਚ ਪਹਿਲਾਂ ਹੀ 100 ਸਫਲ ਵਾਲਵ ਸਰਜਰੀਆਂ ਕਰ ਚੁੱਕਾ ਹੈ।

ਡਾ. ਸੰਕਲਪ ਸ਼ਰਮਾ ਨੇ ਕਿਹਾ, ਹਾਲੀਆ ਅੰਕੜਿਆਂ ਅਨੁਸਾਰ, ਸ਼ਹਿਰੀ ਆਬਾਦੀ ਦਾ ਲਗਭਗ 30 ਪ੍ਰਤੀਸ਼ਤ ਅਤੇ ਪੇਂਡੂ ਖੇਤਰਾਂ ਵਿੱਚ ਰਹਿਣ ਵਾਲੀ 15 ਪ੍ਰਤੀਸ਼ਤ ਆਬਾਦੀ ਹਾਈ ਬੀ.ਪੀ. ਅਤੇ ਹਾਰਟ ਅਟੈਕ ਤੋਂ ਪੀੜਤ ਹੈ।

ਡਾ. ਸਚਿਨ ਬੰਸਲ ਨੇ ਕਿਹਾ ਕਿ ਜਿਵੇਂ-ਜਿਵੇਂ ਦਿਲ ਦੀਆਂ ਬੀਮਾਰੀਆਂ ਦੇ ਖਤਰੇ ਵਾਲੇ ਕਾਰਕ ਵਧ ਰਹੇ ਹਨ, ਤਿਵੇਂ-ਤਿਵੇਂ ਮੌਤ ਦਰ ਵੀ ਵਧ ਰਹੀ ਹੈ। ਡਾ. ਅਰਜੁਨ ਜੋਸ਼ੀ ਨੇ ਕਿਹਾ, ÷ਟਾਈਪ 2 ਡਾਇਬਟੀਜ਼ ਤੋਂ ਪੀੜਤ ਮਰੀਜ਼ਾਂ ਵਿੱਚ ਆਮ ਆਬਾਦੀ ਦੀ ਤੁਲਨਾ ਵਿੱਚ ਦਿਲ ਦੇ ਰੋਗਾਂ ਦਾ ਖਤਰਾ 2 ਤੋਂ 3 ਗੁਣਾ ਵੱਧ ਹੁੰਦਾ ਹੈ। ਭਾਰਤ ਵਿੱਚ ਵਰਤਮਾਨ ਵਿੱਚ 100 ਮਿਲੀਅਨ ਲੋਕ ਸ਼ੂਗਰ ਤੋਂ ਪੀੜਤ ਹਨ ਅਤੇ 2035 ਤੱਕ ਇਹ ਸੰਖਿਆ ਵਧ ਕੇ 135 ਮਿਲੀਅਨ ਹੋਣ ਦੀ ਉਮੀਦ ਹੈ।

ਡਾ. ਸਿਧਾਰਥ ਨੇ ਕਿਹਾ ਕਿ ਮੌਜੂਦਾ ਹਾਲਾਤਾਂ ਨੂੰ ਦੇਖਦੇ ਹੋਏ ਪ੍ਰੀਵੈਂਟਿਵ ਹੈਲਥ ਕੇਅਰ 'ਤੇ ਤੁਰੰਤ ਜ਼ੋਰ ਦੇਣ ਦੀ ਲੋੜ ਹੈ। ਇਸ ਵਿੱਚ ਬੀਮਾਰੀ ਅਤੇ ਇਸ ਦੇ ਖਤਰੇ ਵਾਲੇ ਕਾਰਕਾਂ ਬਾਰੇ ਜਾਗਰੂਕਤਾ ਵਧਾਉਣਾ ਸ਼ਾਮਲ ਹੈ। ਵੱਡੇ ਪੱਧਰ 'ਤੇ ਜਾਗਰੂਕਤਾ ਪੈਦਾ ਕਰਨ ਲਈ ਜਨਤਕ ਸਿੱਖਿਆ ਪ੍ਰੋਗਰਾਮ, ਵਰਕਸ਼ਾਪਾਂ ਅਤੇ ਕਾਉਂਸਲਿੰਗ ਸੈਸ਼ਨ ਆਯੋਜਿਤ ਕੀਤੇ ਜਾਣੇ ਚਾਹੀਦੇ ਹਨ।

ਵੈਟਨਰੀ ਯੂਨੀਵਰਸਿਟੀ ਨੇ ਡਿਜ਼ੀਟਲ ਪਸਾਰ ਸੇਵਾ ਨੂੰ ਮਜ਼ਬੂਤ ਕਰਨ ਲਈ 'ਆਪਣੀ ਖੇਤੀ' ਨਾਲ ਸਮਝੌਤਾ ਪੱਤਰ 'ਤੇ ਦਸਤਖ਼ਤ ਕੀਤੇ



ਲੁਧਿਆਣਾ, 26 ਸਤੰਬਰ (ਪੈ.ਗਾਮ-ਏ-ਜਗਤ)

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ, ਲੁਧਿਆਣਾ ਅਤੇ ਕੌਗਨੀਸੋਲ ਐਗਟੈਕ ਪ੍ਰਾਈਵੇਟ ਲਿਮਿਟੇਡ ('ਆਪਣੀ ਖੇਤੀ') ਨੇ ਡਿਜੀਟਲ ਪਸਾਰ ਸੇਵਾਵਾਂ ਨੂੰ ਮਜ਼ਬੂਤ ਕਰਨ ਅਤੇ ਕਿਸਾਨਾਂ ਤੇ ਪਸ਼ੂ ਪਾਲਕਾਂ ਤੱਕ ਵਿਗਿਆਨਕ ਗਿਆਨ ਅਤੇ ਤਕਨੀਕਾਂ ਦੇ ਵਿਆਪਕ ਪ੍ਰਸਾਰ ਨੂੰ ਸੁਖਾਲਾ ਬਣਾਉਣ ਲਈ ਇੱਕ ਸਮਝੌਤਾ ਪੱਤਰ 'ਤੇ ਦਸਤਖਤ ਕੀਤੇ ਹਨ।

ਇਸ ਸਮਝੌਤਾ ਪੱਤਰ 'ਤੇ ਡਾ. ਰਵਿੰਦਰ ਸਿੰਘ ਗਰੇਵਾਲ, ਨਿਰਦੇਸ਼ਕ ਪਸਾਰ ਸਿੱਖਿਆ ਅਤੇ ਕੌਗਨੀਸੋਲ ਐਗਟੈਕ ਪ੍ਰਾਈਵੇਟ ਲਿਮਿਟੇਡ ('ਆਪਣੀ ਖੇਤੀ') ਦੇ ਪਾਰਟਨਰਸ਼ਿਪ ਅਤੇ ਅਲਾਇੰਸ ਲੀਡ ਸ਼?ਰੀ ਚਮਕੌਰ ਸਿੰਘ ਨੇ ਡਾ. ਜਤਿੰਦਰ ਪਾਲ ਸਿੰਘ ਗਿੱਲ ਉਪ-ਕੁਲਪਤੀ ਦੀ ਮੌਜੂਦਗੀ ਵਿੱਚ ਦਸਤਖ਼ਤ ਕੀਤੇ।

ਕੌਗਨੀਸੋਲ ਐਗਟੈਕ ਪ੍ਰਾ. ਲਿਮ. 'ਆਪਣੀ ਖੇਤੀ' ਨਾਮਕ ਕਿਸਾਨ-ਕੇਂਦਰਿਤ ਡਿਜੀਟਲ ਮੰਚ ਚਲਾਉਂਦੀ ਹੈ ਅਤੇ ਮਾਹਰਾਂ ਦੀ ਸਲਾਹ, ਭਰੋਸੇਯੋਗ ਜਾਣਕਾਰੀ, ਅਸਲ ਉਤਪਾਦ ਅਤੇ ਮੰਡੀ ਨਾਲ ਸੰਪਰਕ ਵਰਗੀਆਂ ਸਹੂਲਤਾਂ ਪ੍ਰਦਾਨ ਕਰਦੀ ਹੈ। 16 ਲੱਖ ਤੋਂ ਵੱਧ ਕਿਸਾਨ ਆਪਣੀ ਮੋਬਾਈਲ ਐਪਲੀਕੇਸ਼ਨ ਅਤੇ ਸੋਸ਼ਲ ਮੀਡੀਆ ਰਾਹੀਂ 'ਆਪਣੀ ਖੇਤੀ' ਨਾਲ ਜੁੜੇ ਹੋਏ ਹਨ।

ਇਸ ਸਮਝੌਤੇ ਦਾ ਉਦੇਸ਼ ਪਸ਼ੂ ਪਾਲਣ, ਪੋਲਟਰੀ ਅਤੇ ਮੱਛੀ ਪਾਲਣ ਨਾਲ ਸਬੰਧਤ ਭਰੋਸੇਯੋਗ ਅਤੇ ਵਿਗਿਆਨਕ ਜਾਣਕਾਰੀ ਤੱਕ ਪਹੁੰਚ ਨੂੰ ਬਿਹਤਰ ਬਣਾ ਕੇ ਕਿਸਾਨਾਂ ਅਤੇ ਪਸ਼ੂ ਪਾਲਕਾਂ ਨੂੰ ਡਿਜੀਟਲ-ਅਧਾਰਿਤ ਹੱਲ ਪ੍ਰਦਾਨ ਕਰਨਾ ਹੈ। ਇਹ 'ਆਪਣੀ ਖੇਤੀ' ਦੇ ਵਿਆਪਕ ਡਿਜੀਟਲ ਪਹੁੰਚ ਨੈੱਟਵਰਕ ਰਾਹੀਂ ਵੈਟਨਰੀ ਯੂਨੀਵਰਸਿਟੀ ਦੁਆਰਾ ਵਿਕਸਤ ਉਤਪਾਦਨ ਤਕਨੀਕਾਂ ਅਤੇ ਨਵੀਨਤਾਵਾਂ ਦੇ ਪ੍ਰਸਾਰ ਨੂੰ ਸੁਖਾਲਾ ਬਣਾਏਗਾ। ਇਹ ਸਹਿਯੋਗ ਤਕਨੀਕੀ ਸਲਾਹ, ਸਿਖਲਾਈ ਅਤੇ ਵਿਸਥਾਰ ਸੇਵਾਵਾਂ ਤੱਕ ਬਿਹਤਰ ਪਹੁੰਚ ਰਾਹੀਂ ਯੂਨੀਵਰਸਿਟੀ ਦੇ ਮਾਹਰਾਂ ਅਤੇ ਖੇਤੀਬਾੜੀ ਭਾਈਚਾਰਿਆਂ ਵਿਚਕਾਰ ਗਿਆਨ ਦੇ ਆਦਾਨ-ਪ੍ਰਦਾਨ ਨੂੰ ਵੀ ਉਤਸ਼ਾਹਿਤ ਕਰੇਗਾ।

ਡਾ. ਗਿੱਲ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਕਿਸਾਨਾਂ ਨੂੰ ਸਮੇਂ ਸਿਰ ਵਿਗਿਆਨਕ ਜਾਣਕਾਰੀ ਪ੍ਰਦਾਨ ਕਰਨ ਵਿੱਚ ਡਿਜੀਟਲ ਮਾਧਿਅਮਾਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਇਹ ਸਾਂਝੇਦਾਰੀ ਕਿਸਾਨਾਂ ਅਤੇ ਮਾਹਰਾਂ ਵਿਚਕਾਰ ਸੰਪਰਕ ਨੂੰ ਮਜ਼ਬੂਤ ਕਰੇਗੀ ਅਤੇ ਪਸ਼ੂ ਪਾਲਣ, ਪੋਲਟਰੀ ਅਤੇ ਮੱਛੀ ਪਾਲਣ ਦੇ ਖੇਤਰਾਂ ਵਿੱਚ ਸਾਂਝੀ ਖੋਜ, ਵਿਸਥਾਰ ਅਤੇ ਪਹੁੰਚ-ਸਬੰਧੀ ਗਤੀਵਿਧੀਆਂ ਨੂੰ ਸੁਖਾਲਾ ਬਣਾਏਗੀ।

ਔਰਤਾਂ ਨੂੰ ਆਤਮ-ਨਿਰਭਰ ਬਣਾਉਣਾ ਅਤੇ ਲੋਕ-ਪੱਖੀ ਵਿਕਾਸ ਮਾਨ ਸਰਕਾਰ ਦੀ ਮੁੱਖ ਤਰਜੀਹ: ਡਾ. ਗੁਰਪ੍ਰੀਤ ਕੌਰ ਮਾਨ





ਧੂਰੀ, 26 ਸਤੰਬਰ (ਪੈਗ਼ਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ, ਸਨਮਾਨ ਅਤੇ ਸਸ਼ਕਤੀਕਰਨ ਲਈ ਚਲਾਈ ਜਾ ਰਹੀ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਵਿੱਚ

- **ਕਿਹਾ, ਸਖੀਆਂ ਸਰਕਾਰੀ ਸਕੀਮਾਂ ਨੂੰ ਜ਼ਮੀਨੀ ਪੱਧਰ 'ਤੇ ਪਹੁੰਚਾਉਣ ਵਿੱਚ ਨਿਭਾ ਰਹੀਆਂ ਅਹਿਮ ਭੂਮਿਕਾ**
- **ਸਰਕਾਰੀ ਸਕੀਮਾਂ ਦਾ ਲਾਭ ਲੋਕਾਂ ਤੱਕ ਪਹੁੰਚਾਉਣ ਵਿੱਚ ਸਖੀਆਂ ਦੀ ਅਹਿਮ ਭੂਮਿਕਾ: ਡਾ. ਗੁਰਪ੍ਰੀਤ ਕੌਰ ਮਾਨ**

ਸਖੀਆਂ ਵੱਲੋਂ ਨਿਭਾਈ ਜਾ ਰਹੀ ਭੂਮਿਕਾ ਸ਼ਲਾਘਾਯੋਗ ਹੈ। ਇਹ ਪ੍ਰਗਟਾਵਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਧਰਮਪਤਨੀ ਡਾ. ਗੁਰਪ੍ਰੀਤ ਕੌਰ ਮਾਨ ਨੇ ਧੂਰੀ ਵਿਧਾਨ ਸਭਾ ਹਲਕੇ ਦੀਆਂ ਸਖੀਆਂ ਦੇ ਸਨਮਾਨ ਲਈ ਕਰਵਾਏ ਸਖੀ ਮਿਲਣੀ ਸਮਾਗਮ ਦੌਰਾਨ ਕੀਤਾ।

ਡਾ. ਗੁਰਪ੍ਰੀਤ ਕੌਰ ਮਾਨ ਨੇ ਕਿਹਾ ਕਿ ਸਖੀਆਂ ਪੰਜਾਬ ਸਰਕਾਰ ਦੀ ਰੀੜ੍ਹ ਦੀ ਹੱਡੀ ਹਨ, ਜੋ ਸਰਕਾਰੀ ਯੋਜਨਾਵਾਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚਾਉਣ ਲਈ ਸਰਕਾਰ ਅਤੇ ਲੋਕਾਂ ਦਰਮਿਆਨ ਅਹਿਮ ਕੜੀ ਵਜੋਂ ਕੰਮ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ 'ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਯੋਗ ਮਹਿਲਾਵਾਂ ਦੀ ਪਛਾਣ, ਰਜਿਸਟ੍ਰੇਸ਼ਨ, ਫਾਰਮ ਭਰਨ, ਲੋੜੀਂਦੇ ਦਸਤਾਵੇਜ਼ ਪੂਰੇ ਕਰਵਾਉਣ ਅਤੇ ਯੋਜਨਾ ਸਬੰਧੀ ਜਾਣਕਾਰੀ ਦੇਣ ਵਿੱਚ ਸਖੀਆਂ ਨੇ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਕਈ ਮਹਿਲਾਵਾਂ ਦੇ ਦਸਤਾਵੇਜ਼ ਅਧੂਰੇ ਹੋਣ ਦੇ ਬਾਵਜੂਦ ਸਖੀਆਂ ਨੇ ਉਨ੍ਹਾਂ ਦੀ ਮਦਦ ਕਰਦਿਆਂ ਲੋੜੀਂਦੀ ਕਾਰਵਾਈ ਪੂਰੀ ਕਰਵਾਈ ਅਤੇ ਯੋਗ ਮਹਿਲਾਵਾਂ ਨੂੰ ਸਰਕਾਰੀ ਯੋਜਨਾ ਨਾਲ ਜੋੜਨ ਲਈ ਪੂਰੀ ਤਨਦੇਹੀ ਨਾਲ ਕੰਮ ਕੀਤਾ। ਉਨ੍ਹਾਂ ਕਿਹਾ ਕਿ ਸਖੀਆਂ ਦੀ ਇਹ ਸੇਵਾ ਭਾਵਨਾ ਸ਼ਲਾਘਾਯੋਗ ਹੋਣ ਦੇ ਨਾਲ-ਨਾਲ ਹੋਰਨਾਂ ਲਈ ਵੀ ਪ੍ਰੇਰਨਾਦਾਇਕ ਹੈ।

ਡਾ. ਗੁਰਪ੍ਰੀਤ ਕੌਰ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨਾਲ ਕੀਤੇ ਵਾਅਦੇ ਨੂੰ ਪੂਰਾ ਕਰਦਿਆਂ 'ਮਾਵਾਂ ਧੀਆਂ ਸਤਿਕਾਰ ਯੋਜਨਾ' ਰਾਹੀਂ ਯੋਗ ਮਹਿਲਾਵਾਂ ਨੂੰ ਸਤਿਕਾਰ ਭੱਤਾ (1000-1500) ਮੁਹੱਈਆ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਮਹਿਲਾਵਾਂ ਦੇ ਸਨਮਾਨ, ਸਸ਼ਕਤੀਕਰਨ ਅਤੇ ਸਮਾਜਿਕ ਸੁਰੱਖਿਆ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਉਨ੍ਹਾਂ ਕਿਹਾ ਕਿ ਧੂਰੀ ਹਲਕੇ ਵਿੱਚ ਵੀ ਵਿਕਾਸ ਕਾਰਜਾਂ ਨੂੰ ਜੰਗੀ ਪੱਧਰ 'ਤੇ ਅੱਗੇ ਵਧਾਇਆ ਜਾ ਰਿਹਾ ਹੈ। ਕਰੋੜਾਂ ਰੁਪਏ ਦੀ ਲਾਗਤ ਨਾਲ ਸੜਕਾਂ ਦੇ ਨਿਰਮਾਣ ਤੇ ਸੁਧਾਰ, ਸਕੂਲ ਆਫ਼ ਐਮੀਨੈਂਸ, ਲਾਇਬ੍ਰੇਰੀਆਂ ਅਤੇ ਹੋਰ ਬੁਨਿਆਦੀ ਢਾਂਚੇ ਨਾਲ ਸਬੰਧਤ ਪ੍ਰਾਜੈਕਟਾਂ 'ਤੇ ਕੰਮ ਚੱਲ ਰਿਹਾ ਹੈ। ਇਨ੍ਹਾਂ ਕਾਰਜਾਂ ਦਾ ਉਦੇਸ਼ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਧੂਰੀ ਦੇ ਸਰਬਪੱਖੀ ਵਿਕਾਸ ਨੂੰ ਹੋਰ ਗਤੀ ਦੇਣਾ ਹੈ। ਉਨ੍ਹਾਂ ਕਿਹਾ ਕਿ ਮਹਿਲਾ ਸਸ਼ਕਤੀਕਰਨ ਸਿਰਫ਼ ਆਰਥਿਕ ਸਹਾਇਤਾ ਤੱਕ ਸੀਮਤ ਨਹੀਂ, ਸਗੋਂ ਮਹਿਲਾਵਾਂ ਨੂੰ ਸਨਮਾਨ, ਅਧਿਕਾਰ, ਆਤਮ-ਵਿਸ਼ਵਾਸ ਅਤੇ ਆਪਣੇ ਫੈਸਲੇ ਖੁਦ ਲੈਣ ਦੀ ਸਮਰੱਥਾ ਪ੍ਰਦਾਨ ਕਰਨ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਜਦੋਂ ਇੱਕ ਮਹਿਲਾ ਮਜ਼ਬੂਤ ਹੁੰਦੀ ਹੈ ਤਾਂ ਉਸਦਾ ਪਰਿਵਾਰ ਅਤੇ ਸਮਾਜ ਵੀ ਮਜ਼ਬੂਤ ਹੁੰਦਾ ਹੈ। ਉਨ੍ਹਾਂ ਸਖੀਆਂ ਨੂੰ ਭਵਿੱਖ ਵਿੱਚ ਵੀ ਇਸੇ ਸੇਵਾ ਭਾਵਨਾ ਨਾਲ ਲੋਕ ਭਲਾਈ ਦੇ ਕਾਰਜਾਂ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਮਾਵਾਂ ਧੀਆਂ ਸਤਿਕਾਰ ਯੋਜਨਾ' ਸਮੇਤ ਲੋਕ-ਪੱਖੀ ਸਕੀਮਾਂ ਰਾਹੀਂ ਆਮ ਪਰਿਵਾਰਾਂ ਅਤੇ ਮਾਵਾਂ-ਭੈਣਾਂ ਦੀ ਭਲਾਈ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਧੂਰੀ ਹਲਕੇ ਵਿੱਚ ਚੱਲ ਰਹੇ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਸਖੀਆਂ ਵੱਲੋਂ ਘਰ-ਘਰ ਜਾ ਕੇ ਫਾਰਮ ਭਰਨ ਅਤੇ ਲੋਕਾਂ ਤੱਕ ਸਰਕਾਰੀ ਸਕੀਮਾਂ ਦਾ ਲਾਭ ਪਹੁੰਚਾਉਣ ਲਈ ਕੀਤੀ ਮਿਹਨਤ ਦੀ ਸ਼ਲਾਘਾ ਕੀਤੀ।

ਸਖੀ ਮਿਲਣੀ ਸਮਾਗਮ ਦੌਰਾਨ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਅਤੇ ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ ਨੇ ਵੀ ਵਿਚਾਰ ਸਾਂਝੇ ਕੀਤੇ। ਇਸ ਮੌਕੇ ਮੁੱਖ ਮੰਤਰੀ ਦੇ ਓ.ਐਸ.ਡੀ. ਸੁਖਵੀਰ ਸਿੰਘ, ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਲੱਖਾ, ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ, ਹਲਕਾ ਕੋਆਰਡੀਨੇਟਰ (ਮਹਿਲਾ ਵਿੰਗ) ਹਰਵਿੰਦਰ ਕੌਰ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਚੇਅਰਮੈਨ ਬਲਾਕ ਸੰਮਤੀ ਰਣਯੋਧ ਸਿੰਘ, ਨਗਰ ਕੌਂਸਲ ਧੂਰੀ ਦੀ ਪ੍ਰਧਾਨ ਅਮਰਜੋਤ ਕੌਰ ਬਾਜਵਾ, ਰੂਬਲ ਬਾਜਵਾ, ਗਗਨ ਜਵੰਧਾ ਸਮੇਤ ਵੱਡੀ ਗਿਣਤੀ ਵਿੱਚ ਸਖੀਆਂ ਅਤੇ ਸਥਾਨਕ ਆਗੂ ਹਾਜ਼ਰ ਸਨ।

ਨਸ਼ਿਆਂ, ਦਿਲ ਦੇ ਦੌਰੇ, ਕਿਡਨੈਪਿੰਗ, ਹਲਕਾਅ, ਫੈਂਟੀ ਲਿਵਰ ਬਾਰੇ ਜਾਣਕਾਰੀ ਦਿੱਤੀ

ਪਟਿਆਲਾ, 26 ਸਤੰਬਰ (ਪੈਗ਼ਾਮ-ਏ-ਜਗਤ)



ਫਸਟ ਏਡ, ਸੇਫਟੀ, ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਅਤੇ ਰੈੱਡ ਕਰਾਸ ਦੇ ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਸ਼੍ਰੀ ਕਾਕਾ ਰਾਮ ਵਰਮਾ ਵਲੋਂ ਆਪਣੇ ਮਿਸ਼ਨ ਤਹਿਤ ਪਬਲਿਕ ਹਾਈ ਸਕੂਲ ਅਲੋਵਾਲ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਡਲ ਟਾਊਨ ਵਿਖੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸੁਰੱਖਿਆ, ਸਿਹਤ, ਤਦੰਰੁਸਤੀ ਅਤੇ ਮਾੜੇ ਅਨਸਰਾਂ ਤੋਂ ਬਚਾਉ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦਿਲ ਦੇ ਦੌਰੇ ਦੇ ਕਾਰਨਾਂ ਅਤੇ ਫਸਟ ਏਡ ਸੀ ਪੀ ਆਰ ਬਾਰੇ, ਨਸ਼ਿਆਂ, ਫਾਸਟ ਫੂਡ, ਜੰਕ ਫੂਡ, ਕੋਲਡ ਡਰਿੰਕਸ, ਕਿਡਨੈਪਿੰਗ, ਮਾੜੇ ਅਨਸਰਾਂ ਤੋਂ ਸੁਚੇਤ ਰਹਿਣ, ਘਰੇਲੂ ਗੈਸਾਂ ਬਿਜਲੀ, ਸੁਰੱਖਿਆ ਬਾਰੇ ਸਮਝਾਇਆ। ਵਿਦਿਆਰਥੀਆਂ ਨੂੰ ਪੁਲਿਸ, ਫਾਇਰ ਬ੍ਰਿਗੇਡ, ਐਂਬੂਲੈਂਸ ਅਤੇ ਸਾਈਬਰ ਸੁਰੱਖਿਆ ਦੇ ਹੈਲਪ ਲਾਈਨ ਨੰਬਰਾਂ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ। ਪ੍ਰਿੰਸੀਪਲ ਸ਼੍ਰੀਮਤੀ ਸੁਰਿੰਦਰ ਕੌਰ, ਪ੍ਰੋਗਰਾਮ ਕੋਆਰਡੀਨੇਟਰ ਸੁਖਵਿੰਦਰ ਸਿੰਘ ਗੁਰਨ ਅਤੇ ਸਰਕਾਰੀ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਰਾਜੇਸ਼ ਮੋਦੀ, ਵਾਈਸ ਪ੍ਰਿੰਸੀਪਲ ਸ਼੍ਰੀ ਭਗਵੰਤ ਸਿੰਘ ਵਲੋਂ ਧੰਨਵਾਦ ਕਰਦੇ ਹੋਏ ਕਿਹਾ ਕਿ ਅਜ ਦੇ ਸਮੇਂ ਵਿੱਚ ਚੰਗੇਰੀ ਸਿਖਿਆ ਦੇ ਨਾਲ ਨਾਲ ਵਿਦਿਆਰਥੀਆਂ ਨੂੰ ਸਮਾਜਿਕ, ਸਰੀਰਕ, ਮਾਨਸਿਕ, ਆਰਥਿਕ, ਪਰਿਵਾਰਿਕ ਰਿਸਤਿਆਂ ਦੀ ਮਹੱਤਤਾ ਅਤੇ ਗ਼ਲਤੀਆਂ, ਲਾਲਚਾਂ, ਕਰਕੇ ਹੋ ਰਹੇ ਨੁਕਸਾਨਾਂ ਬਾਰੇ ਦੱਸਣਾ ਲਾਭਦਾਇਕ ਹੈ ਤਾਂ ਜ਼ੋ ਬੱਚਿਆਂ ਵਲੋਂ ਆਪਣੇ ਆਪ ਨੂੰ ਸਿਹਤਮੰਦ, ਤਦੰਰੁਸਤ, ਸੁਰੱਖਿਆ, ਖੁਸ਼ਹਾਲ ਬਣਾਉਣ ਲਈ ਆਪਣੀ ਪੱਧਰ ਤੇ ਯਤਨ ਕੀਤੇ ਜਾਣ।

ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜਨਮ ਦਿਹਾੜੇ 'ਤੇ ਵਿਸ਼ੇਸ਼

ਭਗਤ ਸਿੰਘ-ਸਿਰ.ਫ ਤਸਵੀਰ ਨਹੀਂ, ਇੱਕ ਇਨਕਲਾਬੀ ਸੋਚ ਤਸਵੀਰਾਂ ਵਿੱਚ ਭਗਤ ਸਿੰਘ, ਕਿਰਦਾਰਾਂ ਵਿੱਚ ਕਿਉਂ ਨਹੀਂ?





ਦੀਪਾ ਬੰਡਾਲਾ
ਐਡਮਿੰਟਨ, ਕੈਨੇਡਾ
ਮੋਬਾਈਲ: +1 416-399-6594

ਜੇ ਭਗਤ ਸਿੰਘ ਅੱਜ ਕੁਝ ਪਲਾਂ ਲਈ ਪੰਜਾਬ ਪਰਤ ਆਉਣ, ਤਾਂ ਸ਼ਾਇਦ ਆਪਣੀਆਂ ਤਸਵੀਰਾਂ ਦੇਖ ਕੇ ਹੈਰਾਨ ਰਹਿ ਜਾਣ। ਸਰਕਾਰੀ ਦਫ਼ਤਰਾਂ, ਸਿਆਸੀ ਮੰਚਾਂ ਅਤੇ ਨੌਜਵਾਨਾਂ ਦੀਆਂ ਟੀ-ਸ਼ਰਟਾਂ ਉੱਤੇ ਉਨ੍ਹਾਂ ਦੀ ਤਸਵੀਰ ਦਿਸੇਗੀ। ਪਰ ਆਪਣੇ ਸੁਪਨਿਆਂ ਵਾਲਾ ਪੰਜਾਬ ਲੱਭਣ ਨਿਕਲਣ ਤਾਂ ਬੇਰੁਜ਼ਗਾਰ ਨੌਜਵਾਨ, ਵਿਦੇਸ਼ਾਂ ਵੱਲ ਜਾਂਦੇ ਜਹਾਜ਼, ਨਸ਼ਿਆਂ ਨਾਲ ਉੱਜੜਦੇ ਘਰ ਅਤੇ ਹੱਕਾਂ ਲਈ ਸੜਕਾਂ ਉੱਤੇ ਬੈਠੇ ਲੋਕ ਵੀ ਦਿਸਣਗੇ।

ਇਹ ਦ੍ਰਿਸ਼ ਵੇਖ ਕੇ ਸ਼ਾਇਦ ਉਹ ਪੁੱਛਣ—ਮੇਰੀ ਤਸਵੀਰ ਤਾਂ ਹਰ ਥਾਂ ਪਹੁੰਚ ਗਈ, ਪਰ ਮੇਰੇ ਵਿਚਾਰ ਕਿੱਥੇ ਰਹਿ ਗਏ?

ਜਿਸ ਨੌਜਵਾਨ ਨੇ ਆਪਣੇ ਸਮੇਂ ਦੀ ਸੱਤਾ ਨੂੰ ਸਵਾਲ ਕੀਤੇ ਸਨ, ਅੱਜ ਉਸੇ ਦੇ ਨਾਂ 'ਤੇ ਸਿਆਸਤ ਹੋ ਰਹੀ ਹੈ। 28 ਸਤੰਬਰ ਨੂੰ ਭਗਤ ਸਿੰਘ ਦਾ ਜਨਮ ਦਿਹਾੜਾ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਬੁੱਤਾਂ ਨੂੰ ਹਾਰ ਪੈਂਦੇ ਹਨ, ਭਾਸ਼ਣ ਹੁੰਦੇ ਹਨ ਅਤੇ ਸੋਸ਼ਲ ਮੀਡੀਆ ਇਨਕਲਾਬੀ ਨਾਅਰਿਆਂ ਨਾਲ ਭਰ ਜਾਂਦਾ ਹੈ। ਉਨ੍ਹਾਂ ਦੀ ਸ਼ਹਾਦਤ ਦਾ ਜ਼ਿਕਰ ਤਾਂ ਬਹੁਤ ਹੁੰਦਾ ਹੈ, ਪਰ ਉਨ੍ਹਾਂ ਦੇ ਵਿਚਾਰਾਂ ਬਾਰੇ ਗੰਭੀਰ ਗੱਲਬਾਤ ਘੱਟ ਸੁਣਾਈ ਦਿੰਦੀ ਹੈ।

ਅਸੀਂ ਅਕਸਰ ਉਨ੍ਹਾਂ ਨੂੰ ਪਿਸਤੌਲ ਫੜੇ ਇੱਕ ਜੋਸ਼ੀਲੇ ਨੌਜਵਾਨ ਵਜੋਂ ਦੇਖਦੇ ਹਾਂ, ਜਦਕਿ ਉਹ ਕਿਤਾਬਾਂ ਪੜ੍ਹਨ ਅਤੇ ਲਿਖਣ ਵਾਲੇ ਚਿੰਤਕ ਵੀ ਸਨ। ਅੰਗਰੇਜ਼ ਹਕੂਮਤ ਨਾਲ ਟੱਕਰ ਲੈਂਦਿਆਂ ਉਨ੍ਹਾਂ ਨੇ ਇਹ ਸਵਾਲ ਵੀ ਉਠਾਇਆ ਕਿ ਆਜ਼ਾਦ ਦੇਸ਼ ਵਿੱਚ ਆਮ ਮਨੁੱਖ ਦੀ ਜ਼ਿੰਦਗੀ ਕਿਹੋ ਜਿਹੀ ਹੋਵੇਗੀ। ਜੇਲ੍ਹ ਵਿੱਚ ਰਹਿੰਦਿਆਂ ਵੀ ਉਨ੍ਹਾਂ ਦਾ ਪੜ੍ਹਨਾ ਅਤੇ ਲਿਖਣਾ ਜਾਰੀ ਰਿਹਾ।

ਭਗਤ ਸਿੰਘ ਲਈ ਆਜ਼ਾਦੀ ਦਾ ਅਰਥ ਕੇਵਲ ਅੰਗਰੇਜ਼ਾਂ ਦਾ ਚਲੇ ਜਾਣਾ ਨਹੀਂ ਸੀ। ਉਹ ਅਜਿਹਾ ਸਮਾਜ ਚਾਹੁੰਦੇ ਸਨ ਜਿੱਥੇ ਮਨੁੱਖ ਦੀ ਮਿਹਨਤ ਦੀ ਲੁੱਟ ਨਾ ਹੋਵੇ ਅਤੇ ਕਿਸਾਨ, ਮਜ਼ਦੂਰ ਤੇ ਆਮ ਨਾਗਰਿਕ ਸਨਮਾਨ ਨਾਲ ਜੀਅ ਸਕਣ। ਉਨ੍ਹਾਂ ਦੇ ਵਿਚਾਰ ਸਾਨੂੰ ਪੁੱਛਣ ਲਈ ਮਜਬੂਰ ਕਰਦੇ ਹਨ: ਜੇ ਹਾਕਮਾਂ ਦੇ ਚਿਹਰੇ ਬਦਲ ਜਾਣ, ਪਰ ਲੋਕਾਂ ਦੀ ਹਾਲਤ ਨਾ ਬਦਲੇ, ਤਾਂ ਆਜ਼ਾਦੀ ਦਾ ਲਾਭ ਕਿਸ ਨੂੰ ਮਿਲਿਆ?

ਸ਼ਾਇਦ ਇਸੇ ਲਈ ਹਰ ਸਿਆਸੀ ਧਿਰ ਨੂੰ ਉਨ੍ਹਾਂ ਦੀ ਤਸਵੀਰ ਤਾਂ ਚੰਗੀ ਲੱਗਦੀ ਹੈ, ਪਰ ਉਨ੍ਹਾਂ ਦੇ ਸਵਾਲ ਔਖੇ ਲੱਗਦੇ ਹਨ। ਕੋਈ ਉਨ੍ਹਾਂ ਦੀ ਪੱਗ ਬਾਰੇ ਬਹਿਸ ਕਰਦਾ ਹੈ, ਕੋਈ ਟੋਪੀ ਬਾਰੇ, ਅਤੇ ਕੋਈ ਉਨ੍ਹਾਂ ਦੇ ਨਾਂ ਨਾਲ ਆਪਣੀ ਸਿਆਸੀ ਪਛਾਣ ਜੋੜਦਾ ਹੈ। ਪਹਿਰਾਵੇ ਦੀ ਗੱਲ ਕਰਦਿਆਂ ਅਸੀਂ ਉਨ੍ਹਾਂ ਦੇ ਸਿਰ ਅੰਦਰਲੀ ਸੋਚ ਨੂੰ ਪਿੱਛੇ ਛੱਡ ਦਿੰਦੇ ਹਾਂ।

ਸਿਆਸੀ ਧਿਰਾਂ ਨੂੰ ਚੌਕ ਵਿੱਚ ਖੜ੍ਹਾ ਭਗਤ ਸਿੰਘ ਤਾਂ ਮਨਜ਼ੂਰ ਹੈ, ਪਰ ਸੱਤਾ ਸਾਹਮਣੇ ਸਵਾਲ ਬਣ ਕੇ ਖੜ੍ਹਾ ਭਗਤ ਸਿੰਘ ਨਹੀਂ।

ਜੇ ਕਿਸੇ ਸਰਕਾਰੀ ਦਫ਼ਤਰ ਵਿੱਚ ਉਨ੍ਹਾਂ ਦੀ ਤਸਵੀਰ ਲੱਗੀ ਹੋਵੇ, ਪਰ ਆਮ ਮਨੁੱਖ ਦੀ ਸੁਣਵਾਈ ਨਾ ਹੋਵੇ; ਉਨ੍ਹਾਂ ਦੇ ਨਾਂ 'ਤੇ ਸਮਾਗਮ ਹੋਣ, ਪਰ ਰੁਜ਼ਗਾਰ ਮੰਗਦੇ ਨੌਜਵਾਨਾਂ ਨੂੰ ਅਣਡਿੱਠਾ ਕੀਤਾ ਜਾਵੇ; ਮੰਚਾਂ ਤੋਂ ਇਨਕਲਾਬ ਦੇ ਨਾਅਰੇ ਲੱਗਣ, ਪਰ ਸਵਾਲ ਕਰਨ ਵਾਲੀ ਆਵਾਜ਼ ਨੂੰ ਦਬਾਇਆ ਜਾਵੇ—ਤਾਂ ਸਾਨੂੰ ਆਪਣੀ ਸ਼ਰਧਾਂਜਲੀ ਦੇ ਅਰਥ ਮੁੜ ਸੋਚਣੇ ਪੈਣਗੇ। ਭਗਤ ਸਿੰਘ ਅੱਜ ਹੁੰਦੇ ਤਾਂ ਕੀ ਪੁੱਛਦੇ? ਸ਼ਾਇਦ ਇਹੀ ਕਿ ਪੜ੍ਹੇ-ਲਿਖੇ ਨੌਜਵਾਨਾਂ ਨੂੰ ਕੰਮ ਕਿਉਂ ਨਹੀਂ ਮਿਲਦਾ, ਕਿਸਾਨ ਕਰਜ਼ੇ ਹੇਠ ਕਿਉਂ ਦੱਬਦਾ ਹੈ ਅਤੇ ਪੰਜਾਬ ਦਾ ਨੌਜਵਾਨ ਆਪਣੀ ਧਰਤੀ ਉੱਤੇ ਭਵਿੱਖ ਕਿਉਂ ਨਹੀਂ ਦੇਖ ਪਾਉਂਦਾ। ਇਹ ਸਾਡੇ ਸਮੇਂ ਦੇ ਸਵਾਲ ਹਨ; ਇਨ੍ਹਾਂ ਦਾ ਜਵਾਬ ਉਨ੍ਹਾਂ ਦੀ ਤਸਵੀਰ ਅੱਗੇ ਫੁੱਲ ਰੱਖ ਕੇ ਨਹੀਂ ਮਿਲ ਸਕਦਾ।

ਪਰ ਸਾਰੀ ਜ਼ਿੰਮੇਵਾਰੀ ਸਿਆਸੀ ਆਗੂਆਂ ਉੱਤੇ ਸੁੱਟ ਕੇ ਅਸੀਂ ਆਪਣੇ ਫ਼ਰਜ਼ ਤੋਂ ਮੁਕਤ ਨਹੀਂ ਹੋ ਸਕਦੇ। ਅਸੀਂ ਉਨ੍ਹਾਂ ਦੀ ਤਸਵੀਰ ਸਾਂਝੀ ਕਰ ਲੈਂਦੇ ਹਾਂ, ਪਰ ਉਨ੍ਹਾਂ ਦੀ ਕੋਈ ਲਿਖਤ ਪੜ੍ਹਨ ਲਈ ਸਮਾਂ ਘੱਟ ਕੱਢਦੇ ਹਾਂ। ਬੱਚਿਆਂ ਨੂੰ ਉਨ੍ਹਾਂ ਦੀ ਸ਼ਹਾਦਤ ਬਾਰੇ ਦੱਸਦੇ ਹਾਂ, ਪਰ ਉਨ੍ਹਾਂ ਦੇ ਪੜ੍ਹਨ, ਸੋਚਣ ਅਤੇ ਸਵਾਲ ਕਰਨ ਵਾਲੇ ਸੁਭਾਅ ਨਾਲ ਵੀ ਜਾਣੂ ਕਰਵਾਉਣਾ ਚਾਹੀਦਾ ਹੈ।

ਭਗਤ ਸਿੰਘ ਕਿਸੇ ਇੱਕ ਪਾਰਟੀ, ਧਰਮ ਜਾਂ ਵਰਗ ਦੀ ਜਾਇਦਾਦ ਨਹੀਂ ਹਨ। ਉਨ੍ਹਾਂ ਨੂੰ ਯਾਦ ਕਰਨ ਦਾ ਇੱਕ ਸੱਚਾ ਤਰੀਕਾ ਇਹ ਹੈ ਕਿ ਅਸੀਂ ਬੇਇਨਸਾਫ਼ੀ ਵੇਖ ਕੇ ਚੁੱਪ ਨਾ ਰਹੀਏ ਅਤੇ ਹਰ ਦਾਅਵੇ ਨੂੰ ਸੋਚ-ਸਮਝ ਕੇ ਪਰਖੀਏ। ਇਸ ਜਨਮ ਦਿਹਾੜੇ 'ਤੇ ਉਨ੍ਹਾਂ ਦੀ ਤਸਵੀਰ ਸਾਂਝੀ ਕਰਨ ਦੇ ਨਾਲ ਉਨ੍ਹਾਂ ਦੀ ਕੋਈ ਲਿਖਤ ਵੀ ਪੜ੍ਹੀਏ।

ਸ਼ਹੀਦਾਂ ਦੇ ਬੁੱਤ ਬਣਾਉਣੇ ਸੌਖੇ ਹਨ, ਪਰ ਉਨ੍ਹਾਂ ਦੇ ਸਵਾਲਾਂ ਦਾ ਸਾਹਮਣਾ ਕਰਨਾ ਔਖਾ ਹੈ।

"ਭਗਤ ਸਿੰਘ ਨੂੰ ਸਭ ਤੋਂ ਵੱਡਾ ਖ਼ਤਰਾ ਭੁੱਲ ਜਾਣ ਤੋਂ ਨਹੀਂ, ਸਗੋਂ ਉਨ੍ਹਾਂ ਦੇ ਵਿਚਾਰਾਂ ਨੂੰ ਭੁਲਾ ਕੇ ਉਨ੍ਹਾਂ ਨੂੰ ਸਿਰਫ਼ ਇੱਕ ਤਸਵੀਰ ਬਣਾ ਦੇਣ ਤੋਂ ਹੈ।

ਬਹਾਰ ਨਾਲੋਂ ਵੀ ਖ਼ੂਬਸੂਰਤ ਏ ਕਨੇਡਾ ਵਿਚ ਪਤਝੜ ਦਾ ਮੌਸਮ

ਬਹਾਰ ਨਾਲੋਂ ਵੀ ਪਰਪੱਕ ਖ਼ੂਬਸੂਰਤ ਹੈ ਕਨੇਡਾ ਵਿਚ ਪਤਝੜ ਦਾ ਰੁਮਾਂਚਿਕ ਮੌਸਮ। ਪਿਛਲੇਦਿਨੀਂ ਐਡਮਿੰਟਨ ਤੋਂ ਕਈ-ਕਈ ਸੌ ਮੀਲ ਦੂਰ ਘੁੰਮਣ ਫਿਰਨ ਦਾ ਮੌਕਾ ਮਿਲਿਆ। ਇੱਥੇਪਤਝੜ ਸਿਤੰਬਰ ਮਹੀਨੇ ਦੇ ਦੂਸਰੇ ਹਫਤੇ ਤੋਂ ਵੱਖ-ਵੱਖ ਰੰਗਾਂ ਦੀ ਸਿਰਜਨਾਤਮਿਕਵਿਖਾਇਆ ਦਾ ਢੋਲ ਵਜਾਅ ਦਿੰਦੀ ਹੈ।



ਕਨੇਡਾ ਦੇ ਲੈਂਡ ਸਕੇਪਿੰਗ ਦੇ ਮਾਹਿਰ ਵਿਗਿਆਨੀਆਂ ਨੇ ਕਈ ਪ੍ਰਕਾਰ ਦੀਆਂਜਾਤੀਆਂ, ਸਵਰੂਪਾਂ, ਅਕਾਰਾਂ, ਪ੍ਰਕਾਰਾਂ ਦੇ ਰੁੱਖਾਂ ਨੂੰ ਇਸ ਵਿਉਂਤਬੰਦੀ ਨਾਲ ਸੜਕਾਂ, ਝੀਲਾਂ, ਨਹਿਰਾਂ, ਚੌਂਕਾਂ, ਜੰਗਲਾਂ ਦੁਆਲੇ, ਪਰਬਤਾਂ ਵਿਚ ਲਗਾਇਆ ਹੈ ਕਿ ਰੁੱਖਾਂ ਦੀ ਤਰਤੀਬ, ਤਾਮੀਰ, ਤਾਸੀਰ, ਦਿਸ਼ਾ, ਉਚੀ-ਨੀਵੀਂ ਤਕਸੀਮ ਸ਼ੈਲੀ ਨੂੰ ਇਸ ਖ਼ੂਬਸੂਰਤ ਪ੍ਰਯੋਗਮਈਖੋਜਮਈ ਢੰਗ ਨਾਲ ਸ਼ਿਲਪਗਤ ਕੀਤਾ ਹੈ ਕਿ ਅੱਖਾਂ ਜਦ ਇਨ੍ਹਾਂ ਸੁੰਦਰ ਰੰਗ-ਬਿਰੰਗੇ ਰੁੱਖਾਂਨੂੰ ਅਪਣਾਉਂਦੀਆਂ ਹੋਈਆਂ, ਦਿਲ, ਦਿਮਾਗ, ਰੂਹ ਵਿਚ ਪ੍ਰਵੇਸ਼ ਕਰਦੀਆਂ ਹਨ ਤਾਂ ਰੰਗਾਂਦੀ ਨਵੀਨ ਵਿਰਾਸਤ, ਰੰਗਾਂ ਦਾ ਸਭਿਆਚਾਰ ਸ਼ੋਖੀਆ ਵਿਚ ਤਬਦੀਲ ਹੋ ਕੇ ਸਵਰਣਯੁਗਵਿਚ ਆ ਜਾਂਦਾ ਹੈ।

ਐਡਮਿੰਟਨ ਤੋਂ ਲੈ ਕੇ ਵੈਨਕੂਵਰ ਤੱਕ ਬਾਈ ਰੋਡ ਜਾਂਦਿਆਂ ਰੁੱਖਾਂ 'ਤੇ ਰੰਗੀਲੀ, ਫਬੀਲੀ, ਨਸ਼ੀਲੀ ਅਹਿਮੀਅਤ ਵੇਖ ਕੇ ਰੂਹ ਆਨੰਦਿਤ ਹੋ ਜਾਂਦੀ ਹੈ। ਇਸ ਤਰ੍ਹਾਂ ਮਹਿਸੂਸਹੁੰਦਾ ਹੈ ਜਿਵੇਂ ਕੁਦਰਤ ਨੇ ਸਾਰੀ ਸੁੰਦਰਤਾ ਪਤਝੜ ਵਿਚ ਵਿਭਾਜਨ ਕਰ ਦਿੱਤੀ ਹੋਵੇ। ਜਿਸਤਰ੍ਹਾਂ ਕੁਦਰਤੀ ਮੁਸਵਿੱਰ ਨੇ ਅਮੂਰਤ ਬਿੰਬਾਂ ਦਾ ਵਿਆਪਕ ਯਥਾਰਥ ਚਿੱਤਰਨ ਕੀਤਾ ਹੋਵੇ।

ਜਿੱਥੇ ਬਹਾਰਾਂ ਦੇ ਮੌਸਮ ਵਿਚ ਵੱਖ-ਵੱਖ ਦਿਲਕਸ਼-ਦਿਮਾਗਕਸ਼ ਖ਼ੁਸ਼ਬੂਆਂ ਦਾਸੰਤੌਸ਼ਜਨਕ ਆਨੰਦ ਉਥੇ ਪਤਝੜ ਵਿਚ ਬਹਾਰਾਂ ਨਾਲੋਂ ਕਿਤੇ ਜ਼ਿਆਦਾ ਰੰਗਾਂ ਦੀ ਸੁੰਦਰਨਿਰਾਲੇਪਨ ਵਿਚ ਇਕ ਫਿੱਕੀ-ਫਿੱਕੀ ਅਜੀਬ ਜਿਹੀ ਬੀਅਰ ਦੇ ਸਵਾਦ ਵਰਗੀ ਸੁਗੰਧਫੈਲਦੀ ਹੋਈ ਸਾਰੇ ਜਿਸਮ ਵਿਚ ਇਕ ਸਕੂਨ ਉਤਪੰਨ ਕਰ ਦਿੰਦੀ ਹੈ।

ਤੜਕ ਸਵੇਰ ਦੀ ਪਤਝੜ ਦਾ ਮੌਸਮ ਠੰਢਾ ਅਲਬੇਲਾ, ਮਰਮਸਪਰਸ਼ੀ ਅਨੁਭਵ ਨੂੰ ਮੰਥਨ ਕਰਕੇ ਕੋਈ ਹਿਲੋਰਾ ਆਤਮਸਾਤ ਕਰਦਾ ਹੈ।

ਜਦ ਤਰ੍ਹਾਂ-ਤਰ੍ਹਾਂ ਦੇ ਰੁੱਖਾਂ ਦੇ ਪੱਤਿਆਂ ਉਪਰ ਸੂਰਜ ਦੀਆਂ ਉਜਵਲ ਕੋਸੀਆਂ-ਕੋਸੀਆਂਕਿਰਨਾਂ ਆਪਣੇ ਗੁਨਗਨੇ ਚੁੰਮਣ ਧਰਦੀਆਂ ਹਨ ਤਾਂ ਰੰਗੀਨ ਪੱਤਿਆਂ ਉਪਰ ਪਈਆਂਸ਼ਬਨਮ ਦੀਆਂ ਬੂੰਦਾਂ ਆਲਿੰਗਨਤਾ ਵਿਚ ਓਤ-ਪੋਤ ਹੋ ਕੇ ਮੌਸਮ ਤੋਂ ਸਭ ਕੁਝ ਨੌਛਾਵਰ ਕਰਦਿੰਦੀਆਂ ਹਨ। ਕੂਲੇਪਣ ਦਾ ਅਹਿਸਾਸ ਅੰਗੜਾਈ ਲੈ ਕੇ ਕੁਦਰਤ ਦੇ ਅਨੋਖੇ ਸਿਰਜਨ ਦੀਤਪਸਿਆ ਵਿਚ ਮਗਨ ਹੋ ਜਾਂਦਾ ਹੈ।

ਇਸ ਮੌਸਮ ਵਿਚ ਲੋਕੀਂ ਸੈਰ ਦਾ ਪੂਰਾ-ਪੂਰਾ ਲੁਤਫ਼ ਉਠਾਉਂਦੇ ਹੋਏ ਰੰਗਾਂ ਦੇ ਤਲਿਸਮੀਨਜ਼ਾਰੇ ਨੂੰ ਧਮਣੀਆਂ-ਸਿਰਾਵਾਂ ਵਿਚ ਸ਼ਾਮਿਲ ਕਰਦੇ ਹੋਏ ਆਨੰਦਵਿਭੋਰ ਹੋ-ਹੋ ਜਾਂਦੇ ਹਨ। ਸੁੰਦਰ ਦ੍ਰਿਸ਼, ਠੰਢਕਦਾਰ ਮੌਸਮ ਜਿਸਮ ਨੂੰ ਤਾਜ਼ਗੀ, ਸਫੂਰਤੀ ਨਾਲ ਨਿਹਾਲ ਕਰ ਦਿੰਦਾ ਹੈ।

ਸੁੰਦਰ ਮੌਸਮ ਵਰਗੇ ਸੁੰਦਰ ਲੋਕ ਹਨ ਏਧਰ। ਰੁੱਖਾਂ ਦੇ ਸੁਭਾਅ ਵਰਗੇ, ਰੰਗ-ਢੰਗਵਰਗੇ।

ਦੁਪਹਿਰ ਨੂੰ ਰੰਗ-ਬਿਰੰਗੇ ਰੁੱਖਾਂ ਉਪਰ ਚਮਕਦਾਰ ਰੰਗੀਨੀ ਆਪਣੇ ਪਹਿਲੇਅਹਿਸਾਸ ਦੇ ਸੁਖਦ ਪਲਾਂ ਦੀ ਮਹਿਸੂਸਨ ਹਿਰਦੇ ਵਿਚ ਛੱਡਦੀ ਹੈ। ਦੁਪਹਿਰ ਵੇਲੇਗਿਰਗਿਟ ਵਾਂਗੂ ਰੰਗ ਬਦਲਦੇ ਪੱਤੇ ਇਵੇਂ ਪ੍ਰਤੀਤ ਹੁੰਦੇ ਜਿਵੇਂ ਰੰਗ-ਬਿਰੰਗੇ ਦੀਵੇ ਝਿਲਮਿਲਾਰਹੇ ਹੋਣ।

ਸ਼ਾਮ ਦਾ ਮੌਸਮ ਪਤਝੜ ਨੂੰ ਖਾਮੋਸ਼ ਲਹਿਰੀਏ ਦੇ ਨਿਰਾਲੇਪਣ ਵਿਚ ਠੰਢੀਆਂ ਠਾਰਹਵਾਵਾਂ ਨਾਲ ਹੋਰ ਝੂਮਦੇ ਪਲਾਂ ਦਾ ਅਹਿਸਾਸ ਕਰਵਾ ਕੇ ਆਪਣੀ ਸਾਰੇ ਬੀਤੇ ਜੀਵਨ ਦੀਵਰਤਮਾਨ ਆਤਮਕਥਾ ਰੰਗਾਂ ਦੀ ਛਹਿਬਰ ਵਿਚ ਪਿਰੋ ਦਿੰਦਾ ਹੈ, ਸ਼ਾਮ ਦਾ ਡੁੱਬ ਰਿਹਾਸੂਰਜ ਜਦ ਰੰਗ-ਬਿਰੰਗੇ ਰੁੱਖਾਂ ਵਿਚ ਮੱਧਮ-ਮੰਥਨ ਲੋਅ ਵਿਚ ਪਰਿਪੂਰਨ ਹੋ ਕੇ ਰੁੱਖਾਂ ਦੀਆਂਰੰਗੀਨ ਟਹਿਣੀਆਂ ਵਿਚਕਾਰ ਫਸ ਜਾਂਦਾ ਹੈ ਤਾਂ ਆਲੌਕਿਕਤਾ ਦੀ ਪ੍ਰਭੂਸੱਤਾ ਨਾਲ ਧਰਦੀਦੀ ਗੋਦੀ ਵਿਚ ਵਿਆਪਕ ਸੁੰਦਰਤਾ ਮਾਨਵਤਾ-ਸਾਂਝੀਵਾਲਤਾ ਦਾ ਸੰਦੇਸ਼ ਦਿੰਦੀ ਹੈ।

ਕੁਦਰਤ ਜੀਵਨ ਦਾ ਨਾਮ ਹੈ ਅਤੇ ਖੁਸ਼ਬੂ ਉਸ ਦੀ ਮਿਠਾਸ, ਇਕ ਜੀਵਨ ਨੂੰ ਸੁਰਖਿਅਤ ਰੱਖਦਾ ਹੈ ਤੇ ਦੂਸਰਾ ਉਸ ਨੂੰ ਮਧੁਰ ਬਣਾਉਂਦਾ ਹੈ।

ਚਾਂਦਨੀ ਰਾਤ ਵਿਚ ਰੰਗ-ਬਿਰੰਗੇ ਲਹਿ-ਲਹਿਰਾਂਦੇ ਰੁੱਖਾਂ ਦੇ ਪੱਤੇ ਚਾਂਦਨੀ ਨੂੰ ਅਪਣਾਉਂਦੇ ਹੋਏ ਗਠੀਲਾ ਆਕਰਸ਼ਣ ਅਤੇ ਸੁਗਬੁਗਾਹਟ ਦਾ ਗੁਨਗੁਨਾ ਜਿਹਾ ਸਵਾਦ, ਸੰਤੋਸ਼ ਤੇ ਸੁੱਖ ਦੇ ਸੰਸਕਾਰ ਨਿਰਮਾਣ ਕਰਦਾ ਹੈ। ਕੁਦਰਤ ਦੇ ਰੰਗ ਹੀ ਧਰਮ ਭੂਮੀ, ਕਰਮਭੂਮੀ, ਪੁੰਨ ਭੂਮੀ ਨੂੰ ਸਵਰਗ ਦਾ ਰੂਪ ਦੇ ਕੇ ਸੁੰਦਰਤਾ ਨੂੰ ਮਨੁੱਖ ਲਈ ਮਖ਼ਮੂਰ ਕਿਰਿਆਵਾਂਦੀ ਲੱਜ਼ਤ ਦਿੰਦੀ ਹੈ।

ਪਤਝੜ ਦੇ ਰੁੱਖ ਬਰਫ ਦੇ ਤੋਂਦਿਆਂ ਦੀ ਭਰਮਾਰ ਨਾਲ ਲੱਧੇ ਜਾਂਦੇ ਹਨ। ਸਫ਼ੇਦ ਰੰਗਦੀ ਬਰਫ਼ੀਲੀ ਚਾਦਰ ਆਪਣੇ ਆਸ਼ੀਰਵਾਦ ਨਾਲ ਇਕ ਬੇਇੰਤਿਹਾ ਨਜ਼ਾਰਾ ਦੇ ਕੇ ਭਵਿੱਖ ਦੀਮੁੱਖ ਕ੍ਰਿਤੀ ਤੋਂ ਵਾਕਿਫ਼ ਕਰਵਾ ਦਿੰਦੀ ਹੈ। ਇਹ ਮੌਸਮ ਮੁਸ਼ਕਿਲਾਂ ਅਤੇ ਪਰਵਾਹ ਦਾ ਮੌਸਮਹੁੰਦਾ ਹੈ।

ਝੀਲਾਂ ਦੁਆਲੇ ਰੰਗ-ਬਿਰੰਗੇ ਰੁੱਖਾਂ ਦੇ ਝੁਰਮਟ ਪਾਣੀਆਂ ਦੀ ਹਿੱਕ ਉਪਰਪਰਛਾਇਆ ਦੀ ਲੈਆਤਮਿਕ ਕ੍ਰਿਤੀ ਬਣਾ ਕੇ ਪਾਣੀ 'ਤੇ ਨੰਗੀ ਚਿੱਤਰਕਾਰੀ ਉਕੇਰ ਦਿੰਦੇ ਹਨ।

ਪਹਾੜਾਂ ਉਪਰ ਤਰ੍ਹਾਂ-ਤਰ੍ਹਾਂ ਦੇ ਰੁੱਖਾਂ ਦੀਆਂ ਪਰਜਾਤੀਆਂ ਤੋਂ ਇਲਾਵਾ ਇਕ ਹੀ ਸ਼੍ਰੇਣੀ ਦੇਅਨੇਕਾਂ ਰੁੱਖਾਂ ਨੂੰ ਆਇਤਕਾਰ, ਗੋਲਾਕਾਰ, ਚੌਰਸ, ਚੌਪਟ ਆਦਿ ਰੂਪਾਂ ਵਿਚ ਅਲੰਕਾਰਿਤਕੀਤਾ ਹੋਇਆ ਹੈ।

ਦੂਰ ਤੋਂ ਪਤਝੜ ਦੇ ਰੰਗਾਂ ਦੀ ਖਾਮੋਸ਼ੀ ਇਕ ਸਿਮਰਤੀ ਦਾ ਜਨਮ ਉਤਪਨਕਰਕੇ ਦਿਮਾਗ਼ ਵਿਚ ਸਦੀਵੀ ਸੁੰਦਰ ਚਿਤਰਨ ਉਕੇਰ ਦਿੰਦੀ ਹੈ ਜੋ ਸਾਲਾਂ ਤੱਕ ਮਸਤਕ ਵਿਚਜੀਵੰਤ ਰਹਿੰਦੀ ਹੈ।

ਕਨੇਡਾ ਵਿਚ ਰੁੱਖਾਂ ਦੀ ਮਨੁੱਖ ਨਾਲੋਂ ਵੀ ਜ਼ਿਆਦਾ ਸਮਰਥਵਾਨ ਕਦਰਾਂ ਕੀਮਤਾਂ ਹਨ। ਕਨੇਡਾ ਦਾ ਰਾਸ਼ਟਰੀਏ ਝੰਡਾ ਇਸ ਗੱਲ ਦੀ ਸਹਿਮਤੀ ਭਰਦਾ ਹੈ। ਕਨੇਡਾ ਦੇ ਝੰਡੇ ਵਿਚਗਿਆਰਾਂ ਨੁਕਰੀ ਲਾਲ ਰੰਗ ਦਾ ਪੱਤਾ ਹੈ। ਦੋਵੇਂ ਪਾਸੇ ਲਾਲ ਰੰਗ ਵਿਚਕਾਰ ਚਿੱਟੇ ਰੰਗਉਪਰ ਲਾਲ ਰੰਗ ਦਾ ਪੱਤਾ ਹੈ ਜਿਸ ਦਾ ਮਤਲਬ ਕਿ ਸਾਰੀ ਦੁਨੀਆਂ, ਕਾਇਨਾਤ ਦੇ ਪ੍ਰਾਣੀਆਂਦੇ ਲਹੂ ਦਾ ਰੰਗ ਲਾਲ ਹੁੰਦਾ ਹੈ। ਸਾਂਝੀਵਾਲਤਾ ਦਾ ਸੰਦੇਸ਼ ਲਾਲ ਰੰਗ ਗੌਰਵ ਸ਼ਕਤੀ ਦਾਪ੍ਰਤੀਕ, ਖ਼ੂਨ ਦਾ ਰੰਗ ਲਾਲ, ਟਮਾਟਰ ਦਾ ਰੰਗ ਲਾਲ ਜੋ ਸੂਖਮ ਹੈ। ਫਾਇਰ ਇੰਜਨ ਦਾਰੰਗ ਲਾਲ, ਤਰੱਕੀ ਪਸੰਦ ਪ੍ਰਤੀਕ ਹੈ ਇਹ ਪਤਝੜ ਦਾ ਪੱਤਾ।

-ਬਲਵਿੰਦਰ 'ਬਾਲਮ' ਗੁਰਦਾਸਪੁਰ
ਓਂਕਾਰ ਨਗਰ, ਗੁਰਦਾਸਪੁਰ (ਪੰਜਾਬ)
ਐਡਮਿੰਟਨ, ਕਨੇਡਾ : 780-807-6007

'ਆਤਮ ਵਿਸ਼ਵਾਸ ਨਾਲ ਹੀ ਆਤਮ ਬਲ ਪੈਦਾ ਹੁੰਦਾ ਹੈ ਤੇ ਬੁਲੰਦੀਆਂ ਤੇ ਪਹੁੰਚਿਆ ਜਾ ਸਕਦਾ ਹੈ'



ਜਸਵੀਰ ਸ਼ਰਮਾਂ ਦੱਦਾਹੂਰ
ਸਟੇਟ ਐਵਾਰਡੀ ਲੇਖਕ
ਸ੍ਰੀ ਮੁਕਤਸਰ ਸਾਹਿਬ

ਮਨੁੱਖ ਅੰਦਰ ਅਨੇਕਾਂ ਸ਼ਕਤੀਆਂ ਦੇ ਭੰਡਾਰ ਹਨ, ਆਤਮ ਵਿਸ਼ਵਾਸ ਅਜਿਹੀ ਮਹਾਂ ਸ਼ਕਤੀ ਹੈ ਜੋ ਮੰਜਿਲ ਦੇ ਰਾਹ ਵਿੱਚ ਔਕੜਾਂ ਨਸ਼ਟ ਕਰਕੇ ਸਫਲਤਾ ਦਾ ਰਾਹ ਵਿਖਾਉਂਦੀ ਹੈ। ਆਤਮ ਵਿਸ਼ਵਾਸ ਸਫਲਤਾ ਦੇ ਉਸ ਕਿਲੇ ਦਾ ਮਜਬੂਤ ਨੀਂਹ ਪੱਥਰ ਹੈ ਜੋ ਅੜਿੰਗ ਹੈ।

ਇਬ੍ਰਾਹੀਮ ਲਿੰਕਨ ਦਾ ਜਨਮ ਗਰੀਬੀ ਵਿੱਚ ਹੋਇਆ ਉਹ ਬੜੇ ਮਿਹਨਤੀ ਤੇ ਆਤਮ ਵਿਸ਼ਵਾਸੀ ਸਨ ਦਿਨ ਰਾਤ ਮਿਹਨਤ ਕਰਦੇ ਇਥੋਂ ਤੱਕ ਕਿ ਕਿਸੇ ਤੋਂ ਆਪਣੀ ਪੜ੍ਹਾਈ ਲਈ ਲਿਆਂਦੀ ਕਿਤਾਬ ਮੀਂਹ ਦੇ ਪਾਣੀ ਨਾਲ ਭਿੱਜ ਗਈ ਪਰ ਹੌਸਲਾ ਨਹੀਂ ਹਾਰਿਆ ਉਸ ਨੂੰ ਸੁਕਾ ਕੇ ਪੜ੍ਹਾਈ ਜਾਰੀ ਰੱਖੀ । ਉਹਨਾਂ ਨੇ ਲੋਕਾਂ ਦੇ ਖੇਤਾਂ ਵਿੱਚ ਖੂਬ ਕੰਮ ਕੀਤਾ ਆਪਣੀ ਦ੍ਰਿੜਤਾ ਤੇ ਆਤਮ ਵਿਸ਼ਵਾਸ ਸਦਕਾ ਅੰਤ ਵਿੱਚ ਅਮਰੀਕਾ ਦੇ ਰਾਸ਼ਟਰਪਤੀ ਬਣੇ। ਗੱਲ ਉਦਮ ਅਤੇ ਅਟੁੱਟ ਵਿਸ਼ਵਾਸ ਤੇ ਆ ਕੇ ਮੁੱਕਦੀ ਹੈ। ਸਾਡੇ ਅੰਦਰ ਸੁੱਤੀਆਂ ਹੋਈਆਂ ਆਤਮਿਕ ਸ਼ਕਤੀਆਂ ਜਾਗਰਤ ਹੋ ਕੇ ਜੀਵਨ ਪੱਧਰ ਉੱਚਾ ਬਣਾਉਂਦੀਆਂ ਹਨ। ਘੋਰ ਸੰਕਟ ਮੁਸੀਬਤਾਂ ਵਿੱਚ ਜਿਸ ਨੇ ਆਪਣੀ ਅੰਦਰੂਨੀ ਸ਼ਕਤੀ ਨੂੰ ਜਗਾ ਲਿਆ ਆਪਣੇ ਆਪ ਨੂੰ ਲੱਭ ਲਿਆ ਉਸਨੇ ਮੁਸੀਬਤਾਂ ਤੇ ਜਿੱਤ ਪ੍ਰਾਪਤ ਕਰ ਲਈ। ਇਹ ਸੱਭ ਸਰੀਰਕ ਢਾਂਚੇ ਦੀ ਤਾਕਤ ਨਾਲ ਨਹੀਂ ਬਲਕਿ ਆਤਮ ਵਿਸ਼ਵਾਸ ਦੁਆਰਾ ਆਤਮ ਬਲ ਦੀ ਸ਼ਕਤੀ ਨਾਲ ਸੰਭਵ ਹੁੰਦਾ ਹੈ। ਆਤਮ ਵਿਸ਼ਵਾਸ ਆਤਮ ਬਲ ਨੂੰ ਪ੍ਰਗਟ ਕਰਦਾ ਹੈ ਕੋਈ ਵੀ ਕਾਰਜ ਕਰਨ ਤੋਂ ਪਹਿਲਾਂ ਮਨੋ ਵਿਚਾਰ ਨਾਲ ਸੋਚਿਆ ਜਾਂਦਾ ਹੈ ਕਾਰਜ ਦੇ ਉਦੇਸ਼ ਦੀ ਪ੍ਰਾਪਤੀ ਲਈ ਦ੍ਰਿੜ ਇਰਾਦਾ ਕਰਕੇ ਸੰਘਰਸ਼ ਨਾਲ ਜੂਝਦਾ ਹੋਇਆ ਵਿਅਕਤੀ ਹੀ ਆਪਣੀ ਮੰਜ਼ਿਲ ਵੱਲ ਵਧੇ ਓਹੀ ਆਸ਼ਾਵਾਦੀ ਹੁੰਦਾ ਹੈ।

ਸਾਨੂੰ ਉਸ ਦੇ ਆਤਮ ਵਿਸ਼ਵਾਸ ਦੀ ਤਾਰੀਫ ਕਰਨੀ ਚਾਹੀਦੀ ਹੈ ਪ੍ਰਸ਼ੰਸਾ ਵਿਅਕਤੀ ਵਿੱਚ ਊਰਜਾ ਦਾ ਕੰਮ ਕਰਦੀ ਹੈ ਜਿਸ ਵਿਅਕਤੀ ਦੇ ਰਾਹ ਵੀ ਸਾਫ ਹੋਣ ਉਸ ਉਪਰ ਚਲਣ ਦਾ ਹੀਆ ਨਾ ਕਰੇ ਆਪਣੇ ਆਪ ਨੂੰ ਯੋਗ ਨਾ ਸਮਝ ਕੇ ਦੁਰਬਲ ਵਿਚਾਰਾਂ ਦੁਆਰਾ ਸੋਕ ਪ੍ਰਗਟ ਕਰੇ ਕਿ ਮੈਂ ਅੱਗੇ ਵਧਾਂ ਜਾਂ ਨਾ ਵਧਾਂ ਭੈ ਭੀਤ ਹੋ ਕੇ ਦੁਵਿਧਾ ਵਿੱਚ ਭਟਕਦਾ ਰਹੇ ਤਾਂ ਹੱਥ ਵਿੱਚ ਅਵਸਰ ਹੁੰਦਿਆਂ ਵੀ ਗਵਾ ਬਹਿੰਦਾ ਹੈ।

ਉਸ ਵਿਅਕਤੀ ਦੇ ਹੱਥ ਨਿਰਾਸ਼ਾ ਹੀ ਲੱਗਦੀ ਹੈ ਆਤਮ ਵਿਸ਼ਵਾਸ ਨਾਲ ਸਫਲਤਾ ਦੀ ਪੌੜੀ ਚੜ੍ਹਨ ਲੱਗਿਆਂ ਆਪਣੀ ਕਾਰਜ ਕੁਸ਼ਲਤਾ ਤੇ ਯੋਗਤਾ ਨਾਲ ਅੱਗੇ ਵਧ ਕੇ ਮੰਜ਼ਿਲ ਦੇ ਸਿਖਰ ਤੇ ਪਹੁੰਚਣਾ ਲਗਭਗ ਸੰਭਵ ਹੁੰਦਾ ਹੈ। ਸਭ ਤੋਂ ਪਹਿਲਾਂ ਕਿਸੇ ਕਾਰਜ ਜਾਂ ਵਸਤੂ ਨੂੰ ਮਨ ਚਿਤਰਦਾ ਹੈ ਚਿੱਤਰ ਦਾ ਉਹੀ ਹੈ ਜਿਸ ਦਾ ਹੋਣਾ ਸੰਭਵ ਹੁੰਦਾ ਹੈ ਅਸਮਾਨੋ ਤਾਰੇ ਤੋੜਨ ਹਥੇਲੀ ਤੇ ਪਹਾੜ ਨੂੰ ਚੁੱਕਣ ਦਾ ਚਿੱਤਰ ਕਦੇ ਨਹੀਂ ਚਿਤਰਦਾ ਪ੍ਰੰਤੂ ਪਹਾੜ ਦੀ ਸਿਖਰ ਤੇ ਪਹੁੰਚਣ ਦਾ ਚਿਤਰ ਚਿਤਵਕੇ ਆਤਮ ਵਿਸ਼ਵਾਸ ਨਾਲ ਵਿਅਕਤੀ ਮੰਜ਼ਿਲ ਤੇ ਪਹੁੰਚ ਜਾਂਦਾ ਹੈ।

ਸਰੀਰਕ ਬਲ ਨਾਲੋਂ ਜਿਆਦਾ ਆਤਮ ਬਲ ਦਾ ਹੋਣਾ ਜਰੂਰੀ ਹੈ ਪੰਛੀ ਖੰਭਾਂ ਦੇ ਜਰੀਏ ਲਵਰੇਜ ਹੌਸਲੇ ਅਤੇ ਆਤਮ ਵਿਸ਼ਵਾਸ ਨਾਲ ਉਡਾਰੀਆਂ ਮਾਰਦੇ ਹਨ। ਸਾਬਕਾ ਕੇਂਦਰੀ ਮੰਤਰੀ ਸਵਰਗੀ ਰਜੇਸ਼ ਪਾਇਲਟ ਜੀ ਦਾ ਬਚਪਨ ਗੁਰਬਤ ਭਰੀ ਜ਼ਿੰਦਗੀ ਵਿੱਚ ਗੁਜਰਿਆ ਆਪ ਬੜੇ ਆਤਮ ਵਿਸ਼ਵਾਸ ਵਾਲੇ ਇਨਸਾਨ ਸਨ ਬੜੇ ਆਤਮ ਵਿਸ਼ਵਾਸ ਨਾਲ ਪੜ?ਦੇ ਅਤੇ ਪੜ੍ਹਾਈ ਵਿੱਚ ਅੱਵਲ ਰਹਿੰਦੇ। ਜਦੋਂ ਅਸਮਾਨ ਵਿੱਚ ਹਵਾਈ ਜਹਾਜ ਉਡਦਾ ਵੇਖਦੇ ਤਾਂ ਉਹਨਾਂ ਦੀ ਇੱਛਾ ਵੀ ਪਾਇਲਟ ਬਣ ਕੇ ਅਸਮਾਨ ਵਿੱਚ ਉਡਾਰੀਆਂ ਮਾਰਨ ਦੀ ਸੀ ਆਪਣੀ ਮਿਹਨਤ ਤੇ ਆਤਮ ਵਿਸ਼ਵਾਸ ਦੇ ਬਲਬੂਤੇ ਪਾਈਲਟ ਦੀ ਡਿਗਰੀ ਪਾਸ ਕਰਕੇ ਪਾਇਲਟ ਬਣ ਗਏ। ਸ਼ੁਰੂ ਤੋਂ ਹੀ ਉਹਨਾਂ ਦੇ ਮਨ ਵਿੱਚ ਚੇਤਨਾ ਪਾਈਲਟ ਬਨਣ ਦੀ ਸੀ ਜੋ ਉਹਨਾਂ ਨੇ ਸਾਕਾਰ ਕੀਤਾ। ਮਨ ਵਿਚਾਰ ਤੋਂ ਬਾਅਦ ਹੀ ਯਤਨ ਆਰੰਭ ਹੁੰਦਾ ਹੈ। ਜਿਸ ਦੀ ਅਸੀਂ ਇੱਛਾ ਰੱਖਦੇ ਆ ਉਹ ਸਾਡੀ ਮਿਹਨਤ ਤੇ ਗਰਭ ਵਿੱਚ ਛੁਪੀ ਹੁੰਦੀ ਹੈ ਜਿਸ ਨੂੰ ਅਸੀਂ ਲਗਨ ਤੇ ਆਤਮ ਵਿਸ਼ਵਾਸ ਦੁਆਰਾ ਹੀ ਪ੍ਰਾਪਤ ਕਰ ਸਕਦੇ ਹਾਂ। ਜੇਕਰ ਅਸੀਂ ਆਪਣੀ ਯੋਗਤਾ ਤੇ ਸ਼ਖਸੀਅਤ ਦਾ ਪ੍ਰਭਾਵ ਲੋਕਾਂ ਤੇ ਪਾਉਣਾ ਚਾਹੁੰਦੇ ਹਾਂ ਤਾਂ ਯੋਗਤਾ ਤੇ ਸ਼ਖਸੀਅਤ ਦੇ ਗੁਣ ਪਹਿਲਾਂ ਆਪਣੇ ਅੰਦਰ ਪੈਦਾ ਕਰਕੇ ਆਪਣੀ ਯੋਗਤਾ ਤੇ ਸ਼ਖਸੀਅਤ ਦਾ ਪ੍ਰਭਾਵ ਦੂਸਰੇ ਤੇ ਜਮਾ ਸਕਦੇ ਹਾਂ।.

ਇਹ ਕੰਮ ਸਿਰਫ ਵਿਅਕਤੀ ਦਾ ਆਪਣਾ ਹੀ ਹੁੰਦਾ ਹੈ ਜੋ ਵਿਅਕਤੀ ਆਪਣੀ ਯੋਗਤਾ ਨਹੀਂ ਵਰਤਦਾ ਉਸਦੀ ਯੋਗਤਾ ਵੀ ਅਯੋਗਤਾ ਵਿੱਚ ਬਦਲ ਜਾਂਦੀ ਹੈ। ਆਪਣੀ ਯੋਗਤਾ ਨੂੰ ਸਵੀਕਾਰ ਨਾ ਕਰਨਾ ਦੂਸਰਿਆਂ ਦੇ ਮਨ ਵਿੱਚ ਆਪਣੇ ਪ੍ਰਤੀ ਸੰਦੇਹ ਪੈਦਾ ਕਰਨਾ ਹੁੰਦਾ ਹੈ ਜਿਸ ਨੂੰ ਆਪਣੇ ਉੱਪਰ ਵਿਸ਼ਵਾਸ ਨਹੀਂ ਉਹ ਦੂਜਿਆਂ ਉੱਪਰ ਵਿਵਾਦ ਨਹੀਂ ਕਰ ਸਕਦਾ। ਉਸ ਦੇ ਪੱਲੇ ਨਿਰਾਸ਼ਾ ਹੀ ਹੁੰਦੀ ਹੈ ਨਿਰਾਸ਼ਾ ਵਿੱਚੋਂ ਅਸਫਲਤਾ ਉਪਜਦੀ ਹੈ।

ਸਵਰਗੀ ਇੰਦਰਾ ਗਾਂਧੀ ਜੀ ਨੇ ਸਵਰਗੀ ਰਜੇਸ਼ ਪਾਇਲਟ ਜੀ ਦੀ ਯੋਗਤਾ ਤੋਂ ਪ੍ਰਭਾਵਿਤ ਹੋ ਕੇ ਉਹਨਾਂ ਨੂੰ ਲੋਕ ਸਭਾ ਸੀਟ ਲੜਨ ਲਈ ਕਿਹਾ ਰਜੇਸ਼ ਜੀ ਨੇ ਲੋਕ ਸਭਾ ਸੀਟ ਦੇ ਪ੍ਰਚਾਰ ਲਈ ਆਪਣੀ ਪਤਨੀ ਦੇ ਗਹਿਣੇ ਤੱਕ ਵੇਚ ਦਿੱਤੇ ਆਪਣੇ ਹੌਸਲੇ ਸਦਕਾ ਆਰਥਿਕ ਪ੍ਰਸਥਿਤੀਆਂ ਦਾ ਟਾਕਰਾ ਕਰਦੇ ਹੋਏ ਲੋਕ ਸਭਾ ਸੀਟ ਜਿੱਤਣ ਵਿੱਚ ਸਫਲ ਹੋ ਗਏ ਜਿਹੜੇ ਵਿਅਕਤੀ ਨੂੰ ਆਪਣੀ ਯੋਗਤਾ ਦਾ ਭਰੋਸਾ ਹੁੰਦਾ ਹੈ ਉਹ ਕਿਸੇ ਦੀ ਪਰਵਾਹ ਨਹੀਂ ਕਰਦੇ ਉਹ ਕੰਡਿਆਂ ਭਰੇ ਰਾਹਾਂ ਨੂੰ ਫੁੱਲਾਂ ਦੀ ਸੇਜ ਸਮਝ ਕੇ ਉਸ ਉੱਪਰ ਚਲਦੇ ਹਨ ਆਪਣੇ ਆਤਮ ਵਿਸ਼ਵਾਸ ਨਾਲ ਘਰ ਦੇ ਵਿੱਚੋਂ ਸੂਈ ਵੀ ਲੱਭਣ ਵਿੱਚ ਕਾਮਯਾਬ ਹੋ ਜਾਂਦੇ ਹਨ। ਆਤਮ ਵਿਸ਼ਵਾਸ ਨਾਲ ਜਿਹੜੇ ਕੰਮ ਨੂੰ ਹੱਥ ਪਾਉਂਦੇ ਹਨ ਅਕਸਰ ਹੀ ਕਰ ਲੈਂਦੇ ਹਨ। ਅਜਿਹੇ ਵਿਅਕਤੀ ਦ੍ਰਿੜ ਇਰਾਦੇ ਤੇ ਧੁੰਨ ਦੇ ਪੱਕੇ ਹੁੰਦੇ ਹਨ। ਭਾਵੇਂ ਲੋਕ ਉਹਨਾਂ ਨੂੰ ਮੂਰਖ ਹੀ ਸਮਝਣ ਉਹਨਾਂ ਦਾ ਕੰਮ ਸਿਰਫ ਆਪਣੇ ਯਤਨਾ ਦੁਆਰਾ ਸਫਲਤਾ ਵੱਲ ਵਧਣਾ ਹੁੰਦਾ ਹੈ। ਅਜਿਹੇ ਅਟੁੱਟ ਵਿਸ਼ਵਾਸ ਵਾਲੇ ਵਿਅਕਤੀ ਸੰਸਾਰ ਵਿੱਚ ਸਫਲ ਹੋ ਕੇ ਆਪਣਾ ਨਾਮ ਪ੍ਰਸਿੱਧ ਕਰ ਜਾਂਦੇ ਹਨ ਜੇਕਰ ਅਸੀਂ ਮਹਾਨ ਬਣਨਾ ਚਾਹੁੰਦੇ ਆ ਤਾਂ ਸਾਨੂੰ ਆਪਣੇ ਅੰਦਰ ਆਤਮ ਵਿਸ਼ਵਾਸੀ ਸ਼ਕਤੀਆਂ ਨੂੰ ਜਗਾਉਣ ਦੀ ਲੋੜ ਹੈ ਆਪਣੀ ਮਨ ਬਿਰਤੀ ਨੂੰ ਇੱਕ ਸਾਰ ਕਰਕੇ ਮਹਾਨ ਕੰਮਾਂ ਵਿੱਚ ਇੱਕ ਸਾਰ ਹੋਣਾ ਲਾਜ਼ਮੀ ਹੈ। ਫਿਰ ਆਪਣੀ ਇੱਛਾ ਅਨੁਸਾਰ ਕਾਰਜ ਵਿੱਚੋਂ ਸਫਲਤਾ ਦਾ ਸਾਰਥਕ ਨਤੀਜਾ ਪ੍ਰਾਪਤ ਕਰ ਸਕਦੇ ਹਾਂ।

ਵਿਸ਼ੇਸ਼ ਬਣਨ ਲਈ ਕੰਮ ਵੀ ਵਿਸ਼ੇਸ਼ ਕਰੋ ਆਲਸੀ ਅਤੇ ਨਾਹ ਪੱਖੀ ਲੋਕਾਂ ਨਾਲੋਂ ਆਪਣੇ ਆਪ ਨੂੰ ਵੱਖ ਰੱਖਣ ਦਾ ਯਤਨ ਕਰੋ। ਆਲਸ ਤੇ ਹੀਨ ਭਾਵਨਾ ਨੂੰ ਤਿਆਗ ਕੇ ਉਲਾਸ ਅਤੇ ਸਦਭਾਵਨਾ ਉਤਪੰਨ ਕਰਨੀ ਚਾਹੀਦੀ ਹੈ। ਆਸ ਸਾਡੇ ਜੀਵਨ ਦਾ ਮਨੋਰਥ ਹੈ ਖੁਦ ਆਪਣੀ ਕੀਮਤ ਵੇਸ਼ ਕੀਮਤੀ ਯਤਨਾਂ ਨਾਲ ਆਂਕੋ। ਜਿਸ ਤਰ੍ਹਾਂ ਦੀ ਸਾਡੀ ਭਾਵਨਾ ਹੋਵੇਗੀ ਵੈਸੀ ਹੀ ਝਲਕ ਸਾਡੇ ਚਿਹਰੇ ਤੇ ਵਿਖਾਈ ਦੇਵੇਗੀ। ਇਹ ਗੱਲ ਧਿਆਨ ਦੇਣ ਯੋਗ ਹੋਵੇਗੀ ਕਿ ਜੋ ਮੁੱਲ ਅਸੀਂ ਆਂਕ ਰੱਖਿਆ ਹੈ ਇਸ ਤੋਂ ਜਿਆਦਾ ਸਾਨੂੰ ਆਪਣੇ ਆਤਮ ਵਿਸ਼ਵਾਸ ਤੋਂ ਬਿਨਾ ਕਿਤੋਂ ਨਹੀਂ ਮਿਲ ਸਕਦਾ। ਆਤਮ ਵਿਸ਼ਵਾਸ ਹੀ ਸਫਲਤਾ ਦੀ ਕੁੰਜੀ ਹੈ। ਹਰੇਕ ਵਿਅਕਤੀ ਆਪਣੀ ਯੋਗਤਾ ਦਾ ਅੰਦਾਜ਼ਾ ਖੁਦ ਹੀ ਲਾ ਸਕਦਾ ਹੈ। ਕਿਸੇ ਦੂਜੇ ਦੀ ਯੋਗਤਾ ਦਾ ਅੰਦਾਜ਼ਾ ਲਾਉਣਾ ਅਸੰਭਵ ਹੈ। ਜੋ ਆਤਮ ਵਿਸ਼ਵਾਸ ਨੂੰ ਢਾਹ ਲਾਵੇ ਕਦੇ ਕਦੇ ਅਜਿਹੇ ਵਿਅਕਤੀ ਨਾਲ ਵੀ ਭੇਟ ਹੋ ਜਾਂਦੀ ਹੈ ਜੋ ਸਾਡੇ ਆਤਮ ਵਿਸ਼ਵਾਸ ਨੂੰ ਖੰਡਤ ਕਰਨ ਦੇ ਉਦੇਸ਼ ਨਾਲ ਕਹਿ ਦਿੰਦੇ ਹਨ ਕਿ ਤੁਸੀਂ ਇਸ ਕੰਮ ਦੇ ਲਾਇਕ ਨਹੀਂ ਤੁਹਾਡੇ ਕੋਲ ਐਡੇ ਵੱਡੇ ਕੰਮ ਦੀ ਯੋਗਤਾ ਨਹੀਂ ਤੁਸੀਂ ਇਹਨਾਂ ਬਰੀਕੀਆਂ ਤੋਂ ਅਣਜਾਣ ਹੋ ਇਸ ਪ੍ਰਕਾਰ ਦੇ ਨਕਾਰਾਤਮਕ ਸ਼ਬਦ ਕਹਿ ਕੇ ਹੌਸਲੇ ਨੂੰ ਅਪਮਾਨਤ ਕਰ ਦਿੱਤਾ ਜਾਂਦਾ ਹੈ ਕਿਉਂਕਿ ਤੁਹਾਡੀ ਯੋਗਤਾ ਦਾ ਅੰਦਾਜ਼ਾ ਦੂਜਿਆਂ ਨੂੰ ਨਹੀਂ ਹੁੰਦਾ। ਕਿਸੇ ਵੀ ਕਾਰਜ ਨੂੰ ਪੂਰਾ ਕਰਨ ਦਾ ਦ੍ਰਿੜ ਇਰਾਦਾ ਮਨ ਵਿੱਚੋਂ ਅੰਤਿਮ ਰੂਪ ਵਿੱਚ ਸਿੱਧ ਕਰਦਾ ਹੈ ਕਿ ਆਤਮਾ ਵਿਸ਼ਵਾਸ ਅਤਿਅੰਤ ਜਰੂਰੀ ਹੈ। ਆਤਮ ਵਿਸ਼ਵਾਸ ਦੁਆਰਾ ਹੀ ਆਪਣੀ ਮੰਜ਼ਿਲ ਦੀ ਸਿਖਰ ਤੇ ਪਹੁੰਚਿਆ ਜਾ ਸਕਦਾ ਹੈ।

ਏਸ਼ਿਆਈ ਖੇਡਾਂ ਵਿੱਚ ਹਰਿਆਣਾ ਦੀਆਂ ਧੀਆਂ ਦਾ ਜਲਵਾ, ਤਿਰੰਗੇ ਦੀ ਸ਼ਾਨ ਵਧਾ ਰਹੀਆਂ ਹਨ ਧੀਆਂ : ਖੇਡ ਰਾਜ ਮੰਤਰੀ ਗੌਰਵ ਗੌਤਮ

- **ਖੇਡ ਮੰਤਰੀ ਗੌਰਵ ਗੌਤਮ ਨੇ ਭਾਰਤੀ ਮਹਿਲਾ ਕਬੱਡੀ ਟੀਮ ਅਤੇ ਹਰਿਆਣਾ ਦੀਆਂ ਖਿਡਾਰਨਾਂ ਨੂੰ ਦਿੱਤੀਆਂ ਸ਼ੁਭਕਾਮਨਾਵਾਂ, ਕਿਹਾ - ਤ.ਗਮਿਆਂ ਨਾਲ ਪਰਤਣਗੀਆਂ ਹਰਿਆਣਾ ਦੀਆਂ ਧੀਆਂ**

ਚੰਡੀਗੜ੍ਹ, 26 ਸਤੰਬਰ (ਪੈ.ਗਾਮ-ਏ-ਜਗਤ)

ਜਪਾਨ ਦੇ ਆਈਚੀ-ਨਾਗੋਆ ਵਿੱਚ ਆਯੋਜਿਤ ਏਸ਼ਿਆਈ ਖੇਡਾਂ-2026 ਵਿੱਚ ਭਾਰਤੀ ਖਿਡਾਰੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦੌਰਾਨ ਹਰਿਆਣਾ ਦੀਆਂ ਧੀਆਂ ਦੇਸ਼ ਦਾ ਮਾਣ ਵਧਾ ਰਹੀਆਂ ਹਨ। ਹਰਿਆਣਾ ਦੇ ਖੇਡ ਅਤੇ ਯੁਵਾ ਅਧਿਕਾਰਤਾ ਰਾਜ ਮੰਤਰੀ ਸ਼੍ਰੀ ਗੌਰਵ ਗੌਤਮ ਨੇ ਏਸ਼ਿਆਈ ਖੇਡਾਂ ਵਿੱਚ ਭਾਰਤੀ ਮਹਿਲਾ ਖਿਡਾਰਨਾਂ ਅਤੇ ਖਾਸ ਕਰਕੇ ਹਰਿਆਣਾ ਦੀਆਂ ਧੀਆਂ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਉਨ੍ਹਾਂ ਨੂੰ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਧੀਆਂ ਨੇ ਆਪਣੀ ਮਿਹਨਤ, ਪ੍ਰਤਿਭਾ ਅਤੇ ਜਜ਼ਬੇ ਨਾਲ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਹਰਿਆਣਾ ਖੇਡ ਪ੍ਰਤਿਭਾਵਾਂ ਦੀ ਜਨਨੀ ਹੈ।

ਖੇਡ ਮੰਤਰੀ ਨੇ ਕਿਹਾ ਕਿ ਭਾਰਤੀ ਮਹਿਲਾ ਕਬੱਡੀ ਟੀਮ ਵਿੱਚ ਹਰਿਆਣਾ ਦੀਆਂ ਛੇ ਧੀਆਂ ਦੀ ਮੌਜੂਦਗੀ ਸੂਬੇ ਲਈ ਬਹੁਤ ਮਾਣ ਵਾਲੀ ਗੱਲ ਹੈ। ਧੀਆਂ ਅੱਜ ਨਾ ਸਿਰਫ਼ ਖੇਡ ਦੇ ਮੈਦਾਨ ਵਿੱਚ ਸਗੋਂ ਹਰ ਖੇਤਰ ਵਿੱਚ ਦੇਸ਼ ਦੀ ਅਗਵਾਈ ਕਰ ਰਹੀਆਂ ਹਨ। ਕਬੱਡੀ ਟੀਮ ਦਾ ਇਹ ਪ੍ਰਦਰਸ਼ਨ ਟੀਮ ਵਰਕ, ਅਨੁਸ਼ਾਸਨ ਅਤੇ ਮਜ਼ਬੂਤ ਇੱਛਾ ਸ਼ਕਤੀ ਦਾ ਪ੍ਰਤੀਕ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਹਰਿਆਣਾ ਦੇ ਖਿਡਾਰੀ ਏਸ਼ਿਆਈ ਖੇਡਾਂ ਤੋਂ ਤਗ਼ਮਿਆਂ ਦੀ ਵੱਡੀ ਸੌਗਾਤ ਲੈ ਕੇ ਪਰਤਣਗੇ।

ਗੌਰਵ ਗੌਤਮ ਨੇ ਦੱਸਿਆ ਕਿ ਰਾਜ ਸਰਕਾਰ ਖਿਡਾਰੀਆਂ ਨੂੰ ਆਧੁਨਿਕ ਖੇਡ ਸਹੂਲਤਾਂ ਅਤੇ ਅੰਤਰਰਾਸ਼ਟਰੀ ਪੱਧਰ ਦੀ ਕੋਚਿੰਗ ਪ੍ਰਦਾਨ ਕਰਨ ਲਈ ਵਚਨਬੱਧ ਹੈ। 'ਮਿਸ਼ਨ ਓਲੰਪਿਕ-2036' ਰਾਹੀਂ ਸੂਬੇ ਵਿੱਚ ਖੇਡ ਪ੍ਰਤਿਭਾਵਾਂ ਨੂੰ ਸ਼ੁਰੂਆਤੀ ਪੱਧਰ ਤੋਂ ਨਿਖਾਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ 'ਖੇਡੋ ਇੰਡੀਆ' ਵਰਗੀਆਂ ਸਕੀਮਾਂ ਨਾਲ ਦੇਸ਼ ਵਿੱਚ ਖੇਡਾਂ ਦਾ ਇੱਕ ਮਜ਼ਬੂਤ ਮਾਹੌਲ ਤਿਆਰ ਹੋਇਆ ਹੈ, ਜਿਸ ਦਾ ਸਿੱਧਾ ਅਸਰ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਦੇਖਣ ਨੂੰ ਮਿਲ ਰਿਹਾ ਹੈ।

ਖੇਡ ਮੰਤਰੀ ਨੇ ਕਿਹਾ ਕਿ ਏਸ਼ਿਆਈ ਖੇਡਾਂ ਤੋਂ ਪਰਤਣ 'ਤੇ ਸੂਬੇ ਦੇ ਖਿਡਾਰੀਆਂ ਦਾ ਭਵਿੱਖ ਸਵਾਗਤ ਅਤੇ ਨਾਗਰਿਕ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਨੌਜਵਾਨਾਂ ਨੂੰ ਖੇਡਾਂ ਨੂੰ ਸ਼ਖ਼ਸੀਅਤ ਉਸਾਰੀ ਦਾ ਸਾਧਨ ਬਣਾਉਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਸਰਕਾਰ ਹਰ ਪ੍ਰਤਿਭਾਸ਼ਾਲੀ ਖਿਡਾਰੀ ਨੂੰ ਅੱਗੇ ਵਧਣ ਦੇ ਬਰਾਬਰ ਮੌਕੇ ਪ੍ਰਦਾਨ ਕਰਦੀ ਰਹੇਗੀ।